


ਰੋਜ਼ਾਨਾ

# ਸ਼ਹੀਦ-ਏ-ਆਜ਼ਮ

SHAHEED-E-AZAM, DAILY PUNJABI NEWSPAPER, PATIALA ਰੋਜ਼ਾਨਾ ਪੰਜਾਬੀ ਅਖ਼ਬਾਰ, ਪਟਿਆਲਾ




PRGI (RNI) Regd. No. 42354 | Website : www.shaheedeazamnews.com | e-mail:seanewspatiala@gmail.com | Tel.: 0175-5124275, 9814632807 | Facebook: ShaheedeAzamnews | Youtube: @ShaheedeAzamnews

Year: 43 Issue : 54 Chief Editor : Chowdhary Prabhjit Singh, Editor : Chhatarpal Singh 98146-32807, Sunday 9 August 2026 Price : 2 Rs. Page : 6

## ਨਾ ਕੈਸ਼, ਨਾ ਫਰਮਾਇਸ਼: ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ 866 ਨੌਜਵਾਨਾਂ ਨੂੰ ਸੌਂਪੇ ਸਰਕਾਰੀ ਨੌਕਰੀਆਂ ਦੇ ਨਿਯੁਕਤੀ ਪੱਤਰ

ਮੋਹਾਲੀ, 8 ਅਗਸਤ
-ਜੀ. ਐਸ. ਤੁੰਗ-

ਆਮ ਆਦਮੀ ਪਾਰਟੀ (ਆਪ) ਦੀ ਸਰਕਾਰ, ਪੰਜਾਬ ਦੇ ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਪ੍ਰਦਾਨ ਕਰਨ ਦੇ ਆਪਣੇ ਮਿਸ਼ਨ ਨੂੰ ਲਗਾਤਾਰ ਅੱਗੇ ਵਧਾ ਰਹੀ ਹੈ, ਜਿਸ ਤਹਿਤ ਅੱਜ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਮੋਹਾਲੀ ਵਿੱਚ 866 ਹੋਰ ਨੌਜਵਾਨਾਂ ਨੂੰ ਨਿਯੁਕਤੀ ਪੱਤਰ ਸੌਂਪੇ, ਜਿਸ ਨਾਲ ਸਿਰਫ ਸਾਢੇ ਚਾਰ ਸਾਲਾਂ ਵਿੱਚ ਦਿੱਤੀਆਂ ਗਈਆਂ ਸਰਕਾਰੀ ਨੌਕਰੀਆਂ ਦੀ ਕੁੱਲ ਗਿਣਤੀ 69,094 ਹੋ ਗਈ ਹੈ। ਮੁੱਖ ਮੰਤਰੀ ਨੇ ਕਿਹਾ ਕਿ ਪਾਰਦਰਸ਼ੀ ਭਰਤੀ ਪ੍ਰਕਿਰਿਆਵਾਂ ਨੇ ਪੁਰਾਣੀਆਂ ਰਵਾਇਤਾਂ, ਜਦੋਂ ਸਰਕਾਰੀ ਨੌਕਰੀ ਲੈਣ ਲਈ ਪੈਸੇ ਅਤੇ ਸਿਫ਼ਾਰਸ਼ ਨੂੰ ਅਸਲ ਯੋਗਤਾ ਮੰਨਿਆ ਜਾਂਦਾ ਸੀ, ਨੂੰ ਪੂਰੀ ਤਰ੍ਹਾਂ ਬਦਲ ਕੇ ਰੱਖ ਦਿੱਤਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਸਿਸਟਮ ਵਿੱਚ ਨੌਜਵਾਨਾਂ ਦਾ ਵਧ ਰਿਹਾ ਭਰੋਸਾ ਅਤੇ ਵਿਦੇਸ਼ਾਂ ਵੱਲ ਪਰਵਾਸ ਦਾ ਘਟਦਾ ਰੁਝਾਨ ਇਸ ਗੱਲ ਦਾ ਪ੍ਰਤੱਖ ਪ੍ਰਮਾਣ ਹੈ ਕਿ ਨੌਜਵਾਨਾਂ ਨੂੰ ਸੂਬੇ ਵਿੱਚ ਪੂਰੀ ਪਾਰਦਰਸ਼ਤਾ, ਨਿਰਪੱਖਤਾ ਅਤੇ ਮੈਰਿਟ ਅਧਾਰਤ ਭਰਤੀ ਪ੍ਰਕਿਰਿਆਵਾਂ ਰਾਹੀਂ 'ਤੇ ਨੌਕਰੀਆਂ ਮਿਲ ਰਹੀਆਂ ਹਨ। ਸਿੱਖਿਆਂ ਵਿੱਚ ਪੰਜਾਬ ਦੀ ਪ੍ਰਗਤੀ ਨੂੰ ਉਜਾਗਰ ਕਰਦਿਆਂ ਉਨ੍ਹਾਂ ਕਿਹਾ ਕਿ ਸੂਬੇ ਨੇ ਕੇਰਲਾ ਨੂੰ ਪਛਾੜ ਕੇ ਦੇਸ਼ ਵਿੱਚ ਪਹਿਲਾ ਸਥਾਨ ਹਾਸਲ ਕੀਤਾ ਹੈ ਅਤੇ ਸਰਕਾਰੀ ਸਕੂਲਾਂ ਦੇ 882 ਵਿਦਿਆਰਥੀਆਂ ਨੇ ਨੀਟ (ਰਾਸ਼ਟਰੀ ਯੋਗਤਾ-ਕਮ-ਦਾਖਲਾ ਪ੍ਰੀਖਿਆ) ਪਾਸ ਕਰ ਕੇ ਇਸ ਤਬਦੀਲੀ 'ਤੇ ਮੋਹਰ ਲਾਈ ਹੈ।

ਆਪਣੇ ਐਕਸ ਹੈਂਡਲ 'ਤੇ ਸਮਾਗਮ ਦੀਆਂ ਕੁਝ ਝਲਕੀਆਂ ਸਾਂਝੀਆਂ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਲਿਖਿਆ:ਅੱਜ ਮੋਹਾਲੀ ਵਿੱਚ 866 ਨੌਜਵਾਨਾਂ ਨੂੰ ਨਿਯੁਕਤੀ ਪੱਤਰ ਸੌਂਪੇ। ਸਾਡੀ ਸਰਕਾਰ ਨੇ ਹੁਣ ਤੱਕ ਪੂਰੀ ਪਾਰਦਰਸ਼ਤਾ ਨਾਲ 69,094 ਸਰਕਾਰੀ ਨੌਕਰੀਆਂ ਦਿੱਤੀਆਂ ਹਨ। ਨੌਜਵਾਨਾਂ ਦਾ ਸਿਸਟਮ ਵਿੱਚ ਵਿਸ਼ਵਾਸ ਵਧਣ ਦੇ ਨਾਲ ਵਿਦੇਸ਼ਾਂ ਵੱਲ ਪਰਵਾਸ ਦਾ ਰੁਝਾਨ ਘਟਿਆ ਹੈ।÷



ਉਨ੍ਹਾਂ ਨੇ ਪੋਸਟ ਦੇ ਅੰਤ ਵਿੱਚ ਲਿਖਿਆਸਿੱਖਿਆ ਖੇਤਰ ਵਿੱਚ ਅੱਜ ਪੰਜਾਬ ਨੇ ਕੇਰਲਾ ਨੂੰ ਪਛਾੜ ਕੇ ਦੇਸ਼ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ ਹੈ। ਨੀਟ ਪ੍ਰੀਖਿਆ ਵਿੱਚ ਸਰਕਾਰੀ ਸਕੂਲਾਂ ਦੇ 882 ਵਿਦਿਆਰਥੀਆਂ ਦੀ ਸਫ਼ਲਤਾ ਇਸ ਗੱਲ ਦਾ ਪ੍ਰਤੱਖ ਪ੍ਰਮਾਣ ਹੈ। ਸਾਡੇ ਨੌਜਵਾਨਾਂ 'ਚ ਅਥਾਹ ਸਮਰੱਥਾ ਹੈ; ਅਸੀਂ ਤਾਂ ਸਿਰਫ਼ ਉਨ੍ਹਾਂ ਨੂੰ ਸਹੀ ਦਿਸ਼ਾ ਪ੍ਰਦਾਨ ਕਰ ਰਹੇ ਹਾਂ। ਮੁੱਖ ਮੰਤਰੀ ਨੇ ਲਿਖਿਆ ਕਿ ਅਸੀਂ ਤੁਹਾਨੂੰ ਖੁੱਲ੍ਹਾ ਆਸਮਾਨ ਪ੍ਰਦਾਨ ਕਰਾਂਗੇ, ਜਿੱਥੇ ਆਪਣੇ ਖੰਭਾਂ ਨਾਲ ਉਡਾਰੀ ਤੁਸੀਂ ਭਰਨੀ ਹੈ। ਸਾਰਿਆਂ ਨੂੰ ਵਧਾਈਆਂ।÷

ਨਿਯੁਕਤੀ ਪੱਤਰ ਵੰਡਣ ਤੋਂ ਬਾਅਦ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਇਨ੍ਹਾਂ 866 ਨਿਯੁਕਤੀਆਂ ਵਿੱਚ ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਦੇ 636 ਉਮੀਦਵਾਰ ਸ਼ਾਮਲ ਹਨ, ਜਿਨ੍ਹਾਂ ਵਿੱਚ 614 ਸਟਾਫ਼ ਨਰਸਾਂ ਅਤੇ ਹੋਰ ਸਟਾਫ਼ ਸ਼ਾਮਲ ਹੈ, ਜਿਸ ਵਿੱਚ 03 ਫਾਰਮਾਸਿਸਟ, 13 ਮਲਟੀਪਰਪਜ਼ ਹੈਲਥ ਵਰਕਰ (ਪੁਰਸ਼), 2 ਵਾਰਡ ਅਟੈਂਡੈਂਟ, 1 ਦਰਜ-ਚਾਰ ਕਰਮਚਾਰੀ ਅਤੇ 3 ਸਵੀਪਰ ਸ਼ਾਮਲ ਹਨ। ਇਸ ਤੋਂ ਇਲਾਵਾ ਸ਼ੂਗਰਫੈੱਡ ਵਿੱਚ 101, ਜੂਨੀਅਰ ਆਡੀਟਰ ਵਜੋਂ ਵਿੱਤ ਵਿਭਾਗ 'ਚ 57 ਉਮੀਦਵਾਰ, ਰੱਖਿਆ ਸੇਵਾਵਾਂ ਭਲਾਈ ਵਿਭਾਗ ਵਿੱਚ 51, ਸਹਿਕਾਰਤਾ ਵਿਭਾਗ ਵਿੱਚ 11 ਅਤੇ ਗ੍ਰਹਿ ਵਿਭਾਗ ਵਿੱਚ ਲਾਅ ਅਫਸਰ ਵਜੋਂ 10 ਉਮੀਦਵਾਰ ਨਿਯੁਕਤ ਕੀਤੇ ਗਏ ਹਨ।

ਭਰਤੀ ਪ੍ਰਕਿਰਿਆ ਬਾਰੇ ਬੋਲਦਿਆਂ ਮੁੱਖ ਮੰਤਰੀ ਨੇ ਕਿਹਾ, ਮਿਹਨਤ ਅਤੇ ਲਗਨ ਹੀ ਚੋਣ ਦਾ ਇੱਕੋ-ਇੱਕ ਮਾਪਦੰਡ ਰਿਹਾ ਹੈ। ਉਹ ਦਿਨ ਗਏ ਜਦੋਂ ਨੌਕਰੀਆਂ ਰਿਸ਼ਵਤ ਜਾਂ ਸਿਫ਼ਾਰਸ਼ਾਂ ਦੇ ਆਧਾਰ 'ਤੇ ਦਿੱਤੀਆਂ ਜਾਂਦੀਆਂ ਸਨ। ਸਾਡੀ ਸਰਕਾਰ ਯੋਗ ਉਮੀਦਵਾਰਾਂ ਨੂੰ ਨੌਕਰੀਆਂ ਦਿੰਦੀ ਹੈ। ਸਾਰੀਆਂ ਨਿਯੁਕਤੀਆਂ ਨਿਰੋਲ ਯੋਗਤਾ, ਪਾਰਦਰਸ਼ਤਾ ਅਤੇ ਸਿਫ਼ਾਰਸ਼ ਜਾਂ ਬਿਨਾਂ ਕਿਸੇ ਸਿਆਸੀ ਦਖ਼ਲ ਤੋਂ ਕੀਤੀਆਂ ਗਈਆਂ ਹਨ।

ਪਿਛਲੀਆਂ ਸਰਕਾਰਾਂ ਵੇਲੇ ਪੰਜਾਬ ਦੇ ਹਾਲਾਤਾਂ ਦਾ ਜ਼ਿਕਰ ਕਰਦਿਆਂ ਉਨ੍ਹਾਂ ਕਿਹਾ, ਪਿਛਲੀਆਂ ਸਰਕਾਰਾਂ ਨੇ ਲੋਕਾਂ ਦੇ ਹਿੱਤਾਂ ਨੂੰ ਪੂਰੀ ਤਰ੍ਹਾਂ ਨਜ਼ਰਅੰਦਾਜ਼ ਕੀਤਾ ਅਤੇ ਸਿਰਫ਼ ਆਪਣੇ ਹਿੱਤਾਂ ਬਾਰੇ ਹੀ ਸੋਚਿਆ, ਇਸ ਲਈ ਅਜਿਹੇ ਆਗੂਆਂ ਤੋਂ ਆਮ ਲੋਕ ਕੀ ਉਮੀਦ ਲਾ ਸਕਦੇ ਸਨ ? ਇਨ੍ਹਾਂ ਆਗੂਆਂ ਨੇ ਆਪਣੇ ਸਕੇ-ਸਬੰਧੀਆਂ ਤੇ ਨਜ਼ਦੀਕੀਆਂ ਨੂੰ ਨੌਕਰੀਆਂ ਦੇਣ ਲਈ ਭ੍ਰਿਸ਼ਟਾਚਾਰ ਅਤੇ ਪੱਖਪਾਤ ਕਰਨ 'ਚ ਕੋਈ ਕਸਰ ਨਹੀਂ ਛੱਡੀ।

ਪਾਰਦਰਸ਼ੀ ਭਰਤੀ ਦੇ ਸਾਰਥਕ ਪ੍ਰਭਾਵ ਬਾਰੇ ਗੱਲ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ,ਪਿਛਲੀਆਂ ਸਰਕਾਰਾਂ ਦੀਆਂ ਮਾੜੀਆਂ ਨੀਤੀਆਂ ਕਰਕੇ ਪੰਜਾਬ ਦੇ ਹੋਣਹਾਰ ਨੌਜਵਾਨਾਂ ਨੂੰ ਵਿਦੇਸ਼ ਜਾਣ ਲਈ ਮਜ਼ਬੂਰ ਹੋਣਾ ਪਿਆ, ਜਿਸ ਨਾਲ ਰਾਜ ਦੇ ਸਮਾਜਿਕ-ਆਰਥਿਕ ਵਿਕਾਸ ਨੂੰ ਖਤਰਾ ਪੈਦਾ ਹੋ ਗਿਆ। ਪਰ, ਅਸੀਂ 2022 ਵਿੱਚ ਸੱਤਾ ਸੰਭਾਲਣ ਤੋਂ ਬਾਅਦ ਇਸ ਰੁਝਾਨ ਨੂੰ ਪੁੱਠਾ ਗੇੜ ਪਾਉਣਾ ਸ਼ੁਰੂ ਕਰ ਦਿੱਤਾ, ਜਿਸ ਦੇ ਚਲਦਿਆਂ ਸਾਡੀ ਸਰਕਾਰ ਪੰਜਾਬ ਦੇ ਹਰ ਪਿੰਡ ਤੇ ਸ਼ਹਿਰ ਦੇ ਨੌਜਵਾਨਾਂ ਲਈ ਰੋਜ਼ਗਾਰ ਦੇ ਮੌਕੇ ਪੈਦਾ ਕਰਨ ਵਿੱਚ ਸਫ਼ਲ ਰਹੀ ਹੈ।÷

ਨੌਜਵਾਨਾਂ ਦੇ ਸਸ਼ਕਤੀਕਰਨ ਵਿੱਚ ਸਿੱਖਿਆ ਦੀ ਭੂਮਿਕਾ ਨੂੰ ਉਜਾਗਰ ਕਰਦਿਆਂ ਉਨ੍ਹਾਂ ਕਿਹਾ,ਸਾਡੀ ਸਰਕਾਰ ਵੱਲੋਂ ਸਰਕਾਰੀ ਸਕੂਲਾਂ ਦੀ ਨੁਹਾਰ ਬਦਲਣ ਵੱਲ ਵਿਸ਼ੇਸ਼ ਧਿਆਨ ਦਿੱਤਾ ਗਿਆ ਹੈ ਅਤੇ ਅਸੀਂ ਮਿਸ਼ਨਰੀ ਜੋਸ਼ ਨਾਲ ਕੰਮ ਕਰ ਰਹੇ ਹਾਂ। ਅਸੀਂ ਸਰਕਾਰੀ ਸਕੂਲਾਂ ਦੇ ਅਧਿਆਪਕਾਂ ਨੂੰ ਆਈ.ਆਈ.ਐਮ. ਅਹਿਮਦਾਬਾਦ ਤੋਂ ਇਲਾਵਾ ਸਿੰਗਾਪੁਰ ਅਤੇ ਫਿਨਲੈਂਡ ਵਰਗੇ ਦੇਸ਼ਾਂ ਵਿੱਚ ਪੜ੍ਹਾਉਣ ਦੇ ਉੱਨਤ ਢੰਗ-ਤਰੀਕਿਆਂ ਦੀ ਸਿਖਲਾਈ ਲਈ ਭੇਜਿਆ, ਤਾਂ ਜੋ ਸਾਡੇ ਵਿਦਿਆਰਥੀਆਂ ਨੂੰ ਇਸਦਾ ਫਾਇਦਾ ਮਿਲ ਸਕੇ।÷

ਬੁਨਿਆਦੀ ਢਾਂਚੇ ਦੇ ਨਵੀਨੀਕਰਨ ਬਾਰੇ ਗੱਲ ਕਰਦਿਆਂ ਮੁੱਖ ਮੰਤਰੀ ਮਾਨ ਨੇ ਕਿਹਾ, ਸਰਕਾਰੀ ਸਕੂਲਾਂ ਵਿੱਚ ਨਵੇਂ ਫਰਨੀਚਰ, ਆਈ.ਟੀ.-ਅਧਾਰਤ ਅਧਿਆਪਨ ਮਾਡਿਊਲ, ਪੂਰੀ ਤਰ੍ਹਾਂ ਲੈਸ ਲਾਇਬ੍ਰੇਰੀਆਂ ਅਤੇ ਸੈਨੀਟੇਸ਼ਨ ਸਹੂਲਤਾਂ ਦੇ ਰੂਪ ਵਿੱਚ ਬੁਨਿਆਦੀ ਢਾਂਚੇ ਨੂੰ ਅੱਪਗ੍ਰੇਡ ਕੀਤਾ ਗਿਆ ਹੈ। ਇਸ ਤੋਂ ਇਲਾਵਾ ਸਕੂਲਾਂ ਦੀਆਂ ਵਿਕਾਸ ਸਬੰਧੀ ਲੋੜਾਂ ਦਾ ਧਿਆਨ ਰੱਖਣ ਲਈ ਕੈਂਪਸ ਮੈਨੇਜਰ ਵੀ ਨਿਯੁਕਤ ਕੀਤੇ ਗਏ ਹਨ।

ਇਨ੍ਹਾਂ ਯਤਨਾਂ ਦੇ ਨਤੀਜਿਆਂ ਬਾਰੇ ਦੱਸਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਸੂਬਾ ਸਰਕਾਰ ਦੇ ਸੁਹਿਰਦ ਤੇ ਠੋਸ ਯਤਨਾਂ ਨੂੰ ਬੂਰ ਪਿਆ ਹੈ। ਸਾਲ 2026 ਦੀ ਨੀਟ ਪ੍ਰੀਖਿਆ ਵਿੱਚ 882 ਵਿਦਿਆਰਥੀਆਂ ਨੇ ਪ੍ਰੀਖਿਆ ਪਾਸ ਕੀਤੀ, ਜਦੋਂ ਕਿ 2021 ਵਿੱਚ ਸਿਰਫ਼ 80 ਵਿਦਿਆਰਥੀ ਹੀ ਅਜਿਹਾ ਕਰਨ ਵਿੱਚ ਸਫ਼ਲ ਰਹੇ ਸਨ।

ਸਕੂਲੀ ਸਿੱਖਿਆ ਵਿੱਚ ਪੰਜਾਬ ਦੇ ਪ੍ਰਦਰਸ਼ਨ ਬਾਰੇ ਬੋਲਦਿਆਂ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਸੂਬਾ ਸਰਕਾਰ ਦੇ ਸਖ਼ਤ ਯਤਨਾਂ ਸਦਕਾ ਪੰਜਾਬ ਨੇ ਕੇਰਲਾ ਨੂੰ ਪਛਾੜ ਕੇ ਸਿੱਖਿਆ ਅਤੇ ਸਰਕਾਰੀ ਸਕੂਲਾਂ ਦੇ ਬੁਨਿਆਦੀ ਢਾਂਚੇ ਦੇ ਨਵੀਨੀਕਰਨ ਦੇ ਮਾਮਲੇ ਵਿੱਚ ਸਿਖ਼ਰਲਾ ਸਥਾਨ ਹਾਸਲ ਕੀਤਾ ਹੈ। ਰਾਜ ਸਰਕਾਰ ਨੇ ਸਿੱਖਿਆ ਨੂੰ ਤਰਜੀਹ ਦਿੱਤੀ ਹੈ ਅਤੇ ਲੋਕਾਂ ਦੇ ਜੀਵਨ ਦੀ ਨੁਹਾਰ ਬਦਲਣ ਲਈ ਇਸ ਖੇਤਰ ਵਿੱਚ ਨਵੇਕਲੀਆਂ ਪਹਿਲਕਦਮੀਆਂ ਕੀਤੀਆਂ ਹਨ।

ਸਿੱਖਿਆ ਦੀ ਅਹਿਮੀਅਤ 'ਤੇ ਜ਼ੋਰ ਦਿੰਦਿਆਂ ਉਨ੍ਹਾਂ ਕਿਹਾ, "ਕੋਈ ਵੀ ਮੁਫ਼ਤ ਜਾਂ ਰਿਆਇਤੀ ਕਾਰਡ ਸੂਬੇ 'ਚੋਂ ਗਰੀਬੀ ਜਾਂ ਹੋਰ ਸਮਾਜਿਕ ਬੁਰਾਈਆਂ ਨੂੰ ਖਤਮ ਨਹੀਂ ਕਰ ਸਕਦਾ, ਪਰ ਸਿੱਖਿਆ ਉਹ ਕੁੰਜੀ ਹੈ, ਜੋ ਲੋਕਾਂ ਦੇ ਜੀਵਨ ਪੱਧਰ ਨੂੰ ਉੱਚਾ ਚੁੱਕ ਕੇ ਅਸਿਥਰਤਾਂ ਦੀ ਘੁੰਮਣ-ਘੇਰੀ ਵਿੱਚੋਂ ਬਾਹਰ ਕੱਢ ਸਕਦੀ ਹੈ। ਸਿੱਖਿਆ ਉਹ ਚਾਨਣ ਹੈ ਜੋ ਹਨੇਰਾ ਦੂਰ ਕਰਕੇ ਦੁਨੀਆ ਨੂੰ ਰੌਸ਼ਨ ਕਰ ਦਿੰਦਾ ਹੈ।

## ਪੰਜਾਬ ਭਰ ਵਿੱਚ MBBS ਦੀਆਂ ਫੀਸਾਂ 'ਚ ਭਾਰੀ ਵਾਧਾ; ਨਿੱਜੀ ਕਾਲਜਾਂ ਦੀਆਂ ਸੀਟਾਂ 17.4% ਤੱਕ ਮਹਿੰਗੀਆਂ, ਸਰਕਾਰੀ ਕਾਲਜਾਂ ਵਿੱਚ 8.5% ਤੱਕ ਦਾ ਵਾਧਾ

ਚੰਡੀਗੜ੍ਹ, 8 ਅਗਸਤ
-ਸ਼ਹੀਦ-ਏ-ਆਜ਼ਮ-ਬਿਊਰੋ-

ਪੰਜਾਬ ਭਰ ਵਿੱਚ ਡਾਕਟਰ ਬਣਨ ਦੀ ਇੱਛਾ ਰੱਖਣ ਵਾਲੇ ਹਜ਼ਾਰਾਂ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਪਰਿਵਾਰਾਂ ਉੱਤੇ ਬੋਝ ਪਾਉਂਦਿਆਂ, ਮੌਜੂਦਾ ਅਕਾਦਮਿਕ ਸੈਸ਼ਨ ਲਈ ਐੱਮ ਬੀ ਬੀ ਐੱਸ ਕੋਰਸ ਦੀ ਫੀਸ ਵਿੱਚ ਭਾਰੀ ਵਾਧਾ ਕੀਤਾ ਗਿਆ ਹੈ। ਨਿੱਜੀ ਮੈਡੀਕਲ ਕਾਲਜਾਂ ਵਿੱਚ ਕੋਰਸ ਦੀ ਪੂਰੀ ਮਿਆਦ ਲਈ ਫੀਸ ਵਿੱਚ 17.4 ਫ਼ੀਸਦੀ ਤੱਕ ਅਤੇ ਸਰਕਾਰੀ ਮੈਡੀਕਲ ਕਾਲਜਾਂ ਵਿੱਚ ਲਗਪਗ 8.5 ਫ਼ੀਸਦੀ ਦਾ ਵਾਧਾ ਹੋਇਆ ਹੈ। ਇਹ ਨਵਾਂ ਫੀਸ ਢਾਂਚਾ ਸੂਬੇ ਦੀਆਂ ਕੁੱਲ 1,800 ਐੱਮ ਬੀ ਬੀ ਐੱਸ ਸੀਟਾਂ ਉੱਤੇ ਲਾਗੂ ਹੁੰਦਾ ਹੈ, ਜੋ ਸਰਕਾਰੀ ਅਤੇ ਨਿੱਜੀ ਸੈਕਟਰ ਵਿੱਚ ਬਰਾਬਰ ਵੰਡੀਆਂ ਹੋਈਆਂ ਹਨ। ਪੰਜਾਬ ਦੇ ਪੰਜ ਸਰਕਾਰੀ ਮੈਡੀਕਲ ਕਾਲਜਾਂ ਵਿੱਚ ਕੁੱਲ 900 ਸੀਟਾਂ ਹਨ, ਜਦੋਂ ਕਿ ਸੱਤ ਨਿੱਜੀ ਮੈਡੀਕਲ ਸੰਸਥਾਵਾਂ ਵਿੱਚ ਵੀ ਇੰਨੀਆਂ ਹੀ ਭਾਵ 900 ਸੀਟਾਂ ਉਪਲਬਧ ਹਨ। ਫੀਸਾਂ ਦਾ ਸਭ ਤੋਂ ਵੱਧ ਅਸਰ ਨਿੱਜੀ ਮੈਡੀਕਲ ਕਾਲਜਾਂ ਵਿੱਚ ਦਾਖ਼ਲਾ ਲੈਣ ਵਾਲੇ ਵਿਦਿਆਰਥੀਆਂ 'ਤੇ ਪਵੇਗਾ। ਇਨ੍ਹਾਂ ਅਦਾਰਿਆਂ ਵਿੱਚ ਸਰਕਾਰੀ ਕੋਟੇ ਤਹਿਤ ਰਾਖਵੀਆਂ 50 ਫ਼ੀਸਦੀ ਸੀਟਾਂ ਲਈ, ਪੂਰੇ ਕੋਰਸ ਦੀ ਕੁੱਲ ਟਿਊਸ਼ਨ ਫੀਸ 3,74,000 ਰੁਪਏ ਵਧ ਗਈ ਹੈ। ਇਹ ਪਹਿਲਾਂ 21,48,000 ਰੁਪਏ ਸੀ ਅਤੇ ਹੁਣ 25,22,000 ਰੁਪਏ ਹੋ ਗਈ ਹੈ, ਭਾਵ ਕਿ 17.4 ਫ਼ੀਸਦੀ ਦਾ ਵਾਧਾ ਹੋਇਆ ਹੈ।

ਇਸ ਵਿੱਚ, ਸਿਰਫ਼ ਪਹਿਲੇ ਸਾਲ ਦੀ ਫੀਸ 4,06,000 ਰੁਪਏ ਤੋਂ ਵਧ ਕੇ 4,69,000 ਰੁਪਏ ਹੋ ਗਈ ਹੈ, ਜਿਸ ਨਾਲ ਨਵੇਂ ਵਿਦਿਆਰਥੀਆਂ ਉੱਤੇ ਸ਼ੁਰੂਆਤ ਵਿੱਚ ਹੀ 63,000 ਰੁਪਏ ਦਾ ਵਾਧੂ ਬੋਝ ਪੈ ਗਿਆ ਹੈ। ਇਸ ਤੋਂ ਬਾਅਦ ਕੋਰਸ ਦੌਰਾਨ ਫੀਸ ਲਗਾਤਾਰ ਵਧਾਈ ਗਈ ਹੈ, ਜੋ ਦੂਜੇ ਸਾਲ ਵਿੱਚ 5,16,000 ਰੁਪਏ, ਤੀਜੇ ਸਾਲ ਵਿੱਚ 5,68,000 ਰੁਪਏ, ਚੌਥੇ ਸਾਲ ਵਿੱਚ 6,25,000 ਰੁਪਏ ਅਤੇ ਆਖਰੀ ਛੇ ਮਹੀਨੇ ਵਾਲੇ ਪੰਜਵੇਂ ਸਾਲ ਵਿੱਚ 3,44,000 ਰੁਪਏ ਹੋ ਜਾਂਦੀ ਹੈ। ਇਸ ਤੋਂ ਵੀ ਕਿਤੇ ਵੱਧ ਵਾਧਾ ਨਿੱਜੀ ਕਾਲਜਾਂ ਵਿੱਚ 35 ਫ਼ੀਸਦੀ ਮੈਨੇਜਮੈਂਟ ਕੋਟੇ ਦੀਆਂ ਸੀਟਾਂ ਲਈ ਹੋਇਆ ਹੈ, ਜਿੱਥੇ ਪੂਰੇ ਕੋਰਸ ਦੀ ਫੀਸ 9,46,000 ਰੁਪਏ ਵਧ ਗਈ ਹੈ , ਭਾਵ ਕਿ ਫੀਸ 55,25,000 ਰੁਪਏ ਤੋਂ ਵਧ ਕੇ 64,71,000 ਰੁਪਏ ਹੋ ਗਈ ਹੈ, ਜੋ ਕਿ 17.1 ਫ਼ੀਸਦੀ ਦਾ ਵਾਧਾ ਹੈ। ਇੱਥੇ ਵੀ ਪਹਿਲੇ ਸਾਲ ਦੀ ਫੀਸ ਵਿੱਚ ਭਾਰੀ ਵਾਧਾ ਹੋਇਆ ਹੈ, ਜੋ ਕਿ 10,42,000 ਰੁਪਏ ਤੋਂ ਵਧ ਕੇ 12,06,000 ਰੁਪਏ ਹੋ ਗਈ ਹੈ, ਇਹ ਇੱਕੋ ਸਾਲ ਵਿੱਚ 1.64 ਲੱਖ ਦਾ ਵਾਧਾ ਹੈ। ਬਾਅਦ ਦੇ ਸਾਲਾਂ ਲਈ ਫੀਸ ਦੂਜੇ ਸਾਲ ਵਾਸਤੇ 13,26,000 ਰੁਪਏ, ਤੀਜੇ ਸਾਲ ਲਈ 14,59,000 ਰੁਪਏ, ਚੌਥੇ ਸਾਲ ਲਈ 16,00,000 ਰੁਪਏ ਅਤੇ ਆਖ਼ਰੀ ਛੇ ਮਹੀਨਿਆਂ ਦੇ ਸਾਲ ਲਈ 8,80,000 ਰੁਪਏ ਹੋ ਗਈ ਹੈ।







## ਬੱਸ ਪਹਾੜੀ ਤੋਂ ਖਿਸਕ ਕੇ ਹੇਠਾਂ ਡਿੱਗਣ ਕਾਰਨ 7 ਦੀ ਮੌਤ, 11 ਜ਼ਖਮੀ

ਧਰਮਸ਼ਾਲਾ, 8 ਅਗਸਤ
-ਸ਼ਹੀਦ-ਏ-ਆਜ਼ਮ-ਬਿਊਰੋ-

ਚੰਬਾ ਜ਼ਿਲ੍ਹੇ ਦੇ ਚੁਰਾਹ ਉਪਮੰਡਲ ਵਿੱਚ ਅੱਜ ਤੜਕੇ ਬੈਰਾਗੜ੍ਹ-ਚੰਬਾ ਰੂਟ 'ਤੇ ਜਾ ਰਹੀ ਇੱਕ ਨਿੱਜੀ ਬੱਸ ਦੇ ਸੜਕ ਤੋਂ ਖਿਸਕ ਕੇ ਹੇਠਾਂ ਵਾਲੀ ਸੜਕ 'ਤੇ ਡਿੱਗਣ ਕਾਰਨ ਘੱਟੋ-ਘੱਟ 7 ਵਿਅਕਤੀਆਂ ਦੀ ਮੌਤ ਹੋ ਗਈ ਅਤੇ ਕਈ ਹੋਰ ਜ਼ਖ਼ਮੀ ਹੋ ਗਏ। ਬੈਰਾਗੜ੍ਹ ਤੋਂ ਚੰਬਾ ਵੱਲ ਜਾ ਰਹੀ ਬੱਸ ਚਲੁੰਜ ਮੋੜ ਨੇੜੇ ਇਹ ਹਾਦਸਾਗ੍ਰਸਤ ਹੋਈ। ਦੱਸਿਆ ਜਾ ਰਿਹਾ ਹੈ ਕਿ ਵਾਹਨ ਸੜਕ ਤੋਂ ਖਿਸਕ ਕੇ ਹੇਠਾਂ ਵਾਲੀ ਸੜਕ 'ਤੇ ਪਲਟ ਗਿਆ।

ਬੱਸ ਦੇ ਪਲਟ ਜਾਣ ਕਾਰਨ ਕਈ ਯਾਤਰੀ ਮਲਬੇ ਹੇਠਾਂ ਫਸ ਗਏ। ਬਚਾਅ ਟੁਕੜੀਆਂ ਅਤੇ ਸਥਾਨਕ ਨਿਵਾਸੀਆਂ ਨੇ ਮੌਕੇ 'ਤੇ ਪਹੁੰਚ ਕੇ ਮਲਬੇ ਹੇਠਾਂ ਫਸੇ ਲੋਕਾਂ ਨੂੰ ਬਾਹਰ ਕੱਢਣ ਦੀਆਂ ਕੋਸ਼ਿਸ਼ ਕੀਤੀ। ਪਲਟੀ ਹੋਈ ਬੱਸ ਨੂੰ ਚੁੱਕਣ ਅਤੇ ਮਲਬੇ ਹੇਠੋਂ ਯਾਤਰੀਆਂ ਨੂੰ ਬਚਾਉਣ ਲਈ ਜੇਸੀਬੀ (ਬੈਕਹੋ ਲੋਡਰ) ਤਾਇਨਾਤ ਕੀਤੇ ਗਏ ਹਨ। ਬਚਾਅ ਕਾਰਜ ਜਾਰੀ ਹੈ ਅਤੇ ਹੋਰ ਵੇਰਵਿਆਂ ਦੀ ਉਡੀਕ ਕੀਤੀ ਜਾ ਰਹੀ ਹੈ।



ਹੁਣ ਤੱਕ ਮ੍ਰਿਤਕਾਂ ਦੀ ਪਛਾਣ ਅਤੇ ਜ਼ਖ਼ਮੀਆਂ ਦੀ ਸਹੀ ਗਿਣਤੀ ਦਾ ਅਜੇ ਪਤਾ ਨਹੀਂ ਲੱਗ ਸਕਿਆ ਹੈ। ਜ਼ਖ਼ਮੀਆਂ ਨੂੰ ਨੇੜਲੇ ਸਿਹਤ ਕੇਂਦਰਾਂ ਵਿੱਚ ਪਹੁੰਚਾ ਦਿੱਤਾ ਗਿਆ ਹੈ। ਕਈ ਲੋਕਾਂ ਦੀ ਹਾਲਤ ਗੰਭੀਰ ਦੱਸੇ ਜਾਣ ਕਾਰਨ ਮੌਤਾਂ ਦੀ ਗਿਣਤੀ ਵਧ ਸਕਦੀ ਹੈ। ਚੁਰਾਹ ਦੇ ਵਿਧਾਇਕ ਹੰਸ ਰਾਜ ਨੇ ਜਾਨੀ ਨੁਕਸਾਨ 'ਤੇ ਦੁੱਖ ਪ੍ਰਗਟ ਕੀਤਾ ਹੈ। ਇੱਕ ਬਿਆਨ ਵਿੱਚ, ਉਨ੍ਹਾਂ ਨੇ ਚਲੁੰਜ ਨੇੜੇ ਵਾਪਰੇ ਹਾਦਸੇ ਨੂੰ ਬੇਹੱਦ ਦੁਖਦਾਈ ਕਰਾਰ ਦਿੱਤਾ।

ਉਨ੍ਹਾਂ ਨੇ ਪੀੜਤ ਪਰਿਵਾਰਾਂ ਨਾਲ ਹਮਦਰਦੀ ਪ੍ਰਗਟ ਕੀਤੀ ਅਤੇ ਜ਼ਖ਼ਮੀਆਂ ਦੇ ਜਲਦੀ ਸਿਹਤਯਾਬ ਹੋਣ ਦੀ ਕਾਮਨਾ ਕੀਤੀ।

ਇਸ ਹਾਦਸੇ ਨੇ ਚੁਰਾਹ ਦੀਆਂ ਪਹਾੜੀ ਸੜਕਾਂ 'ਤੇ ਸਫ਼ਰ ਕਰਨ ਦੇ ਖ਼ਤਰਿਆਂ ਨੂੰ ਇੱਕ ਵਾਰ ਫਿਰ ਉਜਾਗਰ ਕਰ ਦਿੱਤਾ ਹੈ, ਜਿੱਥੇ ਖੜ੍ਹੀਆਂ ਢਲਾਣਾਂ, ਤੰਗ ਰਸਤੇ ਅਤੇ ਤਿੱਖੇ ਮੋੜ ਮੋਟਰ ਵਾਹਨ ਚਾਲਕਾਂ ਅਤੇ ਜਨਤਕ ਆਵਾਜਾਈ ਆਪਰੇਟਰਾਂ ਲਈ ਲਗਾਤਾਰ ਚੁਣੌਤੀ ਬਣੇ ਰਹਿੰਦੇ ਹਨ।

## 30 ਅਗਸਤ ਤੋਂ 13 ਸਤੰਬਰ ਤੱਕ ਹੋਣ ਵਾਲੀ ਸ਼ੇਰ-ਏ-ਪੰਜਾਬ ਟਵੰਟੀ-20 ਲੀਗ ਵਿੱਚ ਖੇਡਣਗੇ ਚੋਟੀ ਦੇ ਖਿਡਾਰੀ: ਮੁੱਖ ਮੰਤਰੀ



ਚੰਡੀਗੜ੍ਹ 8 ਅਗਸਤ
-ਛਤਰਪਾਲ ਸਿੰਘ-

ਪੰਜਾਬ ਨੂੰ ਆਈ.ਪੀ.ਐਲ. ਦੀ ਤਰਜ਼ 'ਤੇ ਟਵੰਟੀ-20 ਲੀਗ ਮਿਲਣ ਜਾ ਰਹੀ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ 'ਸ਼ੇਰ-ਏ-ਪੰਜਾਬ ਟਵੰਟੀ-20 ਲੀਗ' ਦੀ ਸ਼ੁਰੂਆਤ ਦਾ ਐਲਾਨ ਕੀਤਾ, ਜਿਸ ਵਿੱਚ ਛੇ ਫ਼ੈਂਚਾਇਜ਼ੀ ਟੀਮਾਂ ਸ਼ਾਮਲ ਹਨ। ਇਨ੍ਹਾਂ ਟੀਮਾਂ ਵਿੱਚ ਸ਼ੁਭਮਨ ਗਿੱਲ, ਅਰਸ਼ਦੀਪ ਸਿੰਘ, ਅਭਿਸ਼ੇਕ ਸ਼ਰਮਾ, ਪ੍ਰਭਸਿਮਰਨ ਸਿੰਘ, ਰਮਨਦੀਪ ਸਿੰਘ ਅਤੇ ਗੁਰਨੂਰ ਬਰਾੜ ਸਮੇਤ ਪੰਜਾਬ ਦੇ ਸਟਾਰ ਕ੍ਰਿਕਟਰ ਖੇਡਣਗੇ। ਇਹ ਲੀਗ 30 ਅਗਸਤ ਤੋਂ 13 ਸਤੰਬਰ ਤੱਕ ਮੋਹਾਲੀ ਦੇ ਪੰਜਾਬ ਕ੍ਰਿਕਟ ਐਸੋਸੀਏਸ਼ਨ (ਪੀ.ਸੀ.ਏ.) ਸਟੇਡੀਅਮ ਵਿੱਚ ਖੇਡੀ ਜਾਵੇਗੀ। 9 ਅਗਸਤ ਨੂੰ ਹੋਣ ਵਾਲੀ ਨਿਲਾਮੀ ਵਿੱਚ ਪੰਜਾਬ ਦੇ 450 ਤੋਂ ਵੱਧ ਖਿਡਾਰੀ ਹਿੱਸਾ ਲੈਣਗੇ, ਜਿਸ ਨਾਲ ਉੱਭਰਦੀ ਪ੍ਰਤਿਭਾ ਨੂੰ ਸਥਾਪਤ ਖਿਡਾਰੀਆਂ ਨਾਲ ਖੇਡਣ ਦਾ ਇੱਕ ਵੱਡਾ ਮੌਕਾ ਤੇ ਮੰਚ ਮਿਲੇਗਾ।

ਅੱਜ ਦੇ ਇਸ ਮੌਕੇ ਭਾਰਤੀ ਕ੍ਰਿਕਟਰ ਅਭਿਸ਼ੇਕ ਸ਼ਰਮਾ, ਅਰਸ਼ਦੀਪ ਸਿੰਘ, ਪ੍ਰਭਸਿਮਰਨ ਸਿੰਘ ਅਤੇ ਰਮਨਦੀਪ ਸਿੰਘ ਮੌਜੂਦ ਸਨ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਨੇ ਹਮੇਸ਼ਾ ਦੇਸ਼ ਨੂੰ ਪ੍ਰਤਿਭਾਸ਼ਾਲੀ ਖਿਡਾਰੀ ਦਿੱਤੇ ਹਨ ਅਤੇ ਸਰਕਾਰ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਅਤੇ ਖੇਡ ਖੇਤਰ ਵਿੱਚ ਸੂਬੇ ਨੂੰ ਹੋਰ ਮਜ਼ਬੂਤ ਕਰਨ ਲਈ ਨਿਰੰਤਰ ਕੰਮ ਕਰ ਰਹੀ ਹੈ। ਉਨ੍ਹਾਂ ਨੇ ਖੇਡਾਂ ਨੂੰ ਨਸ਼ਿਆਂ ਵਿਰੁੱਧ ਵਿੱਢੀ ਮੁਹਿੰਮ ਵਿੱਚ ਸਭ ਤੋਂ ਪ੍ਰਭਾਵਸ਼ਾਲੀ ਹਥਿਆਰ ਦੱਸਿਆ।

ਖਿਡਾਰੀਆਂ ਨਾਲ ਕੁਝ ਝਲਕੀਆਂ ਸਾਂਝੀਆਂ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ: ਸ਼ੇਰ-ਏ-ਪੰਜਾਬ ਟਵੰਟੀ-20 ਲੀਗ ਦੇ ਖਿਡਾਰੀਆਂ ਨੂੰ ਮਿਲ ਕੇ ਬਹੁਤ ਖੁਸ਼ੀ ਹੋਈ। ਪੰਜਾਬ ਦੀ ਧਰਤੀ ਨੇ ਹਮੇਸ਼ਾ ਦੇਸ਼ ਨੂੰ ਨਾਮਵਰ ਖਿਡਾਰੀ ਦਿੱਤੇ ਹਨ। ਸਾਡੀ ਸਰਕਾਰ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਅਤੇ ਖੇਡਾਂ ਦੇ ਖੇਤਰ ਵਿੱਚ ਪੰਜਾਬ ਨੂੰ ਹੋਰ ਅੱਗੇ ਲਿਜਾਣ ਲਈ ਲਗਾਤਾਰ ਯਤਨਸ਼ੀਲ ਹੈ। ਇਸ ਟਵੰਟੀ-20 ਕੱਪ ਵਿੱਚ ਛੇ ਟੀਮਾਂ ਹਿੱਸਾ ਲੈ ਰਹੀਆਂ ਹਨ। ਸਾਰੇ ਮੈਚ 30 ਅਗਸਤ ਤੋਂ 13 ਸਤੰਬਰ ਤੱਕ ਪੀ.ਸੀ.ਏ. ਸਟੇਡੀਅਮ, ਮੋਹਾਲੀ ਵਿਖੇ ਖੇਡੇ ਜਾਣਗੇ। ਹੱਸਦਾ-ਖੇਡਦਾ ਪੰਜਾਬ, ਰੰਗਲਾ ਪੰਜਾਬ।

ਇਸ ਲੀਗ ਨੂੰ ਪੰਜਾਬ ਦਾ ਆਪਣਾ ਆਈ.ਪੀ.ਐਲ. ਕਰਾਰ ਦਿੰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਅੱਜ ਇੱਥੇ ਪੰਜਾਬ ਕ੍ਰਿਕਟ ਐਸੋਸੀਏਸ਼ਨ ਦੇ ਨੁਮਾਇੰਦਿਆਂ ਅਤੇ ਰਾਸ਼ਟਰੀ ਪੱਧਰ ਦੇ ਖਿਡਾਰੀਆਂ ਨਾਲ ਹੋਈ ਮੀਟਿੰਗ ਦੌਰਾਨ ਤੈਅ ਹੋਇਆ ਕਿ ਇਸ ਲੀਗ ਵਿੱਚ ਛੇ ਫ਼ੈਂਚਾਇਜ਼ੀ ਟੀਮਾਂ ਹੋਣਗੀਆਂ। ਭਾਰਤੀ ਕ੍ਰਿਕਟ ਟੀਮ ਦੇ ਕਪਤਾਨ ਸ਼ੁਭਮਨ ਗਿੱਲ 'ਫ਼ਾਜ਼ਿਲਕਾ ਫ਼ਾਲਕਨਜ਼' ਦੀ ਨੁਮਾਇੰਦਗੀ ਕਰਨਗੇ, ਅਰਸ਼ਦੀਪ ਸਿੰਘ 'ਲੁਧਿਆਣਾ ਲਾਇਨਜ਼' ਲਈ, ਅਭਿਸ਼ੇਕ ਸ਼ਰਮਾ 'ਅੰਮ੍ਰਿਤਸਰ ਸੂਰਮਾਜ਼' ਲਈ, ਪ੍ਰਭਸਿਮਰਨ ਸਿੰਘ 'ਜਲੰਧਰ ਵਾਰੀਅਰਜ਼' ਲਈ, ਰਮਨਦੀਪ ਸਿੰਘ 'ਮੋਹਾਲੀ ਕਿੰਗਜ਼' ਲਈ ਅਤੇ ਗੁਰਨੂਰ ਬਰਾੜ 'ਬਠਿੰਡਾ ਰਾਇਲਜ਼' ਲਈ ਖੇਡਣਗੇ। ਦੇਸ਼ ਦਾ ਨਾਂ ਰੌਸ਼ਨ ਕਰਨ ਵਾਲੇ ਇਹ ਖਿਡਾਰੀ ਟੂਰਨਾਮੈਂਟ ਦੀ ਸ਼ਾਨ ਵਧਾਉਣਗੇ। ਇਹ ਲੀਗ 30 ਅਗਸਤ ਤੋਂ 13 ਸਤੰਬਰ ਤੱਕ ਕਰਵਾਈ ਜਾਵੇਗੀ, ਜਿਸ ਦੇ ਸਾਰੇ ਮੈਚ ਮੋਹਾਲੀ ਦੇ ਪੀ.ਸੀ.ਏ. ਕ੍ਰਿਕਟ ਸਟੇਡੀਅਮ ਵਿੱਚ ਹੋਣਗੇ।

ਮੁੱਖ ਮੰਤਰੀ ਨੇ ਕਿਹਾ, ਪੰਜਾਬ ਇਸ ਵੇਲੇ ਭਾਰਤੀ ਕ੍ਰਿਕਟ ਟੀਮ ਦੀ ਰੀੜ੍ਹ ਦੀ ਹੱਡੀ ਹੈ, ਜਿਸ ਦੇ 21 ਖਿਡਾਰੀ ਆਈ.ਪੀ.ਐਲ. ਵਿੱਚ ਖੇਡ ਰਹੇ ਹਨ। ਇਹ ਸਾਰੇ ਖਿਡਾਰੀ ਹੁਣ ਪੰਜਾਬ ਦੀ ਆਪਣੀ ਲੀਗ ਦੀ ਖਿੱਚ ਦਾ ਕੇਂਦਰ ਹੋਣਗੇ। ਪੰਜਾਬ ਕ੍ਰਿਕਟ ਲੀਗ ਵਿੱਚ ਹਿੱਸਾ ਲੈਣ ਵਾਲੇ ਸਾਰੇ ਖਿਡਾਰੀ ਪੰਜਾਬ ਦੇ ਹੀ ਹੋਣਗੇ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਦੱਸਿਆ, ਇਸ ਮਕਸਦ ਲਈ ਪੰਜਾਬ ਦੇ 450 ਤੋਂ ਵੱਧ ਖਿਡਾਰੀਆਂ ਦਾ ਇੱਕ ਪੂਲ ਤਿਆਰ ਕੀਤਾ ਗਿਆ ਹੈ, ਜੋ 9 ਅਗਸਤ ਨੂੰ ਹੋਣ ਵਾਲੀ ਨਿਲਾਮੀ ਵਿੱਚ ਹਿੱਸਾ ਲੈਣਗੇ। ਇਹਨਾਂ ਖਿਡਾਰੀਆਂ ਵਿੱਚ ਅਨਮੋਲਪ੍ਰੀਤ ਸਿੰਘ, ਮਯੰਕ ਮਾਰਕੰਡੇ, ਨਮਨ ਧੀਰ, ਵਿਹਾਨ ਮਲਹੋਤਰਾ, ਇਮਾਨਜੋਤ ਸਿੰਘ ਚਾਹਲ, ਅਸ਼ਵਨੀ ਕੁਮਾਰ ਅਤੇ ਕ੍ਰਿਸ਼ ਭਗਤ ਵਰਗੇ ਪ੍ਰਮੁੱਖ ਨਾਂ ਸ਼ਾਮਲ ਹਨ। ਇਹ ਲੀਗ ਰਾਊਂਡ-ਰੋਬਿਨ ਆਧਾਰ 'ਤੇ ਖੇਡੀ ਜਾਵੇਗੀ, ਜਿਸ ਵਿੱਚ ਹਰੇਕ ਟੀਮ ਅੱਠ ਲੀਗ ਮੈਚ ਖੇਡੇਗੀ।

ਉਨ੍ਹਾਂ ਕਿਹਾ, ਇਹ ਲੀਗ ਪੰਜਾਬ ਦੇ ਨੌਜਵਾਨ ਖਿਡਾਰੀਆਂ ਨੂੰ ਇੱਕ ਵੱਡੇ ਮੰਚ 'ਤੇ ਖੇਡਣ ਦਾ ਅਹਿਮ ਤਜਰਬਾ ਪ੍ਰਦਾਨ ਕਰੇਗੀ ਅਤੇ ਉਨ੍ਹਾਂ ਨੂੰ ਸਥਾਪਤ ਖਿਡਾਰੀਆਂ ਨਾਲ ਡਰੈਸਿੰਗ ਰੂਮ ਸਾਂਝਾ ਕਰਨ ਦਾ ਮੌਕਾ ਦੇਵੇਗੀ।

## ਪ੍ਰਸ਼ਾਸਕ ਨੇ ਮਾਤਾਵਾਂ ਨੂੰ ਨਸ਼ੇ ਦੇ ਖ਼ਿਲਾਫ਼ ਲੜਾਈ ਦੀ ਅਗਵਾਈ ਕਰਨ ਦਾ ਸੱਦਾ ਦਿੱਤਾ; ਕਿਹਾ- ਮਾਂ ਅਤੇ ਬੱਚੇ ਦਾ ਰਿਸ਼ਤਾ ਨਸ਼ੇ ਦੇ ਖ਼ਿਲਾਫ਼ ਸਭ ਤੋਂ ਮਜ਼ਬੂਤ ਸੁਰੱਖਿਆ ਕਵਚ

ਚੰਡੀਗੜ੍ਹ, 8 ਅਗਸਤ
-ਸੰਜੀਵ ਸਿੰਗਲਾ-
-ਸ਼ਹੀਦ-ਏ-ਆਜ਼ਮ-ਬਿਊਰੋ-

ਪੰਜਾਬ ਦੇ ਰਾਜਪਾਲ ਅਤੇ ਯੂ.ਟੀ. ਚੰਡੀਗੜ੍ਹ ਦੇ ਪ੍ਰਸ਼ਾਸਕ ਸ਼੍ਰੀ ਗੁਲਾਬ ਚੰਦ ਕਟਾਰੀਆ ਨੇ ਅੱਜ ਸੈਕਟਰ 18, ਚੰਡੀਗੜ੍ਹ ਸਥਿਤ ਪੀਐੱਮ ਸ਼੍ਰੀ ਗਵਰਨਮੈਂਟ ਗਰਲਸ ਮਾਡਲ ਸੀਨੀਅਰ ਸੈਕੰਡਰੀ ਸਕੂਲ ਵਿੱਚ ਪੰਜਾਬ ਲਿਟ ਫਾਊਂਡੇਸ਼ਨ ਅਤੇ ਸਿੱਖਿਆ ਵਿਭਾਗ, ਚੰਡੀਗੜ੍ਹ ਪ੍ਰਸ਼ਾਸਨ ਦੁਆਰਾ ਆਯੋਜਿਤ 'ਮਦਰਸ ਅਗੇਂਸਟ ਡਰੱਗਸ' ਵਰਕਸ਼ਾਪ ਵਿੱਚ ਹਿੱਸਾ ਲਿਆ। ਇਸ ਅਵਸਰ 'ਤੇ ਉਨ੍ਹਾਂ ਨੇ ਮਾਤਾਵਾਂ ਨੂੰ ਨਸ਼ੇ ਖ਼ਿਲਾਫ਼ ਲੜਾਈ ਦੀ ਅਗਵਾਈ ਕਰਨ ਦਾ ਸੱਦਾ ਦਿੰਦੇ ਹੋਏ ਕਿਹਾ ਕਿ ਮਾਂ ਅਤੇ ਬੱਚੇ ਦੇ ਦਰਮਿਆਨ ਦਿ ਮਜ਼ਬੂਤ ਭਾਵਨਾਤਮਕ ਰਿਸ਼ਤਾ ਬੱਚਿਆਂ ਨੂੰ ਸਮਾਜਿਕ ਬੁਰਾਈਆਂ ਅਤੇ ਨਸ਼ੇ ਦੀ ਲਤ ਤੋਂ ਬਚਾਉਣ ਦਾ ਸਭ ਤੋਂ ਪ੍ਰਭਾਵੀ ਮਾਧਿਅਮ ਹੈ। ਉਨ੍ਹਾਂ ਨੇ ਵਿੱਦਿਅਕ ਸੰਸਥਾਵਾਂ, ਮਾਪਿਆਂ, ਧਾਰਮਿਕ ਸੰਗਠਨਾਂ ਅਤੇ ਪੂਰੇ ਸਮਾਜ ਨੂੰ ਵੀ ਨੌਜਵਾਨਾਂ ਨੂੰ ਨਸ਼ੇ ਦੀ ਬੁਰਾਈ ਤੋਂ ਬਚਾਉਣ ਲਈ ਮਿਲ ਕੇ ਕਾਰਜ ਕਰਨ ਦਾ ਸੱਦਾ ਦਿੱਤਾ। ਵਰਕਸ਼ਾਪ ਵਿੱਚ ਸਿੱਖਿਆ ਸਕੱਤਰ ਸੁਸ਼੍ਰੀ ਪ੍ਰੇਰਣਾ ਪੁਰੀ, ਡਾਇਰੈਕਟਰ ਸਕੂਲ ਸਿੱਖਿਆ ਸ਼੍ਰੀ ਨਿਤੀਸ਼ ਸਿੰਗਲਾ, ਮਾਤਾਵਾਂ, ਅਧਿਆਪਕ, ਵਿਦਿਆਰਥੀ ਅਤੇ ਚੰਡੀਗੜ੍ਹ ਪ੍ਰਸ਼ਾਸਨ ਦੇ ਹੋਰ ਅਧਿਕਾਰੀ ਵੀ ਉਪਸਥਿਤ ਸਨ।



ਪੰਜਾਬ ਲਿਟ ਫਾਊਂਡੇਸ਼ਨ ਦੇ ਸਹਿ-ਸੰਸਥਾਪਕ ਸ਼੍ਰੀ ਖੁਸ਼ਵੰਤ ਸਿੰਘ ਦੇ ਪ੍ਰਯਾਸਾਂ ਦੀ ਸ਼ਲਾਘਾ ਕਰਦੇ ਹੋਏ ਪ੍ਰਸ਼ਾਸਕ ਨੇ ਕਿਹਾ ਕਿ ਇਸ ਅਭਿਯਾਨ ਦਾ ਕੇਂਦਰ ਮਾਤਾਵਾਂ ਨੂੰ ਬਣਾਉਣਾ ਇੱਕਮਾਸਟਰਸਟ੍ਰੋਕ÷ ਹੈ, ਕਿਉਂਕਿ ਮਾਂ ਅਤੇ ਬੱਚੇ ਤੋਂ ਵਧ ਕੇ ਕੋਈ ਰਿਸ਼ਤਾ ਨਹੀਂ ਹੁੰਦਾ। ਉਨ੍ਹਾਂ ਨੇ ਪੰਜਾਬ ਦੇ ਸੀਮਾਵਰਤੀ ਖੇਤਰਾਂ ਦੇ ਆਪਣੇ ਦੌਰਿਆਂ ਦੇ ਦੌਰਾਨ ਮਾਤਾਵਾਂ ਨਾਲ ਹੋਈਆਂ ਮੁਲਾਕਾਤਾਂ ਨੂੰ ਯਾਦ ਕਰਦੇ ਹੋਏ ਕਿਹਾ ਕਿ ਆਪਣੇ ਬੱਚਿਆਂ ਦੇ ਭਵਿੱਖ ਨੂੰ ਲੈ ਕੇ ਉਨ੍ਹਾਂ ਦੀ ਚਿੰਤਾ ਅਤੇ ਉਨ੍ਹਾਂ ਨਾਲ ਉਨ੍ਹਾਂ ਦਾ ਭਾਵਨਾਤਮਕ ਜੁੜਾਅ ਉਨ੍ਹਾਂ ਨੂੰ ਇਸ ਅਭਿਯਾਨ ਨਾਲ ਸਰਗਰਮ ਤੌਰ 'ਤੇ ਜੁੜਨ ਲਈ ਪ੍ਰੇਰਿਤ ਕਰਦਾ ਹੈ, ਤਾਕਿ ਬੱਚਿਆਂ ਨੂੰ ਸਮਾਂ ਰਹਿੰਦੇ ਨਸ਼ੇ ਦੀ ਗ੍ਰਿਫ਼ਤ ਵਿੱਚ ਜਾਣ ਤੋਂ ਬਚਾਇਆ ਜਾ ਸਕੇ।

ਸ਼੍ਰੀ ਕਟਾਰੀਆ ਨੇ ਕਿਹਾ ਕਿ ਪੰਜਾਬ ਗੁਰੂ ਨਾਨਕ ਦੇਵ ਜੀ, ਗੁਰੂ ਗੋਬਿੰਦ ਸਿੰਘ ਜੀ, ਮਦਨ ਲਾਲ ਢੀਂਗਰਾ, ਸ਼ਹੀਦ ਊਧਮ ਸਿੰਘ ਅਤੇ ਸ਼ਹੀਦ ਭਗਤ ਸਿੰਘ ਜਿਹੀਆਂ ਮਹਾਨ ਸ਼ਖ਼ਸੀਅਤਾਂ ਦੀ ਬੀਰਤਾ, ਤਿਆਗ ਅਤੇ ਦੇਸ਼ਭਗਤੀ ਦੀ ਗੌਰਵਸ਼ਾਲੀ ਧਰਤੀ ਹੈ। ਉਨ੍ਹਾਂ ਨੇ ਕਿਹਾ ਕਿ ਜਿਸ ਭੂਮੀ ਨੇ ਦੇਸ਼ ਨੂੰ ਇਤਨੇ ਬੀਰ ਸਪੁੱਤਰ ਦਿੱਤੇ ਹਨ, ਉਸ ਦੇ ਯੁਵਾ ਨਸ਼ੇ ਦੀ ਚਪੇਟ ਵਿੱਚ ਨਹੀਂ ਆਉਣੇ ਚਾਹੀਦੇ। ਉਨ੍ਹਾਂ ਨੇ ਕਿਹਾ ਕਿ ਯੁਵਾ ਦੇਸ਼ ਦੀ ਸਭ ਤੋਂ ਬੜੀ ਤਾਕਤ ਹਨ ਅਤੇ ਨਸ਼ਾ ਇਸ ਅਮੁੱਲ ਸ਼ਕਤੀ ਨੂੰ ਕਮਜ਼ੋਰ ਕਰ ਰਿਹਾ ਹੈ।ਇਸ ਲਈ ਸਮਾਜ ਨੂੰ ਮਿਲ ਕੇ ਨਵੀਂ ਪੀੜ੍ਹੀ ਦੀ ਰੱਖਿਆ ਕਰਨੀ ਹੋਵੇਗੀ।

ਸੀਮਾਪਾਰ ਤੋਂ ਹੋ ਰਹੀ ਨਸ਼ੀਲੇ ਪਦਾਰਥਾਂ ਦੀ ਤਸਕਰੀ 'ਤੇ ਚਿੰਤਾ ਵਿਅਕਤ ਕਰਦੇ ਹੋਏ ਪ੍ਰਸ਼ਾਸਕ ਨੇ ਕਿਹਾ ਕਿ ਦੇਸ਼ ਵਿਰੋਧੀ ਤਾਕਤਾਂ ਵਿਸ਼ੇਸ਼ ਤੌਰ 'ਤੇ ਪੰਜਾਬ ਦੇ ਮਾਧਿਅਮ ਤੋਂ ਨਸ਼ੇ ਦੇ ਜ਼ਰੀਏ ਭਾਰਤ ਦੇ ਨੌਜਵਾਨਾਂ ਨੂੰ ਕਮਜ਼ੋਰ ਕਰਨ ਦਾ ਪ੍ਰਯਾਸ ਕਰ ਰਹੀਆਂ ਹਨ। ਉਨ੍ਹਾਂ ਨੇ ਕਿਹਾ ਕਿ ਇਸ ਚੁਣੌਤੀ ਨਾਲ ਨਜਿੱਠਣ ਮਾਪਿਆਂ, ਅਧਿਆਪਕਾਂ, ਵਿੱਦਿਅਕ ਸੰਸਥਾਵਾਂ, ਧਾਰਮਿਕ ਸੰਗਠਨਾਂ ਅਤੇ ਪੂਰੇ ਸਮਾਜ ਨੂੰ ਆਪਣੀ ਜ਼ਿੰਮੇਦਾਰੀ ਨਿਭਾਉਣੀ ਹੋਵੇਗੀ। ਉਨ੍ਹਾਂ ਨੇ ਅਧਿਆਪਕਾਂ ਨੂੰ ਵੀ ਵਿਦਿਆਰਥੀਆਂ ਨਾਲ ਦੋਸਤਾਨਾ, ਵਿਸ਼ਵਾਸਪੂਰਨ ਸਬੰਧ ਬਣਾਉਣ ਦੀ ਤਾਕੀਦ ਕੀਤੀ ਤਾਕਿ ਉਹ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਸਮਝ ਸਕਣ ਅਤੇ ਸਮੇਂ 'ਤੇ ਉਨ੍ਹਾਂ ਦਾ ਮਾਰਗਦਰਸ਼ਨ ਕਰ ਸਕਣ। ਉਨ੍ਹਾਂ ਨੇ ਕਿਹਾ ਕਿ ਹਰ ਬੱਚੇ ਵਿੱਚ ਅਸੀਮ ਸੰਭਾਵਨਾਵਾਂ ਹੁੰਦੀਆਂ ਹਨ ਅਤੇ ਡਾ. ਏ.ਪੀ.ਜੇ. ਅਬਦੁਲ ਕਲਾਮ ਅਤੇ ਡਾ. ਬੀ.ਆਰ. ਅੰਬੇਡਕਰ ਦਾ ਜੀਵਨ ਇਸ ਗੱਲ ਦੀ ਪ੍ਰੇਰਣਾਦਾਇਕ ਉਦਾਹਰਣ ਹੈ ਕਿ ਦ੍ਰਿੜ੍ਹ ਸੰਕਲਪ ਅਤੇ ਸਿੱਖਿਆ ਦੇ ਬਲ 'ਤੇ ਹਰ ਕਠਿਨਾਈ ਨੂੰ ਪਾਰ ਕੀਤਾ ਜਾ ਸਕਦਾ ਹੈ।

ਸ਼੍ਰੀ ਖੁਸ਼ਵੰਤ ਸਿੰਘ ਨੇ ਦੱਸਿਆ ਕਿ ਸ਼ੁਰੂਆਤ ਵਿੱਚ ਇਹ ਅਭਿਯਾਨ ਅੱਠਵੀਂ ਕਲਾਸ ਅਤੇ ਉਸ ਤੋਂ ਉੱਪਰ ਦੇ ਵਿਦਿਆਰਥੀਆਂ ਦੀਆਂ ਮਾਤਾਵਾਂ 'ਤੇ ਕੇਂਦ੍ਰਿਤ ਸੀ। ਲੇਕਿਨ ਮਾਹਰਾਂ ਨਾਲ ਵਿਸਤ੍ਰਿਤ ਚਰਚਾ ਤੋਂ ਬਾਅਦ ਇਹ ਨਿਰਣਾ ਲਿਆ ਗਿਆ ਕਿ ਅਭਿਯਾਨ ਦਾ ਮੁੱਖ ਫੋਕਸ ਤੀਜੀ ਕਲਾਸ ਤੋਂ ਪੜ੍ਹਨ ਵਾਲੇ ਬੱਚਿਆਂ ਦੀਆਂ ਮਾਤਾਵਾਂ 'ਤੇ ਕੀਤਾ ਜਾਵੇ। ਉਨ੍ਹਾਂ ਨੇ ਦੱਸਿਆ ਕਿ ਮਾਹਰਾਂ ਦਾ ਮੰਨਣਾ ਹੈ ਕਿ ਬੱਚੇ ਦੇ ਸ਼ੁਰੂਆਤੀ ਵਰ੍ਹਿਆਂ ਵਿੱਚ ਮਾਂ ਅਤੇ ਬੱਚੇ ਦਾ ਰਿਸ਼ਤਾ ਸਭ ਤੋਂ ਮਜ਼ਬੂਤ ਹੁੰਦਾ ਹੈ। ਇਹੀ ਉਹ ਸਮਾਂ ਹੈ ਜਦੋਂ ਬੱਚੇ ਵਿੱਚ ਅੱਛੇ ਸੰਸਕਾਰ, ਆਤਮਵਿਸ਼ਵਾਸ ਅਤੇ ਨਸ਼ੇ ਜਿਹੀਆਂ ਸਮਾਜਿਕ ਬੁਰਾਈਆਂ ਤੋਂ ਬਚਣ ਦੀ ਸਮਰੱਥਾ ਵਿਕਸਿਤ ਕੀਤੀ ਜਾ ਸਕਦੀ ਹੈ। ਇਸੇ ਸੋਚ ਦੇ ਤਹਿਤ ਇਸ ਵਰਕਸ਼ਾਪ ਦਾ ਆਯੋਜਨ ਛੋਟੇ ਬੱਚਿਆਂ ਦੀਆਂ ਮਾਤਾਵਾਂ ਨੂੰ ਜਾਗਰੂਕ ਕਰਨ ਦੇ ਉਦੇਸ਼ ਨਾਲ ਕੀਤਾ ਗਿਆ, ਤਾਕਿ ਬੱਚਿਆਂ ਦੇ ਨਕਾਰਾਤਮਕ ਪ੍ਰਭਾਵਾਂ ਦੀ ਚਪੇਟ ਵਿੱਚ ਆਉਣ ਤੋਂ ਪਹਿਲਾਂ ਹੀ ਉਨ੍ਹਾਂ ਨੂੰ ਸਹੀ ਮਾਰਗਦਰਸ਼ਨ ਮਿਲ ਸਕੇ। ਉਨ੍ਹਾਂ ਨੇ ਕਿਹਾ ਕਿ ਹਾਲਾਂਕਿ ਹੁਣ ਅਭਿਯਾਨ ਦਾ ਮੁੱਖ ਫੋਕਸ ਛੋਟੇ ਬੱਚਿਆਂ ਦੀਆਂ ਮਾਤਾਵਾਂ ਹਨ, ਲੇਕਿਨ ਬੜੇ ਬੱਚਿਆਂ ਦੀਆਂ ਮਾਤਾਵਾਂ ਨੂੰ ਵੀ ਅਭਿਯਾਨ ਨਾਲ ਜੋੜਿਆ ਜਾ ਰਿਹਾ ਹੈ।

ਵਰਕਸ਼ਾਪ ਦੇ ਦੌਰਾਨ, ਪੰਜਾਬ ਲਿਟ ਫਾਊਂਡੇਸ਼ਨ ਨਾਲ ਜੁੜੇ ਸ਼੍ਰੀ ਗੌਰਵ ਗਿੱਲ ਨੇ ਇੰਟਰਐਕਟਿਵ ਸੈਸ਼ਨ ਵਿੱਚ ਮਾਤਾਵਾਂ (ਖਾਸ ਕਰਕੇ ਮਾਪਿਆਂ) ਨੂੰ ਆਪਣੇ ਬੱਚਿਆਂ ਨਾਲ ਮਜ਼ਬੂਤ ਭਾਵਨਾਤਮਕ ਸਬੰਧ ਬਣਾਉਣ ਦੇ ਵਿਵਹਾਰਿਕ ਸੁਝਾਅ ਦਿੱਤੇ। ਉਨ੍ਹਾਂ ਨੇ ਕਿਹਾ ਕਿ ਵਿਸ਼ਵਾਸ, ਖੁੱਲ੍ਹਾ ਸੰਵਾਦ ਅਤੇ ਬੱਚਿਆਂ ਨਾਲ ਗੁਣਵੱਤਾਪੂਰਨ ਸਮਾਂ ਬਿਤਾਉਣਾ ਉਨ੍ਹਾਂ ਨੂੰ ਨਸ਼ੇ ਸਹਿਤ ਹੋਰ ਸਮਾਜਿਕ ਬੁਰਾਈਆਂ ਤੋਂ ਬਚਾਉਣ ਦਾ ਸਭ ਤੋਂ ਪ੍ਰਭਾਵੀ ਤਰੀਕਾ ਹੈ। ਉਨ੍ਹਾਂ ਨੇ ਮਾਪਿਆਂ ਨੂੰ ਬਿਨਾ ਕਿਸੇ ਪੂਰਵ ਨਿਰਣੇ ਦੇ ਬੱਚਿਆਂ ਦੀ ਸੁਣਨ, ਉਨ੍ਹਾਂ ਦੀਆਂ ਭਾਵਨਾਵਾਂ ਅਤੇ ਸਮੱਸਿਆਵਾਂ ਨੂੰ ਸਮਝਣ ਅਤੇ ਅਜਿਹਾ ਪਰਿਵਾਰਿਕ ਵਾਤਾਵਰਣ ਬਣਾਉਣ ਦੀ ਤਾਕੀਦ ਕੀਤੀ, ਜਿੱਥੇ ਬੱਚੇ ਖੁੱਲ੍ਹ ਕੇ ਆਪਣੀਆਂ ਗੱਲਾਂ ਸਾਂਝੀਆਂ ਕਰ ਸਕਣ। ਉਨ੍ਹਾਂ ਨੇ ਕਿਹਾ ਕਿ ਮਜ਼ਬੂਤ ਪਰਿਵਾਰਕ ਸਬੰਧ ਹਰ ਸਮਾਜਿਕ ਬੁਰਾਈ ਦੇ ਖ਼ਿਲਾਫ਼ ਸਭ ਤੋਂ ਪ੍ਰਭਾਵੀ ਸੁਰੱਖਿਆ ਕਵਚ ਹਨ।

# ਸੰਪਾਦਕੀ

## 20 ਲੱਖ ਨਾਮਾਂ ਦੀ ਕਟੌਤੀ: ਪੰਜਾਬ ਦੀ SIR 'ਤੇ ਉੱਠਦੇ ਸਵਾਲ, ਜਵਾਬਦੇਹੀ ਕਿੱਥੇ?

ਕਰੀਬ 20 ਲੱਖ ਨਾਮਾਂ ਦਾ ਅੰਕੜਾ ਇੱਕ ਚੇਤਾਵਨੀ ਵੀ ਹੈ ਅਤੇ ਮੌਕਾ ਵੀ। ਚੇਤਾਵਨੀ ਇਸ ਗੱਲ ਦੀ ਕਿ ਵੋਟਰ ਸੂਚੀ ਵਿੱਚ ਗਲਤੀਆਂ ਜਾਂ ਬਦਲਾਅ ਨੂੰ ਹਲਕੇ ਵਿੱਚ ਨਹੀਂ ਲਿਆ ਜਾ ਸਕਦਾ; ਅਤੇ ਮੌਕਾ ਇਸ ਗੱਲ ਦਾ ਕਿ ਹੁਣ ਪ੍ਰਸ਼ਾਸਨ ਹਰ ਬਾਹਰ ਰਹਿ ਗਏ ਨਾਮ ਦੀ ਪਾਰਦਰਸ਼ੀ ਢੰਗ ਨਾਲ ਜਾਂਚ ਕਰਕੇ ਸੂਚੀ ਨੂੰ ਹੋਰ ਭਰੋਸੇਯੋਗ ਬਣਾ ਸਕਦਾ ਹੈ।

ਪੰਜਾਬ ਵਿੱਚ ਵੋਟਰ ਸੂਚੀਆਂ ਦੀ Special Intensive Revision (SIR) ਦੇ ਪਹਿਲੇ ਪੜਾਅ ਦੇ ਮੁਕੰਮਲ ਹੋਣ ਤੋਂ ਬਾਅਦ ਕਰੀਬ 20 ਲੱਖ ਨਾਮ ਸੂਚੀ ਵਿੱਚੋਂ ਬਾਹਰ ਰਹਿ ਗਏ ਹਨ। ਅਧਿਕਾਰੀਆਂ ਵੱਲੋਂ ਇਸ ਦੇ ਕਾਰਨਾਂ ਵਿੱਚ ਸਥਾਈ ਤੌਰ 'ਤੇ ਹੋਰ ਥਾਂ ਵੱਸ ਜਾਣਾ, ਘਰ 'ਤੇ ਮੌਜੂਦ ਨਾ ਹੋਣਾ, ਮੌਤ ਅਤੇ ਡੁਪਲੀਕੇਟ ਐਂਟਰੀਆਂ ਵਰਗੇ ਕਾਰਨ ਦੱਸੇ ਜਾ ਰਹੇ ਹਨ। ਅੰਕੜਾ ਆਪਣੇ ਆਪ ਵਿੱਚ ਵੱਡਾ ਹੈ ਅਤੇ ਇਸ ਲਈ ਇਸ ਪੂਰੀ ਕਵਾਇਦ ਨੂੰ ਸਿਰਫ਼ ਇੱਕ ਪ੍ਰਸ਼ਾਸਨਿਕ ਕਾਰਵਾਈ ਮੰਨ ਕੇ ਅੱਗੇ ਵਧਣਾ ਕਾਫ਼ੀ ਨਹੀਂ ਹੋਵੇਗਾ।

SIR ਦਾ ਮੁੱਖ ਮਕਸਦ ਵੋਟਰ ਸੂਚੀਆਂ ਨੂੰ ਸਹੀ, ਪਾਰਦਰਸ਼ੀ ਅਤੇ ਅਪਡੇਟ ਕਰਨਾ ਹੈ। ਜੇ ਕਿਸੇ ਵਿਅਕਤੀ ਦੀ ਮੌਤ ਹੋ ਚੁੱਕੀ ਹੈ ਜਾਂ ਇੱਕ ਹੀ ਵਿਅਕਤੀ ਦਾ ਨਾਮ ਕਈ ਥਾਵਾਂ 'ਤੇ ਦਰਜ ਹੈ ਤਾਂ ਅਜਿਹੀਆਂ ਐਂਟਰੀਆਂ ਨੂੰ ਹਟਾਉਣਾ ਚੋਣ ਪ੍ਰਕਿਰਿਆ ਦੀ ਸ਼ੁੱਧਤਾ ਲਈ ਜ਼ਰੂਰੀ ਹੈ। ਪਰ ਦੂਜੇ ਪਾਸੇ ਇਹ ਵੀ ਯਕੀਨੀ ਬਣਾਉਣਾ ਲਾਜ਼ਮੀ ਹੈ ਕਿ ਜਿਹੜਾ ਨਾਗਰਿਕ ਅਸਲ ਵਿੱਚ ਵੋਟ ਦੇਣ ਦਾ ਹੱਕਦਾਰ ਹੈ, ਉਸਦਾ ਨਾਮ ਸਿਰਫ਼ ਗੈਰ-ਹਾਜ਼ਰੀ, ਦਸਤਾਵੇਜ਼ੀ ਕਮੀ ਜਾਂ ਤਕਨੀਕੀ ਕਾਰਨ ਕਰਕੇ ਨਾ ਛੁੱਟ ਜਾਵੇ।

ਪੰਜਾਬ ਦੇ ਮਾਮਲੇ ਵਿੱਚ ਇਹ ਚਿੰਤਾ ਹੋਰ ਵੀ ਮਹੱਤਵਪੂਰਨ ਹੈ ਕਿਉਂਕਿ ਰੋਜ਼ਗਾਰ, ਪੜ੍ਹਾਈ ਅਤੇ ਕਾਰੋਬਾਰ ਕਾਰਨ ਵੱਡੀ ਗਿਣਤੀ ਵਿੱਚ ਲੋਕ ਅਸਥਾਈ ਤੌਰ 'ਤੇ ਆਪਣੇ ਪਿੰਡਾਂ ਅਤੇ ਸ਼ਹਿਰਾਂ ਤੋਂ ਬਾਹਰ ਰਹਿੰਦੇ ਹਨ। ਕਿਸੇ ਘਰ ਵਿੱਚ ਵੋਟਰ ਦਾ ਸਰਵੇਖਣ ਸਮੇਂ ਮੌਜੂਦ ਨਾ ਹੋਣਾ ਆਪਣੇ ਆਪ ਵਿੱਚ ਇਹ ਸਾਬਤ ਨਹੀਂ ਕਰਦਾ ਕਿ ਉਹ ਵਿਅਕਤੀ ਸਥਾਈ ਤੌਰ 'ਤੇ ਉੱਥੋਂ ਚਲਾ ਗਿਆ ਹੈ। ਅਸਥਾਈ ਪਰਵਾਸ ਅਤੇ ਸਥਾਈ ਤਬਦੀਲੀ ਵਿਚਕਾਰ ਸਪਸ਼ਟ ਫ਼ਰਕ ਕਰਨਾ SIR ਦੀ ਭਰੋਸੇਯੋਗਤਾ ਲਈ ਬਹੁਤ ਜ਼ਰੂਰੀ ਹੈ।

ਇਸੇ ਤਰ੍ਹਾਂ, ਜਿਨ੍ਹਾਂ ਨਾਮਾਂ ਨੂੰ ਮ੍ਰਿਤਕ ਜਾਂ ਡੁਪਲੀਕੇਟ ਦੱਸ ਕੇ ਹਟਾਇਆ ਜਾ ਰਿਹਾ ਹੈ, ਉਨ੍ਹਾਂ ਦੀ ਮਜ਼ਬੂਤ ਤਸਦੀਕ ਅਤੇ ਆਡਿਟ ਟ੍ਰੇਲ ਹੋਣੀ ਚਾਹੀਦੀ ਹੈ। ਕਿਸੇ ਵੀ ਯੋਗ ਵੋਟਰ ਨੂੰ ਸੂਚੀ ਤੋਂ ਹਟਾਉਣ ਤੋਂ ਪਹਿਲਾਂ ਉਸਨੂੰ ਜਾਣਕਾਰੀ ਦੇਣ, ਆਪਣਾ ਪੱਖ ਰੱਖਣ ਅਤੇ ਲੋੜੀਂਦੇ ਦਸਤਾਵੇਜ਼ ਪੇਸ਼ ਕਰਨ ਦਾ ਪ੍ਰਭਾਵਸ਼ਾਲੀ ਮੌਕਾ ਮਿਲਣਾ ਚਾਹੀਦਾ ਹੈ।

ਇੱਥੇ ਸਿਆਸੀ ਪਾਰਟੀਆਂ ਅਤੇ ਸਿਵਲ ਸੁਸਾਇਟੀ ਦੀ ਭੂਮਿਕਾ ਵੀ ਮਹੱਤਵਪੂਰਨ ਬਣ ਜਾਂਦੀ ਹੈ। SIR ਨੂੰ ਸਿਆਸੀ ਲਾਭ-ਨੁਕਸਾਨ ਦੀ ਨਜ਼ਰ ਨਾਲ ਨਹੀਂ, ਸਗੋਂ ਵੋਟਰ ਦੇ ਹੱਕ ਦੀ ਨਜ਼ਰ ਨਾਲ ਦੇਖਿਆ ਜਾਣਾ ਚਾਹੀਦਾ ਹੈ। ਸਰਕਾਰ, ਚੋਣ ਅਧਿਕਾਰੀ ਅਤੇ ਸਾਰੀਆਂ ਪਾਰਟੀਆਂ ਮਿਲ ਕੇ ਲੋਕਾਂ ਨੂੰ ਸਪਸ਼ਟ ਜਾਣਕਾਰੀ ਦੇਣ ਕਿ ਨਾਮ ਕਿਉਂ ਬਾਹਰ ਹੋਇਆ, ਉਸਦੀ ਮੁੜ ਜਾਂਚ ਕਿਵੇਂ ਹੋ ਸਕਦੀ ਹੈ ਅਤੇ ਦਾਅਵਾ-ਇਤਰਾਜ਼ ਦੀ ਪ੍ਰਕਿਰਿਆ ਕੀ ਹੈ।

ਅਖੀਰ ਵਿੱਚ ਸਵਾਲ ਸਿਰਫ਼ ਇਹ ਨਹੀਂ ਕਿ ਕਿੰਨੇ ਨਾਮ ਹਟਾਏ ਗਏ, ਸਵਾਲ ਇਹ ਹੈ ਕਿ ਕਿੰਨੇ ਯੋਗ ਨਾਗਰਿਕਾਂ ਦਾ ਵੋਟ ਦਾ ਹੱਕ ਸੁਰੱਖਿਅਤ ਰਹੇਗਾ। ਲੋਕਤੰਤਰ ਦੀ ਤਾਕਤ ਸਿਰਫ਼ ਸਾਫ਼ ਵੋਟਰ ਸੂਚੀ ਵਿੱਚ ਨਹੀਂ, ਸਗੋਂ ਉਸ ਸੂਚੀ 'ਤੇ ਲੋਕਾਂ ਦੇ ਭਰੋਸੇ ਵਿੱਚ ਹੈ। ਪੰਜਾਬ ਦੀ SIR ਕਵਾਇਦ ਦੀ ਸਫਲਤਾ ਦਾ ਅਸਲ ਪੈਮਾਨਾ ਵੀ ਇਹੀ ਹੋਣਾ ਚਾਹੀਦਾ ਹੈ।

**-ਛੱਤਰਪਾਲ ਸਿੰਘ**




Shaheed-e-Azam Printed, published and owned by Harjinder Chaudhary printed at Raftaar Printing Press, Factory Area, Patiala and published at Office Shaheed-e-Azam, Dukhniwaran Chowk Patiala.
Editor : Chhatarpal Singh
PRGI (RNI) Regd. No. 42354

ਨੋਟ : ਸੰਪਾਦਕ ਸਿਰਫ਼ ਪੀ ਆਰ ਬੀ ਐਕਟ ਅਧੀਨ ਖ਼ਬਰਾਂ ਲਈ ਜ਼ਿੰਮੇਵਾਰ ਕਿਸੇ ਵੀ ਕਿਸਮ ਦੇ ਝਗੜਿਆਂ ਦਾ ਨਿਪਟਾਰਾ ਸਿਰਫ਼ ਪਟਿਆਲਾ ਅਦਾਲਤ 'ਚ ਹੀ ਹੋਵੇਗਾ।

Shaheed-e-Azam, Daily Punjabi Newspaper, Patiala
Editor-in-Chief : Prabhjit Singh
Editor : Chhatarpal Singh
Contact : 93165-23260, 98146-32807
Email : seanewspatiala@gmail.com
www.shaheedeazamnews.com
For Advertisement : 93165-23260, 98146-32807

# ਸਾਹਿਤ ਦੇ ਵਿਗਿਆਨਕ ਸਰੋਕਾਰਾਂ ਦੀ ਤਸਦੀਕ: ਗਣਿਤਕ ਵਾਰਤਕ ਬੋਧ-15 ਬੁਝਾਰਤਾਂ


(ਡਾ. ਸੁਖਵਿੰਦਰ ਸਿੰਘ ਪਰਮਾਰ)

ਨਿੱਤ ਅਖ਼ਬਾਰਾਂ ਦੀਆਂ ਸੁਰਖੀਆਂ ਦੀ ਸ਼ਿੰਗਾਰ ਬਣਦੀ 'ਸੁਖਵਿੰਦਰ ਕੌਰ ਸਿੱਧੂ' ਪੰਜਾਬੀ ਸਾਹਿਤ ਜਗਤ ਵਿੱਚ ਜਾਣ-ਪਛਾਣ ਦੀ ਮੁਥਾਜ ਨਹੀਂ। ਸੁਖਵਿੰਦਰ ਕੌਰ ਸਿੱਧੂ ਨੇ ਅੱਧੀ ਦਰਜਨ ਤੋਂ ਵੱਧ ਮੌਲਿਕ ਪੁਸਤਕਾਂ ਦੀ ਸਿਰਜਣਾ ਕਰਦੇ ਹੋਏ ਜਿੱਥੇ ਪੰਜਾਬੀ ਸਾਹਿਤ ਵਿੱਚ ਵਿਸ਼ਾਗਤ ਵੰਨ-ਸੁਵੰਨਤਾ ਲਿਆਂਦੀ ਹੈ ਉਥੇ ਰੂਪਕ ਪੱਖੋਂ ਬਹੁ-ਵਿਧਾਵੀ ਰਚਨਾਕਾਰੀ ਕਰਕੇ ਵੱਡਾ ਨਾਮਣਾ ਖੱਟਿਆ ਹੈ। 'ਜਾਗਦੀਆਂ ਅੱਖਾਂ ਦੇ ਸੁਪਨੇ, ਗਣਿਤ ਪਟਾਰੀ, ਕਲਮ ਦੀ ਪੁਕਾਰ, ਆਪਣੇ ਰਸਤੇ ਆਪ ਚੁਣੋ, ਗਣਿਤਕ ਬੁਝਾਰਤਾਂ, ਗਣਿਤਕ ਬੋਲੀਆਂ ਆਦਿ ਉਸਦੀਆਂ ਮੌਲਿਕ ਪੁਸਤਕਾਂ ਹਨ। ਸਾਂਝੇ ਕਾਵਿ ਸੰਗ੍ਰਿਹਾਂ-ਸੂਰਜ ਦਾ ਕਾਫ਼ਲਾ, ਕਲਮ ਸ਼ਕਤੀ, ਵਾਰਸ ਵਿਰਸੇ ਦੇ, ਏਕੇ ਦੇ ਚਿਰਾਗ ਆਦਿ ਵਿੱਚ ਉਸਨੇ ਚੰਗੀ ਹਾਜ਼ਰੀ ਲਵਾਈ ਹੈ। ਵੱਖ ਵੱਖ ਅਖ਼ਬਾਰਾਂ, ਮੈਗਜੀਨਾਂ ਵਿੱਚ ਸਿੱਧੂ ਦੀਆਂ 100 ਤੋਂ ਵੱਧ ਰਚਨਾਵਾਂ-ਕਵਿਤਾਵਾਂ, ਲੇਖਾਂ, ਬਾਲ-ਕਹਾਣੀਆਂ, ਵਿਅੰਗ, ਕਹਾਣੀਆਂ, ਮਿੰਨੀ ਕਹਾਣੀਆਂ ਆਦਿ ਦੇ ਰੂਪ ਵਿੱਚ ਲਗਾਤਾਰ ਛਪ ਰਹੀਆਂ ਹਨ। ਸਾਹਿਤ ਸਭਾਵਾਂ, ਸਾਹਿਤ ਸੰਮੇਲਨਾਂ, ਸਾਹਿਤ ਸੰਸਥਾਵਾਂ, ਟੀ.ਵੀ.ਕੇਂਦਰਾਂ, ਰੇਡੀਓ ਕੇਂਦਰਾਂ ਆਦਿ 'ਤੇ ਕੀਤੀ ਸ਼ਿਰਕਤ ਨੇ ਸੁਖਵਿੰਦਰ ਕੌਰ ਸਿੱਧੂ ਦੇ ਮਧਰੇ ਕੱਦ ਨੂੰ ਹੋਰ ਲੰਮਾ-ਸਲੰਮਾ ਕੀਤਾ ਹੈ। ਅਨੇਕਾਂ ਅਦਾਰਿਆਂ ਤੋਂ ਸਨਮਾਨ ਪ੍ਰਾਪਤ ਅਤੇ ਵੱਖ-ਵੱਖ ਸਰਕਾਰ ਸਹਿਯੋਗੀ ਰੁਤਬਿਆਂ ਤੇ ਕਾਰਜਗਤ ਸਿੱਧੂ ਦੇ ਸਾਹਿਤਕ ਸਰੋਕਾਰ ਨਿੱਤ ਨੇਮੀ ਹਨ। ਪੰਜਾਬੀ ਸਾਹਿਤ ਸੰਸਾਰ ਅੰਦਰ ਸਿੱਧੂ ਦੀ ਵੱਡੀ ਪ੍ਰਾਪਤੀ ਇਹ ਹੈ ਕਿ ਉਸਨੇ ਗਣਿਤ ਵਰਗੇ ਵਿਸ਼ੇ ਨੂੰ ਨੀਰਸਤਾ ਵਿੱਚੋਂ ਕੱਢਕੇ ਰੌਚਿਕਤਾ ਨਾਲ ਜੋੜਿਆ ਹੈ। ਅਧਿਆਪਨ ਕਾਰਜ ਦੌਰਾਨ ਵਿਅਕਤੀਗਤ ਰੂਪ ਵਿੱਚ ਹਾਸਲ ਹੋਏ ਤਜ਼ਰਬੇ ਨੂੰ ਸਿੱਧੂ ਨੇ ਬਾਲ ਮਨਾਂ ਤੇ ਪਾਠਕਾਂ ਨਾਲ ਸਾਂਝਾ ਕਰਦਿਆਂ ਸਾਹਿਤ ਦੇ ਵਿਗਿਆਨਕ ਸਰੋਕਾਰਾਂ ਨੂੰ ਹਾਸ਼ੀਏ ਤੋਂ ਕੇਂਦਰ ਵਿੱਚ ਲਿਆਉਣ ਦੀ ਪੂਰਨ ਕੋਸ਼ਿਸ਼ ਕੀਤੀ ਹੈ।

'ਗਣਿਤਕ ਬੁਝਾਰਤਾਂ' ਗਣਿਤ ਪਟਾਰੀ' ਅਤੇ 'ਗਣਿਤਕ ਬੋਲੀਆਂ' ਸੁਖਵਿੰਦਰ ਕੌਰ ਸਿੱਧੂ ਦੀਆਂ ਬਾਲ ਮਨਾਂ ਨੂੰ ਕੇਂਦਰ ਵਿੱਚ ਰੱਖਕੇ ਗਣਿਤ ਵਿਸ਼ੇ ਨੂੰ ਸੌਖ ਤੇ ਸੋਹਜ ਪ੍ਰਦਾਨ ਕਰਦੀਆਂ ਪੁਸਤਕਾਂ ਹਨ। ਸਿੱਧੂ ਨੇ ਲੋਕ ਸਾਹਿਤ ਦੇ ਬੌਧਿਕ-ਕਾਵਿ ਰੂਪ ਬੁਝਾਰਤਾਂ ਨੂੰ ਰੂਪਕ ਪੱਖੋਂ ਅਪਣਾਉਂਦਿਆਂ ਮੁੱਖ ਰੂਪ ਵਿੱਚ 'ਗਣਿਤਕ ਬੁਝਾਰਤਾਂ' ਪੁਸਤਕ ਅਤੇ ਗੌਣ ਰੂਪ ਵਿੱਚ 'ਗਣਿਤ ਪਟਾਰੀ' ਪੁਸਤਕ ਵਿੱਚ ਵਿਸ਼ੇ-ਵਸਤੂ ਵਜੋਂ ਪ੍ਰਗਟਾਉਂਦਿਆਂ ਬਾਲ ਮਨਾਂ ਨਾਲ ਪੂਰਨ ਨਿਆਂ ਕੀਤਾ ਹੈ।

ਬੁਝਾਰਤਾਂ ਦਾ ਇਤਿਹਾਸ ਮਨੁੱਖੀ, ਇਤਿਹਾਸ ਜਿੰਨਾ ਹੀ ਪੁਰਾਤਨ ਹੈ। ਇਹ ਸਾਰੇ ਸੰਸਾਰ ਦੀਆਂ ਬੋਲੀਆਂ ਅਤੇ ਭਾਸ਼ਾਵਾਂ ਵਿੱਚ ਉਪਲੱਬਧ ਹਨ। ਬੁਝਾਰਤਾਂ ਨੂੰ ਅੰਗਰੇਜ਼ੀ ਵਿੱਚ ਰਿਡਲ, ਫਰਾਂਸਿਸੀ ਵਿੱਚ ਡੈਵੰਟੀ, ਲਾਤੀਨੀ ਵਿੱਚ ਐਨੀਗਮਾ, ਜਰਮਨ ਵਿੱਚ ਰਤੀਜ਼ਲ, ਚੀਨੀ ਵਿੱਚ ਮੀ ਯੂ, ਉਰਦੂ ਤੇ ਹਿੰਦੀ ਵਿੱਚ ਪਹੇਲੀ, ਸਿੰਧੀ ਵਿੱਚ ਗਝਾਰਤ, ਪਸ਼ਤੋਂ ਵਿੱਚ ਅੜ, ਬੰਗਾਲੀ ਵਿੱਚ ਧਾਂਦਾ, ਸੰਸਕ੍ਰਿਤ ਵਿੱਚ ਪ੍ਰਹੇਲਕਾ, ਫ਼ਾਰਸੀ ਵਿੱਚ ਚੀਸਤਾ, ਅਰਬੀ ਵਿੱਚ ਲਗਜ਼ ਅਤੇ ਪੰਜਾਬੀ ਵਿੱਚ ਬੁਝਾਰਤ ਅਤੇ ਬਾਤ ਆਖਦੇ ਹਨ। ਮਦਾਵਣੀ, ਬੁਝੌਵਲ, ਬੁੱਝਕਾ ਅਤੇ ਬਤੋਲੀ ਆਦਿ ਪੰਜਾਬ ਦੀਆਂ ਸਥਾਨਕ ਬੋਲੀਆਂ ਵਿੱਚ ਬੁਝਾਰਤਾਂ ਦੇ ਪ੍ਰਚੱਲਿਤ ਨਾਂ ਹਨ।

ਬੁਝਾਰਤਾਂ ਕੀਹਨੇ ਬਣਾਈਆਂ ਅਤੇ ਕਦੋਂ ਬਣਾਈਆਂ ਇਹ ਦੱਸਣਾ ਬੜਾ ਔਖਾ ਹੈ। ਇਹ ਲੋਕ ਸਾਹਿਤ ਦੇ ਹੋਰਨਾਂ ਰੂਪਾਂ ਵਾਂਗ ਸਾਡੇ ਕੋਲ ਪੀੜ੍ਹੀ ਦਰ ਪੀੜ੍ਹੀ ਪੁੱਜੀਆਂ ਹਨ। ਇਹਨਾਂ ਦੇ ਰਚਣਹਾਰਿਆਂ ਦੇ ਨਾਵਾਂ ਦਾ ਕਿਸੇ ਨੂੰ ਵੀ ਪਤਾ ਨਹੀਂ। ਸੁਖਦੇਵ ਮਾਦਪੁਰੀ ਅਨੁਸਾਰ, "ਅਸਲ ਵਿੱਚ ਬੁਝਾਰਤਾਂ ਲੋਕਾਂ ਨੂੰ ਵਿਰਸੇ ਵਿੱਚ ਪ੍ਰਾਪਤ ਹੋਇਆ ਗਿਆਨ ਦਾ ਉਹ ਸੋਮਾ ਹੈ ਜੋ ਲੋਕ ਮਾਨਸ ਦੀ ਪ੍ਰਵਾਨਗੀ ਲੈ ਕੇ ਪੀੜ੍ਹੀ ਦਰ ਪੀੜ੍ਹੀ ਸਾਡੇ ਤੀਕ ਪੁੱਜਿਆ ਹੈ।" ਲੋਕ-ਸਾਹਿਤ ਤੋਂ ਅੱਗੇ ਵਸਿਸ਼ਟ ਸਾਹਿਤ ਵਿੱਚ ਬੁਝਾਰਤਾਂ ਦਾ ਮੁੱਢ ਬੰਨਣ ਦਾ ਸਿਹਰਾ ਸੁਖਵਿੰਦਰ ਕੌਰ ਸਿੱਧੂ ਨੂੰ ਜਾਂਦਾ ਹੈ। ਸਿੱਧੂ ਨੇ ਗਣਿਤ ਵਰਗੇ ਗੰਭੀਰ ਵਿਸ਼ੇ ਨੂੰ ਲੋਕ-ਮਾਨਸਿਕਤਾ ਨਾਲ ਜੋੜਨ ਲਈ ਆਪਣੀਆਂ ਪੁਸਤਕਾਂ 'ਗਣਿਤਕ ਬੁਝਾਰਤਾਂ'/ਗਣਿਤ ਪਟਾਰੀ' ਵਿੱਚ ਬੜੀ ਸੌਖੀ ਤੇ ਸਾਦੀ ਸ਼ੈਲੀ ਵਿੱਚ ਬਾਲ ਮਨਾਂ ਅਨੁਸਾਰੀ ਵਸਤੂ ਦਾ ਨਿਭਾਅ ਕੀਤਾ ਹੈ-

(ੳ)ਮਾਮਾ ਆਇਆ ਕੇਲੇ ਲਿਆਇਆ,
12 ਵਿੱਚੋਂ ਖਾ ਲਏ ਤਿੰਨ,
ਦੱਸੋ ਕਿਹੜੀ ਬਣਗੀ ਭਿੰਨ?
(ਗਣਿਤਕ ਬੁਝਾਰਤਾਂ, ਪੰਨਾ-7)
(ਉੱਤਰ-1/4)

(ਅ)ਚਲ ਦੇ ਨਾਲ ਜੋ ਲੱਗਿਆ ਰਹਿੰਦਾ,
ਕੀਮਤ ਬਰਾਬਰ ਹਿੱਸਾ ਪੈਂਦਾ।
ਮਾਰੋ ਜ਼ਰਾ ਲੰਮੇਰੀ ਝਾਤ,
ਬੁਝੋ ਬੱਚਿਓ ਮੇਰੀ ਬਾਤ?
(ਗਣਿਤਕ ਬੁਝਾਰਤਾਂ, ਪੰਨਾ-10)
(ਉੱਤਰ- ਗੁਣਾਕ)

(ੲ) ਭੁਜਾ ਦੀ ਦੋ ਜਾਂ ਲੰਬਾਈ ਗੁਣਾ ਚੌੜਾਈ,
ਫ਼ਰਸ 'ਤੇ ਇੱਟਾਂ ਲਾਵਾਂ ਭਾਈ।
ਚੱਕਰ ਦਾ ਪਾਈ ਆਰ ਦੀ ਦੋ,
ਤਿਕੋਣ ਕਰ ਅੱਧਾ ਲੰਬ ਗੁਣਾ ਅਧਾਰ,
ਬੁੱਝ ਸਕੇ ਤਾਂ ਬੁੱਝ ਜੇ ਤੂੰ ਹੁਸ਼ਿਆਰ।
(ਗਣਿਤਕ ਬੁਝਾਰਤਾਂ, ਪੰਨਾ-19)
(ਉੱਤਰ-ਖੇਤਰਫਲ)

(ਸ) ਦੋ ਸੰਖਿਆਵਾਂ ਦਾ ਅੰਤਰ ਛਿਆਹਠ,
2 ਤੇ 5 ਦਾ ਵਿੱਚੋਂ ਅਨੁਪਾਤ।
ਛੇਤੀ ਕਰ ਪੈ ਜਾਣੀ ਰਾਤ,
ਬੁੱਝ ਦੇ ਬਾਤ ਪਾ ਲੰਮੀ ਝਾਤ।
(ਗਣਿਤਕ ਬੁਝਾਰਤਾਂ, ਪੰਨਾ-25)
(ਉੱਤਰ- 110, 64)

ਅਜਿਹੀਆਂ ਬੁਝਾਰਤਾਂ ਵਿੱਚ ਕਰਮ ਦਾ ਗਿਆਨ ਕਰਵਾਇਆ ਜਾਂਦਾ ਹੈ। ਇਸ ਕਰਮ ਗਿਆਨ ਦੇ ਸਹਾਰੇ ਵਾਸਤਵਿਕ ਵਸਤੂ ਤੱਕ ਪਹੁੰਚਿਆ ਜਾਂਦਾ ਹੈ।

ਬੁਝਾਰਤ ਦੀ ਸਿਰਜਣਾ ਅਜਿਹੇ ਰਹੱਸਮਈ ਢੰਗ ਨਾਲ ਕੀਤੀ ਜਾਂਦੀ ਹੈ ਕਿ ਬੁਝਾਰਤ ਇੱਕ ਅਜਿਹਾ ਗੁੰਝਲ ਭਰਪੂਰ ਪ੍ਰਸ਼ਨ ਬਣ ਜਾਂਦੀ ਹੈ, ਜਿਸ ਦਾ ਉੱਤਰ ਸੰਕੇਤਕ ਰੂਪ ਵਿੱਚ ਉਸੇ ਵਿੱਚ ਲੁਪਤ ਹੁੰਦਾ ਹੈ। ਬੁਝਾਰਤ ਪਾਉਣ ਵਾਲਾ ਸੁਹਜ ਭਰਪੂਰ ਤੇ ਰਹੱਸਮਈ ਵਾਤਾਵਰਨ ਪੈਦਾ ਕਰ ਦਿੰਦਾ ਹੈ। ਸੁਖਵਿੰਦਰ ਕੌਰ ਸਿੱਧੂ ਨੇ ਵੀ ਗਣਿਤ ਵਰਗੇ ਰਸਹੀਨ ਵਿਸ਼ੇ 'ਤੇ ਸੁਹਜਮਈ ਬੁਝਾਰਤਾਂ ਦੀ ਸਿਰਜਣਾ ਕਰਦਿਆਂ ਉਨਾਂ ਨੂੰ ਰਸਮਈ ਬਣਾ ਦਿੱਤਾ ਹੈ। ਬਾਲਮਾਨ, ਸਰੋਤੇ ਤੇ ਸੂਝਵਾਨ ਪਾਠਕ ਬੁਝਾਰਤ ਦਾ ਉੱਤਰ ਖੋਜਣ ਲਈ ਉਤਸੁਕ ਹੋ ਜਾਂਦੇ ਹਨ-

(ੳ) ਤਿੰਨ ਪਿੰਨੀਆਂ ਘਿਓ ਭੁੰਨੀਆਂ,
ਮਾਵਾਂ-ਧੀਆਂ, ਸੱਸ ਨੂੰਹ, ਨਣਦ-ਭਰਜਾਈ।
ਤਿੰਨਾਂ ਨੂੰ ਇੱਕ-ਇੱਕ ਆਈ,
ਬੁੱਝ ਦੇ ਰਿਸ਼ਤਾ ਮੇਰੇ ਭਾਈ।
(ਗਣਿਤਕ ਬੁਝਾਰਤਾਂ, ਪੰਨਾ-20)
(ਉੱਤਰ- ਮਾਂ, ਧੀ, ਨੂੰਹ)

(ਅ)ਪੰਜ ਭੈਣਾਂ ਦਾ ਇਕੱਲਾ ਭਾਈ,
ਕੀਮਤ ਰੱਖਾ ਬਥੇਰੀ।
ਕਾਰਾਂ, ਕੋਠੀਆਂ ਅਤੇ ਜ਼ਮੀਨਾਂ,
ਕੀਮਤ ਬੋਲਣ ਮੇਰੀ।
ਕਾਮਾ ਮੇਰੇ ਨਾਂ ਨਾਲ ਸ਼ੋਭਦਾ,
ਕੱਖ ਦਾ ਨਹੀਂ ਨਿਕੰਮਾ।
ਛੇਤੀ-ਛੇਤੀ ਬੁੱਝ ਦੇ ਬੱਲਿਆ,
ਸਾਬ ਨਾ ਛੇੜੀ ਲੰਮਾਂ।
(ਗਣਿਤਕ ਬੁਝਾਰਤਾਂ, ਪੰਨਾ-24)
(ਉੱਤਰ- ਲੱਖ)

(ੲ)ਖਰੀਦਣ ਨਾਲੋਂ ਵੱਧ 'ਚ ਵੇਚੀ,
ਪੱਲਿਓ ਨਾ ਪਾਈ ਦੁਆਨੀ।
ਵੇਚ ਖਰੀਦੋਂ ਵੱਡਾ ਹੋ ਜੇ,
ਦੱਸੋ ਹੋਈ ਲਾਭ ਕਿ ਹਾਨੀ?
(ਗਣਿਤਕ ਬੁਝਾਰਤਾਂ, ਪੰਨਾ-28)
(ਉੱਤਰ-ਹਾਨੀ)

(ਸ)ਲੰਬਾਈ, ਚੌੜਾਈ ਅਤੇ ਉਚਾਈ,
ਸ਼ਕਲ ਮੇਰੀ ਇੱਟ ਵਰਗੀ ਭਾਈ।
ਕਦੇ ਸੰਦੂਕ ਬੰਦ ਬਣ ਜਾਵਾਂ,
ਬੁੱਝੋ ਭਾਈ ਮੇਰਾ ਸਿਰਨਾਵਾਂ।
(ਗਣਿਤਕ ਪਟਾਰੀ, ਪੰਨਾ-59)
(ਉੱਤਰ- ਚਤਰਭੁਜ)

ਬੁਝਾਰਤਾਂ ਦੀ ਇਸ ਵੰਨਗੀ ਵਿੱਚ ਬੁੱਝੀ ਜਾਣ ਵਾਲੀ ਵਸਤੂ ਦੇ ਸੰਕਲਪ ਨੂੰ ਬਿਆਨ ਕੀਤਾ ਗਿਆ ਹੁੰਦਾ ਹੈ। ਉਸ ਸੰਕਲਪ ਦੇ ਬਿਆਨ ਦਾ ਸਹਾਰਾ ਲੈ ਕੇ ਵਸਤੂ ਦੇ ਚਿੰਨ੍ਹ ਦੀ ਤਲਾਸ਼ ਕਰਨੀ ਹੁੰਦੀ ਹੈ।

ਪੰਜਾਬੀ ਲੋਕ ਸਾਹਿਤ ਵਿੱਚ ਬੁਝਾਰਤਾਂ ਐਨੀਆਂ ਸੁਹਜ-ਭਰਪੂਰ, ਅਦਭੁੱਤ, ਰਸੀਲੀਆਂ ਅਤੇ ਵੰਨ ਸਵੰਨੀਆਂ ਹਨ ਕਿ ਸ਼ਾਇਦ ਹੀ ਕੋਈ ਅਜਿਹਾ ਵਿਸ਼ਾ ਹੋਵੇ ਜਿਸ ਬਾਰੇ ਪੰਜਾਬੀ ਵਿੱਚ ਬੁਝਾਰਤਾਂ ਨਾ ਹੋਣ। ਮਨੁੱਖੀ ਸਰੀਰ ਦੇ ਅੰਗਾਂ, ਪ੍ਰਕਿਰਤੀ, ਫਸਲਾਂ, ਬਨਸਪਤੀ, ਜੀਵ-ਜੰਤੂਆ, ਘਰੇਲੂ ਵਸਤਾਂ, ਭਿੰਨ-ਭਿੰਨ ਧੰਦਿਆਂ ਨਾਲ ਸੰਬੰਧਤ, ਸੰਦਾਂ ਅਤੇ ਵਿਗਿਆਨਕ ਕਾਢਾਂ ਬਾਰੇ ਬੜੀਆਂ ਪਿਆਰੀਆਂ ਤੇ ਸੁਹਜ ਭਰਪੂਰ ਬਾਤਾਂ ਤੇ ਬੁਝਾਰਤਾਂ ਪਾਈਆਂ ਜਾਂਦੀਆ ਹਨ। ਬਿਲਕੁੱਲ ਇਸੇ ਤਰ੍ਹਾਂ ਗਣਿਤ ਦੇ ਵਿਸ਼ੇਸ਼ ਖੇਤਰ ਤੇ ਉਪ-ਖੇਤਰ ਹਨ, ਅਨੇਕਾਂ ਲੜੀਆਂ ਹਨ, ਸ਼ਾਖਾਵਾਂ ਹਨ, ਭਾਗ, ਉਪ-ਭਾਗ, ਅੰਦਰੂਨੀ ਤੇ ਬਾਹਰੀ ਵਖਰੇਵੇਂ ਹਨ, ਚਿੰਨ੍ਹ ਬਹੁਰੂਪਤਾ ਹੈ, ਫਾਰਮੂਲੇ ਹਨ, ਕਸੌਟੀਆਂ ਹਨ, ਸਾਧਨ ਹਨ, ਅਕ੍ਰਿਤੀਆਂ, ਅਕਾਰ ਹਨ, ਮੁੱਢਲੀਆਂ ਤੇ ਵਿਸਤ੍ਰਿਤ ਜਾਣਕਾਰੀਆਂ ਹਨ, ਮਿਣਤੀਆਂ ਹਨ, ਪਰਿਮਾਪ ਹਨ। ਸੁਖਵਿੰਦਰ ਕੌਰ ਸਿੱਧੂ ਨੇ ਇਨ੍ਹਾਂ ਸਾਰਿਆਂ ਦੀ ਬਾਤ ਆਪਣੀਆਂ ਪੁਸਤਕਾਂ ਵਿੱਚ ਬਾਖੂਬੀ ਪਾਈ ਹੈ-

(ੳ)ਟੁਕੜਿਆਂ ਦੇ ਵਿੱਚ ਦੇਵਾ ਵੰਡ,
ਪੂਰਨ ਭਾਜਕ ਕਰਦਾ ਖੰਡ,
ਨਾ ਬੁੱਝੀ ਤਾ ਮਿਲਣਾ ਦੰਡ,
ਨਾ ਉਹ ਕਰੀਰ ਤੇ ਨਾ ਉਹ ਜੰਡ।
(ਗਣਿਤਕ ਬੁਝਾਰਤਾਂ, ਪੰਨਾ-6)
(ਉੱਤਰ- ਗੁਣਨਖੰਡ)

(ਅ) ਪਾਪਾ ਸਾਡਾ ਕੇਕ ਲਿਆਇਆ,
ਅੱਠਾਂ ਭਾਗਾਂ ਦੇ ਵਿੱਚ ਕਟਾਇਆ,
ਅੱਠਾਂ ਬੱਚਿਆਂ ਦੇ ਵਿੱਚ ਵਰਤਾਇਆ,
ਦੱਸੋ ਹਰੇਕ ਨੂੰ ਕਿਨਾ ਆਇਆ?
(ਗਣਿਤਕ ਬੁਝਾਰਤਾਂ, ਪੰਨਾ-7)
(ਉਤਰ- 1/8)

(ੲ) ਮੋੜ ਲਈਏ ਜਾ ਸ਼ੀਸ਼ਾ ਰੱਖੀਏ,
ਦੋਵੇਂ ਪਾਸੇ ਇੱਕੋ ਜਿਹਾ ਤੱਕੀਏ,
ਅੱਧੀ ਚੀਜ ਜਾਂ ਬਣੇ ਪਰਛਾਵਾਂ,
ਦੱਸੋ ਕਿਹੜੀ ਮਿਤੀ ਕਹਾਵਾਂ?
(ਗਣਿਤਕ ਬੁਝਾਰਤਾਂ, ਪੰਨਾ-8)
(ਉਤਰ-ਸਮਮਿਤੀ)

(ਸ)ਉੱਤੋਂ ਤਿੱਖਾ ਥੱਲੋਂ ਚੱਕਰਕਾਰਾ,
ਬਣ ਗਿਆ ਭਾਈ ਕੁੱਪ ਗੁਹਾਰਾ।
ਤਿਰਛੀ ਨਾਲੇ ਸਿੱਧੀ ਉਚਾਈ,
ਬੁਝ ਦੇ ਮੇਰਾ ਨਾਂ ਤੂੰ ਭਾਈ। (ਗਣਿਤ ਪਟਾਰੀ,-ਪੰਨਾ-59)
(ਉਤਰ-ਸੰਕੂ)

(ਹ)ਕਾਗਜ਼ ਸਾਫ਼ ਬਣਾ ਦੇਵਾਂ ਮੈਂ,
ਲਿਖਿਆ ਹੋਇਆ ਮਿਟਾ ਦੇਵਾਂ ਮੈਂ,
ਪੈਨਸਿਲ ਨਾਲ ਹਾਂ ਜੁੜ ਕੇ ਬਹਿੰਦੀ,
ਵਿੱਚ ਜਮੈਟਰੀ ਲੋੜ ਹੈ ਪੈਂਦੀ।
(ਗਣਿਤਕ ਬੁਝਾਰਤਾਂ, ਪੰਨਾ-17)
(ਉਤਰ-ਇਰੇਜ਼ਰ)

(ਕ) ਚਾਹੇ ਮੇਰਾ ਵਰਗਮੂਲ ਕਰਲੈ,
ਚਾਹੇ ਵਰਗ ਬਣਾ ਲੈ,
ਟੱਸ ਤੋਂ ਮੱਸ ਮੈਂ ਹੁੰਦੀ ਨਾਹੀ,
ਭਾਵੇਂ ਜ਼ੋਰ ਲਗਾ ਲੈ,
ਘਣ ਤੇ ਘਣਮੂਲ ਖ਼ੁਦ ਹੀ ਬਣਜਾ
ਤਾਕਤ ਦੇਖ ਲਈਂ ਮੇਰੀ,
ਬੁੱਝਣੀ ਐਂ ਤਾਂ ਛੇਤੀ ਬੁਝੋ,
ਕਾਹਨੂੰ ਢਾਹਲੀ ਢੇਰੀ। (ਗ-ਣਿਤਕ ਬੁਝਾਰਤਾਂ, ਪੰਨਾ 27-28)
(ਉਤਰ-ਇੱਕ)

(ਖ) ਚੱਕ ਪ੍ਰਕਾਰ ਜਾਂ ਚੂੜੀ ਦੇ ਨਾਲ,
ਚੱਕਰ ਇੱਕ ਲਗਾਈਏ,
ਚੱਕਰ ਉੱਤੇ ਕਿਸੇ ਬਿੰਦੂ ਨੂੰ,
ਕੇਂਦਰ ਨਾਲ ਜੁੜਵਾਈਏ,
ਵੁੱਟਾ ਚੁੱਕ ਕੇ ਮਿਣੀਏ ਨਾਲੇ,
ਰੇਖਾ-ਖੰਡ ਬਣਾਈਏ,
ਬੁੱਝੋ ਬੱਚਿਓ ਰੇਖਾ ਖੰਡ ਨੂੰ,
ਆਪਾ ਕੀ ਸਦਵਾਈਏ?
(ਗਣਿਤਕ ਬੁਝਾਰਤਾਂ, ਪੰਨਾ-30)
(ਉੱਤਰ- ਅਰਧ -ਵਿਆਸ)

(ਗ)ਚਾਰ ਭੁਜਾਵਾਂ ਦੇ ਸਿਰ ਉੱਤੇ,
ਚਾਰ ਕੋਣਾਂ ਦੀ ਬਣਦੀ ਗੱਠ,
ਸਾਰੇ ਜੋੜੇ ਤਾਂ ਬਣ ਜਾਂਦਾਂ,
ਸਭ ਦਾ ਜੋੜ ਤਿੰਨ ਸੋ ਸੱਠ।
ਗਣਿਤ ਪਟਾਰੀ ਪੰਨਾ-59)
(ਉੱਤਰ- ਚਤਰਭੁਜ)

ਸੁਖਵਿੰਦਰ ਕੌਰ ਸਿੱਧੂ ਦੀਆਂ ਉਕਤ ਸਾਰੀਆਂ ਬੁਝਾਰਤਾਂ ਗਣਿਤਕ ਗਿਆਨ ਵਿੱਚ ਵਾਧਾ ਕਰਨ ਵਾਲੀਆਂ, ਸੰਕਲਪ ਬੋਧਕ, ਕਰਮ ਬੋਧਕ, ਪਰਸਥਿਤੀ ਬੋਧਕ ਅਤੇ ਬਿੰਬ ਬੋਧਕ ਸ਼੍ਰੇਣੀਆਂ, ਉਪ-ਸ਼੍ਰੇਣੀਆਂ ਦੀ ਪ੍ਰਤੀਨਿਧਤਾ ਕਰਦੀਆਂ ਹੋਈਆਂ ਬਾਲ ਮਨਾਂ ਤੇ ਪਾਠਕਾਂ ਨੂੰ ਵਿਵਹਾਰਕ ਰੂਪ ਵਿੱਚ ਤੀਖਣ ਕਰਨ ਲਈ ਪੂਰਨ ਉਪਯੁਕਤ ਹਨ। ਇਨ੍ਹਾਂ ਨਾਲ ਬਾਲਮਨ ਤੇ ਪਾਠਕ ਸਹਿਜੇ ਦਿਮਾਗੀ ਕਸਰਤ ਕਰਦੇ ਹੋਏ, ਮੰਨੋਰੰਜਨ ਕਰਦੇ ਹੋਏ, ਮਨਪ੍ਰਚਾਵਾ ਕਰਦੇ ਹੋਏ ਆਪਣੇ ਗਿਆਨ ਵਿੱਚ ਵਾਧਾ ਕਰਦੇ ਤੁਰੇ ਜਾਂਦੇ ਹਨ।

ਸਥਿਰ ਅਤੇ ਅਨੂਠੇ ਪ੍ਰਭਾਵ ਦੀ ਸਿਰਜਣਾ ਕਰਨਾ ਪੰਜਾਬੀ ਬੁਝਾਰਤਾਂ ਦੀ ਇੱਕ ਹੋਰ ਖ਼ਾਸੀਅਤ ਹੈ। ਅਜਿਹੇ ਸਾਰੇ ਗੁਣ ਲੋਕ ਸਾਹਿਤ ਦੇ ਇਸ ਰੂਪਾਕਾਰ ਨੂੰ ਹੋਰਨਾਂ ਲੋਕ ਕਾਵਿ ਰੂਪਾਂ/ਸਾਹਿਤ ਰੂਪਾਂ ਤੋਂ ਨਿਖੇੜਦੇ ਹਨ। ਧਰਤੀ ਦੇ ਥੱਲੇ ਪਾਤਾਲ ਤੋਂ ਲੈ ਕੇ ਅਸਮਾਨ ਦੇ ਉਪਰ ਤੱਕ ਮਨੁੱਖ ਮਾਤਰ ਦੀਆਂ ਸਭ ਕਲਪਨਾ ਉਡਾਰੀਆਂ ਤੱਕ ਦਾ ਘੇਰਾ ਇਨ੍ਹਾਂ ਦਾ ਵਿਸ਼ਾ ਖੇਤਰ ਹੈ। ਸੁਖਵਿੰਦਰ ਕੌਰ ਸਿੱਧੂ ਨੇ ਕਲਪਨਾ ਦੀ ਅਜਿਹੀ ਉਡਾਰੀ ਭਰਦਿਆਂ ਗਣਿਤਕ ਸਾਰਥਕਤਾ ਨੂੰ ਬਰਕਰਾਰ ਰੱਖਿਆ ਹੈ-

(ੳ) ਸੂਰਜ ਵੱਲੋਂ ਸਿੱਧੀ ਆਵਾਂ,
ਅੰਤ ਨਾਂ ਕੋਈ ਜਿਥੇ ਜਾਵਾਂ,
ਹੁੰਦਾ ਮੇਰੇ ਨਾਲ ਉਜਾਲਾ,
ਉੱਠੋ ਤੜਕੇ ਕਰਮਾਂ ਵਾਲਾ।
( ਗਣਿਤ ਪਟਾਰੀ, ਪੰਨਾ-60)
(ਉੱਤਰ- ਕਿਰਨ)

(ਅ)ਮੇਰਾ ਇੱਕ ਆਰੰਭਿਕ ਬਿੰਦੂ,
ਅੰਤ ਨਾ ਕਿੱਥੇ ਜਾਵਾਂ?
ਆਲੇ ਦੁਆਲੇ ਦੇਖ ਕੇ ਦੱਸੀਂ,
ਕੀ ਮੇਰਾ ਸਿਰਨਾਵਾਂ?
(ਗਣਿਤਕ ਬੁਝਾਰਤਾਂ ਪੰਨਾ-30)
ਉੱਤਰ- ਕਿਰਨ)

ੲ) ਮੈਨੂੰ ਖੋਲੋਂ ਕਿਸਮਤ ਖੋਲਾਂ,
ਦੱਸਾਂ ਸਭ ਕੁਝ ਭਾਵੇਂ ਨਾ ਬੋਲਾਂ,
ਨਿੱਤ ਦਿਨ ਤੁਹਾਡੇ ਗਿਆਨ ਨੂੰ ਤੋਲਾਂ,
ਭਰਦੀ ਜਾਵਾਂ ਕਦੇ ਨਾ ਡੋਲਾਂ,
ਮੇਰੀ ਕਦਰ ਜੋ ਕਰਦੇ ਰਹਿੰਦੇ,
ਉੱਚੇ ਅਹੁਦੇ 'ਤੇ ਜਾ ਬਹਿੰਦੇ।
(ਗਣਿਤਕ ਬੁਝਾਰਤਾਂ, ਪੰਨਾ-18-19)
(ਉੱਤਰ- ਕਿਤਾਬ)

(ਸ) ਕਹਿਣ ਨੂੰ ਭਾਵੇ ਕੋਰੀ ਹਾਂ,
ਪਰ ਮੈਂ ਗਿਆਨ ਬੋਰੀ ਹਾਂ,
ਕਰ ਕਰ ਯਾਦ ਮੈਨੂੰ ਭਰਦਾ ਜਾਹ,
ਵਿੱਚ ਕਲਾਸ ਪੁਜੀਸ਼ਨ ਪਾ।
(ਗਣਿਤਕ ਬੁਝਾਰਤਾਂ, ਪੰਨਾ-19)
(ਉੱਤਰ- ਕਾਪੀ)

ਕੁੱਝ ਬੁਝਾਰਤਾਂ ਲੰਮੀਆਂ ਹੁੰਦੀਆਂ ਹਨ। ਉਨ੍ਹਾਂ ਪਿੱਛੇ ਕੋਈ ਪੂਰਨ ਕਥਾ ਜਾਂ ਬਿਰਤਾਂਤ ਛੁਪਿਆ ਹੁੰਦਾ ਹੈ। ਅਜਿਹੀਆਂ ਬੁਝਾਰਤਾਂ ਦੇ ਵਿਧਾਨਕ ਸੰਗਠਨ ਵਿੱਚ ਸੁਝਾਊਪੁਣਾ ਹੁੰਦਾ ਹੈ। ਕਿਸੇ ਵਸਤੂ, ਮੌਕੇ ਜਾਂ ਹੋਰ ਵਰਤਾਰੇ ਦੇ ਸਮੁੱਚੇ ਸਿੱਧੇ ਅਤੇ ਸਪੱਸ਼ਟ ਵਰਣਨ ਦੀ ਥਾਂ ਇਸ ਵਿੱਚ ਪ੍ਰਤੀਕ ਅਤੇ ਪ੍ਰਤੀਨਿਧ ਗੁਣਾਂ ਲੱਛਣਾਂ ਅਤੇ ਕਾਰਜਾਂ, ਵਿਹਾਰਾਂ ਦਾ ਬਿੰਬ ਸਿਰਜ ਕੇ ਮੂਲ ਭਾਵ ਨੂੰ ਲੁਪਤ ਰੱਖਿਆ ਜਾਂਦਾ ਹੈ। ਸੁਖਵਿੰਦਰ ਕੌਰ ਸਿੱਧੂ ਦੀ ਪੁਸਤਕ 'ਗਣਿਤਕ ਬੁਝਾਰਤਾਂ' ਵਿੱਚ ਅਜਿਹੇ ਬਿਰਤਾਂਤ ਵਾਲੀ ਬੁਝਾਰਤ ਮੌਜੂਦ ਹੈ-

"ਇੱਕ ਖੇਤ ਵਿੱਚ ਤਿੰਨ ਭਰਾ ਕੰਮ ਕਰਦੇ ਸਨ, ਕੰਮ ਕਰਦੇ-ਕਰਦੇ ਥੱਕ ਕੇ ਸੌਂ ਗਏ। ਉਹਨਾਂ ਦੀ ਮਾਂ ਰੋਟੀ ਲੈ ਕੇ ਆਈ, ਆਰਾਮ ਕਰਦੇ ਦੇਖ ਕੇ ਰੋਟੀ ਰੱਖ ਕੇ ਮੁੜ ਗਈ। ਪਹਿਲਾ ਉਠਿਆ, ਤੀਜੇ ਹਿੱਸੇ ਦੀਆਂ ਖਾ ਕੇ ਸੌਂ ਗਿਆ। ਦੂਜਾ ਉਠਿਆ, ਤੀਜੇ ਹਿੱਸੇ ਦੀਆਂ ਖਾ ਕੇ ਸੌਂ ਗਿਆ। ਤੀਜਾ ਉਠਿਆ, ਤੀਜੇ ਹਿੱਸੇ ਦੀਆਂ ਖਾ ਕੇ ਸੌਂ ਗਿਆ।

ਕੋਈ ਰਾਹਗੀਰ ਜਾ ਰਿਹਾ ਸੀ, ਰੁਕ ਕੇ ਆਖਣ ਲੱਗਾ, "ਭਾਈ ਖਾਣਾ ਖਾ ਲਵੋ। ਤਿੰਨਾਂ ਨੇ ਉੱਠ ਕੇ ਜਦੋਂ ਖਾਣਾ ਖਾਧਾ ਤਾਂ ਤਿੰਨਾਂ ਨੂੰ ਬਰਾਬਰ ਬਰਾਬਰ। ਰੋਟੀਆਂ ਫਿਰ ਆ ਗਈਆਂ। ਦੱਸੋ ਕੁਲ ਰੋਟੀਆਂ ਕਿੰਨੀਆਂ ਸਨ?
(ਗਣਿਤਕ ਬੁਝਾਰਤਾਂ, ਪੰਨਾ-31)
(ਉੱਤਰ- 81)

ਵਿਗਿਆਨਕ ਤਰੱਕੀ ਕਾਰਨ ਮੰਨੋਰੰਜਨ ਦੇ ਸਾਧਨ ਤਬਦੀਲ ਹੋ ਗਏ ਹਨ। ਬਿਜਲਈ ਉਪਕਰਨਾਂ ਨੇ ਤਾਂ ਬੁਝਾਰਤ ਸੱਭਿਆਚਾਰ ਨੂੰ ਖ਼ਤਮ ਕਰਨ ਵਿੱਚ ਬਹੁਤ ਪ੍ਰਭਾਵ ਪਾਇਆ ਹੈ। ਰੇਡੀਓ, ਟੈਲੀਵੀਜਨ, ਮੋਬਾਇਲ ਅਤੇ ਕੇਬਲ ਕਲਚਰ ਨੇ ਸਮੂਹਿਕ ਤੌਰ 'ਤੇ ਮਾਣੇ ਜਾਂਦੇ ਮੰਨੋਰੰਜਨ ਦੇ ਸਾਧਨ ਤਕਰੀਬਨ ਖ਼ਤਮ ਹੀ ਕਰ ਦਿੱਤੇ ਹਨ ਜਿਸ ਕਾਰਨ ਬੁਝਾਰਤਾਂ ਪਾਉਣ ਅਤੇ ਬੁੱਝਣ ਦੀ ਪਰੰਪਰਾ ਖ਼ਤਮ ਹੋ ਰਹੀ ਹੈ। ਸੁਖਵਿੰਦਰ ਕੌਰ ਸਿੱਧੂ ਦਾ ਯਤਨ ਸਲਾਹੁਣਯੋਗ, ਕਾਬਲ-ਏ-ਤਾਰੀਫ਼ ਹੈ ਜਿੰਨਾਂ ਨੇ ਗਣਿਤ ਵਰਗੇ ਔਖੇ ਵਿਸ਼ੇ ਦਾ ਨਿਭਾਅ ਵਸ਼ਿਸ਼ਟ ਬੁਝਾਰਤਾਂ ਦੇ ਰੂਪ ਵਿੱਚ ਕੀਤਾ ਹੈ।

ਸਿੱਧੂ ਦੇ ਆਪਣੇ ਸਵੈ-ਕਥਨ ਅਨੁਸਾਰ, "ਮੇਰੇ ਨੰਨ੍ਹੇ ਪਾਠਕ ਜੋ ਗਣਿਤ ਵਿਸ਼ੇ ਨੂੰ ਅਕਾਊ ਮੰਨਦੇ ਹਨ ਜਾਂ ਬਾਰੀਕੀਆਂ ਤੋਂ ਜਾਣੂ ਨਹੀਂ ਹਨ, ਜਦੋਂ ਉਹ ਗਣਿਤਕ ਬੁਝਾਰਤਾਂ ਇੱਕ ਦੂਜੇ ਨੂੰ ਬੁੱਝਣ ਲਈ ਕਹਿਣਗੇ ਤਾਂ ਜ਼ਰੂਰ ਹੀ ਗਣਿਤ ਵਿਸ਼ੇ ਵਿੱਚ ਦਿਲਚਸਪੀ ਦਿਖਾਉਣਗੇ ਅਤੇ ਬਾਰੀਕੀਆਂ ਤੋਂ ਜਾਣੂ ਹੋ ਕੇ ਵਧੀਆਂ ਅੰਕ ਹਾਸਲ ਕਰ ਲੈਣਗੇ ਅਤੇ ਜ਼ਿੰਦਗੀ ਵਿੱਚ ਇੱਕ ਸਫ਼ਲ ਇਨਸਾਨ ਬਣਨਗੇ। ਪੁਸਤਕਾਂ 'ਗਣਿਤਕ ਬੁਝਾਰਤਾਂ' 'ਗਣਿਤ ਪਟਾਰੀ' ਦਾ ਮੁਤਾਲਿਆਂ ਕਰਦਿਆਂ ਮੇਰੀ ਵੀ ਇਹੋ ਰਾਇ ਬਣੀ ਹੈ। ਨਿਸਚੇ ਹੀ ਇਹ ਪੁਸਤਕਾਂ ਸਾਹਿਤ ਦੇ ਵਿਗਿਆਨਕ ਸਰੋਕਾਰਾਂ ਦੀ ਤਸਦੀਕ ਕਰਦੀਆਂ ਹੋਈਆਂ ਬਾਲ ਮਨਾਂ/ਪਾਠਕਾਂ ਨੂੰ ਚੰਗੀ ਸੇਧ ਦੇਣਗੀਆਂ। ਆਮੀਨ।




# ਪਿੰਡ ਲੋਟ 'ਚ 'ਆਪ' ਤੇ ਭਾਜਪਾ ਨੂੰ ਝਟਕਾ, ਕਈ ਪਰਿਵਾਰ ਕਾਂਗਰਸ ਵਿੱਚ ਸ਼ਾਮਲ

## ਕਾਂਗਰਸ ਦੀਆਂ ਨੀਤੀਆਂ ਅਤੇ ਲੋਕ-ਪੱਖੀ ਸੋਚ ਤੋਂ ਪ੍ਰਭਾਵਿਤ ਲੋਕ ਜੁੜ ਰਹੇ ਨੇ ਨਾਲ : ਮੋਹਿਤ ਮਹਿੰਦਰਾ



**ਪਟਿਆਲਾ, 8 ਅਗਸਤ**
**-ਬਲਜੀਤ ਸਰਨਾ-**

ਹਲਕਾ ਪਟਿਆਲਾ ਦਿਹਾਤੀ ਦੇ ਪਿੰਡ ਲੋਟ ਵਿੱਚ ਆਮ ਆਦਮੀ ਪਾਰਟੀ ਅਤੇ ਭਾਜਪਾ ਨੂੰ ਉਸ ਸਮੇਂ ਵੱਡਾ ਝਟਕਾ ਲੱਗਿਆ ਜਦੋਂ ਇਨ੍ਹਾਂ ਪਾਰਟੀਆਂ ਨਾਲ ਸਬੰਧਤ ਕਈ ਆਗੂਆਂ ਅਤੇ ਵਰਕਰਾਂ ਨੇ ਆਪਣੇ ਸਾਥੀਆਂ ਸਮੇਤ ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋਣ ਦਾ ਐਲਾਨ ਕੀਤਾ। ਕਾਂਗਰਸ ਵਿੱਚ ਸ਼ਾਮਲ ਹੋਣ ਵਾਲਿਆਂ ਦਾ ਸਵਾਗਤ ਸਾਬਕਾ ਪੰਜਾਬ ਯੂਥ ਕਾਂਗਰਸ ਪ੍ਰਧਾਨ ਮੋਹਿਤ ਮਹਿੰਦਰਾ ਵੱਲੋਂ ਕੀਤਾ ਗਿਆ।

ਇਸ ਮੌਕੇ ਮੋਹਿਤ ਮਹਿੰਦਰਾ ਨੇ ਕਿਹਾ ਕਿ ਕਾਂਗਰਸ ਪਾਰਟੀ ਦੀਆਂ ਲੋਕ-ਪੱਖੀ ਨੀਤੀਆਂ, ਲੋਕਤੰਤਰਿਕ ਸੋਚ ਅਤੇ ਹਰ ਵਰਗ ਨੂੰ ਨਾਲ ਲੈ ਕੇ ਚੱਲਣ ਦੀ ਨੀਤੀ ਤੋਂ ਪ੍ਰਭਾਵਿਤ ਹੋ ਕੇ ਲੋਕ ਲਗਾਤਾਰ ਕਾਂਗਰਸ ਨਾਲ ਜੁੜ ਰਹੇ ਹਨ। ਉਨ੍ਹਾਂ ਕਿਹਾ ਕਿ ਹਰ ਵਰਗ ਦੇ ਲੋਕ ਹੁਣ ਸੂਬੇ ਦੀ ਮੌਜੂਦਾ ਰਾਜਨੀਤੀ ਨੂੰ ਬਾਰੀਕੀ ਨਾਲ ਸਮਝ ਰਹੇ ਹਨ ਅਤੇ ਉਹ ਅਜਿਹੀ ਸਿਆਸੀ ਪਾਰਟੀ ਦੇ ਨਾਲ ਖੜ੍ਹਨਾ ਚਾਹੁੰਦੇ ਹਨ ਜੋ ਲੋਕਾਂ ਦੀਆਂ ਸਮੱਸਿਆਵਾਂ ਨੂੰ ਗੰਭੀਰਤਾ ਨਾਲ ਉਠਾਏ ਅਤੇ ਉਨ੍ਹਾਂ ਦੇ ਹੱਲ ਲਈ ਜ਼ਮੀਨੀ ਪੱਧਰ 'ਤੇ ਕੰਮ ਕਰੇ।

ਮੋਹਿਤ ਮਹਿੰਦਰਾ ਨੇ ਕਿਹਾ ਕਿ ਕਾਂਗਰਸ ਵਰਕਰ ਪਿੰਡਾਂ ਵਿੱਚ ਲੋਕਾਂ ਨਾਲ ਲਗਾਤਾਰ ਸੰਪਰਕ ਕਰ ਰਹੇ ਹਨ ਅਤੇ ਆਮ ਲੋਕਾਂ ਦੀਆਂ ਮੁਸ਼ਕਲਾਂ, ਪਿੰਡਾਂ ਦੇ ਵਿਕਾਸ ਅਤੇ ਨੌਜਵਾਨਾਂ ਦੇ ਭਵਿੱਖ ਨਾਲ ਜੁੜੇ ਮੁੱਦਿਆਂ ਨੂੰ ਪਹਿਲ ਦੇ ਆਧਾਰ 'ਤੇ ਉਠਾਇਆ ਜਾ ਰਿਹਾ ਹੈ। ਉਨ੍ਹਾਂ ਕਾਂਗਰਸ ਵਿੱਚ ਸ਼ਾਮਲ ਹੋਏ ਆਗੂਆਂ ਅਤੇ ਵਰਕਰਾਂ ਨੂੰ ਪਾਰਟੀ ਵਿੱਚ ਬਣਦਾ ਮਾਣ-ਸਤਿਕਾਰ ਦੇਣ ਦਾ ਭਰੋਸਾ ਵੀ ਦਿੱਤਾ।

ਕਾਂਗਰਸ ਵਿੱਚ ਸ਼ਾਮਲ ਹੋਣ ਵਾਲਿਆਂ ਵਿੱਚ ਕ੍ਰਿਸ਼ਨ ਸਿੰਘ ਪੰਚ, ਨੇਤਰ ਸਿੰਘ ਸਾਬਕਾ ਪੰਚ, ਸਤਨਾਮ ਸਿੰਘ, ਬੰਟੀ, ਕੇਸਰ ਸਿੰਘ, ਦਰਸ਼ਨ ਸਿੰਘ, ਲਾਲ ਸਿੰਘ, ਸੰਦੀਪ ਸਿੰਘ ਅਤੇ ਮਿੱਠੂ ਸ਼ਾਮਲ ਹਨ। ਇਨ੍ਹਾਂ ਨੇ ਕਾਂਗਰਸ ਪਾਰਟੀ ਨਾਲ ਮਿਲ ਕੇ ਕੰਮ ਕਰਨ ਅਤੇ ਪਾਰਟੀ ਦੀਆਂ ਨੀਤੀਆਂ ਨੂੰ ਘਰ-ਘਰ ਤੱਕ ਪਹੁੰਚਾਉਣ ਦਾ ਭਰੋਸਾ ਦਿੱਤਾ।

ਇਸ ਮੌਕੇ ਹਰਬੀਰ ਸਿੰਘ ਢੀਂਡਸਾ ਬਲਾਕ ਪ੍ਰਧਾਨ ਅਲੌਵਾਲ, ਰਘਵੀਰ ਸਿੰਘ ਖੱਟੜਾ ਕਿਸਾਨ ਸੈੱਲ ਪ੍ਰਧਾਨ, ਮਲਕੀਤ ਸਿੰਘ, ਮਿਹਰਬਾਨ ਸ਼ਿਵ ਕੰਵਰ ਸਿੰਘ ਬਾਜਵਾ, ਸੁਰਜੀਤ ਸਿੰਘ, ਗੁਰਧਿਆਨ ਸਿੰਘ, ਬੇਅੰਤ ਸਿੰਘ ਪੰਚ, ਬੇਅੰਤ ਸਿੰਘ ਸਾਬਕਾ ਪੰਚ, ਅੰਮ੍ਰਿਤ ਸਿੰਘ, ਸੰਜੀਵ ਕੁਮਾਰ, ਹਰਵਿੰਦਰ ਸਿੰਘ, ਸਤਵਿੰਦਰ ਸਿੰਘ, ਰਘਵੀਰ ਸਿੰਘ, ਬੱਬੂ, ਭੋਲਾ ਸਿੰਘ, ਪਿਆਰਾ ਸਿੰਘ, ਉਮਰਪ੍ਰੀਤ ਸਿੰਘ ਅਤੇ ਜਗਜੀਤ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਕਾਂਗਰਸੀ ਆਗੂ ਅਤੇ ਵਰਕਰ ਮੌਜੂਦ ਰਹੇ।

# ਅਮਨ ਅਰੋੜਾ ਨੇ ਸੁਨਾਮ ਹਲਕੇ ਦੇ 40 ਪਿੰਡਾਂ ਦੇ 59 ਵਿਕਾਸ ਕਾਰਜਾਂ ਲਈ 02.60 ਕਰੋੜ ਰੁਪਏ ਦੀਆਂ ਗ੍ਰਾਂਟਾਂ ਦੇ ਚੈੱਕ ਵੰਡੇ



**ਸੁਨਾਮ, 8 ਅਗਸਤ**
**-ਜਤਿੰਦਰ ਗਰਗ-**

ਪੰਜਾਬ ਦੇ ਕੈਬਨਿਟ ਮੰਤਰੀ ਸ਼੍ਰੀ ਅਮਨ ਅਰੋੜਾ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਪਿੰਡਾਂ ਦੇ ਸਰਬਪੱਖੀ ਵਿਕਾਸ ਅਤੇ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣ ਲਈ ਲਗਾਤਾਰ ਕੰਮ ਕੀਤਾ ਜਾ ਰਿਹਾ ਹੈ। ਇਸੇ ਲੜੀ ਤਹਿਤ ਸੁਨਾਮ ਵਿਧਾਨ ਸਭਾ ਹਲਕੇ ਦੇ 40 ਪਿੰਡਾਂ ਵਿੱਚ 59 ਵੱਖ-ਵੱਖ ਵਿਕਾਸ ਕਾਰਜਾਂ ਲਈ 02 ਕਰੋੜ 60 ਲੱਖ ਰੁਪਏ ਦੀਆਂ ਗ੍ਰਾਂਟਾਂ ਦੇ ਚੈੱਕ ਪੰਚਾਇਤਾਂ ਨੂੰ ਸੌਂਪੇ ਗਏ ਹਨ।

ਲੌਂਗੋਵਾਲ ਵਿਖੇ ਕਰਵਾਏ ਗਏ ਸਮਾਗਮ ਦੌਰਾਨ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਕਿਹਾ ਕਿ ਪੰਜਾਬ ਸਰਕਾਰ ਦਾ ਮੁੱਖ ਉਦੇਸ਼ ਪਿੰਡਾਂ ਅਤੇ ਸ਼ਹਿਰਾਂ ਦਾ ਬਰਾਬਰ ਵਿਕਾਸ ਕਰਨਾ ਅਤੇ ਲੋਕਾਂ ਦੀਆਂ ਜ਼ਰੂਰਤਾਂ ਅਨੁਸਾਰ ਵਿਕਾਸ ਕਾਰਜਾਂ ਨੂੰ ਤਰਜੀਹ ਦੇਣਾ ਹੈ। ਉਨ੍ਹਾਂ ਕਿਹਾ ਕਿ ਹਲਕੇ ਦੇ ਲੋਕਾਂ ਵੱਲੋਂ ਲੰਬੇ ਸਮੇਂ ਤੋਂ ਰੱਖੀਆਂ ਜਾ ਰਹੀਆਂ ਮੰਗਾਂ ਨੂੰ ਪਹਿਲ ਦੇ ਆਧਾਰ 'ਤੇ ਪੂਰਾ ਕੀਤਾ ਜਾ ਰਿਹਾ ਹੈ ਅਤੇ ਵਿਕਾਸ ਕਾਰਜਾਂ ਲਈ ਲੋੜੀਂਦੇ ਫੰਡ ਮੁਹੱਈਆ ਕਰਵਾਉਣ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾ ਰਹੀ।

ਸ਼੍ਰੀ ਅਮਨ ਅਰੋੜਾ ਨੇ ਪੰਚਾਇਤੀ ਨੁਮਾਇੰਦਿਆਂ ਨੂੰ ਅਪੀਲ ਕੀਤੀ ਕਿ ਸਰਕਾਰ ਵੱਲੋਂ ਜਾਰੀ ਕੀਤੇ ਫੰਡਾਂ ਦੀ ਵਰਤੋਂ ਪੂਰੀ ਪਾਰਦਰਸ਼ਤਾ ਅਤੇ ਇਮਾਨਦਾਰੀ ਨਾਲ ਲੋਕ ਹਿੱਤ ਵਿੱਚ ਕੀਤੀ ਜਾਵੇ ਅਤੇ ਵਿਕਾਸ ਕਾਰਜਾਂ ਨੂੰ ਨਿਰਧਾਰਤ ਮਾਪਦੰਡਾਂ ਅਨੁਸਾਰ ਸਮੇਂ ਸਿਰ ਮੁਕੰਮਲ ਕੀਤਾ ਜਾਵੇ।

ਰੋਜ਼ਗਾਰ ਦੇ ਮੁੱਦੇ 'ਤੇ ਗੱਲ ਕਰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਦੇਣ ਦੀ ਪ੍ਰਕਿਰਿਆ ਵਿੱਚ ਪਾਰਦਰਸ਼ਤਾ ਅਤੇ ਯੋਗਤਾ ਨੂੰ ਪਹਿਲ ਦਿੱਤੀ ਜਾ ਰਹੀ ਹੈ।

ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਬਿਨਾਂ ਕਿਸੇ ਰਿਸ਼ਵਤ ਅਤੇ ਸਿਫ਼ਾਰਸ਼ ਦੇ, ਸਿਰਫ਼ ਉਨ੍ਹਾਂ ਦੀ ਯੋਗਤਾ ਦੇ ਆਧਾਰ 'ਤੇ ਸਰਕਾਰੀ ਨੌਕਰੀਆਂ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ। ਸਰਕਾਰ ਦੀ ਨੀਤੀ 'ਬਿਨਾਂ ਕੈਸ਼, ਬਿਨਾਂ ਫ਼ਰਮਾਇਸ਼' 'ਤੇ ਆਧਾਰਿਤ ਹੈ ਅਤੇ ਨੌਜਵਾਨਾਂ ਨੂੰ ਉਨ੍ਹਾਂ ਦੀ ਮਿਹਨਤ ਅਤੇ ਯੋਗਤਾ ਦੇ ਬਲਬੂਤੇ ਅੱਗੇ ਵਧਣ ਦਾ ਮੌਕਾ ਦਿੱਤਾ ਜਾ ਰਿਹਾ ਹੈ।

ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਦੇ ਲੋਕ ਵਿਰੋਧੀ ਪਾਰਟੀਆਂ ਦੀ ਕਾਰਗੁਜ਼ਾਰੀ ਅਤੇ ਉਨ੍ਹਾਂ ਦੀ ਰਾਜਨੀਤੀ ਨੂੰ ਚੰਗੀ ਤਰ੍ਹਾਂ ਸਮਝ ਚੁੱਕੇ ਹਨ। ਲੋਕਾਂ ਨੇ ਹੁਣ ਵਿਕਾਸ, ਸਿੱਖਿਆ, ਸਿਹਤ, ਰੋਜ਼ਗਾਰ ਅਤੇ ਬੁਨਿਆਦੀ ਸਹੂਲਤਾਂ ਨੂੰ ਤਰਜੀਹ ਦੇਣ ਵਾਲੀ ਸਿਆਸਤ ਨੂੰ ਅਪਣਾਇਆ ਹੈ।




# ਸੈਂਸਸ ਹੈਂਡਬੁੱਕ ਦੀ ਤਿਆਰੀ ਸਬੰਧੀ ਪਟਵਾਰੀਆਂ ਦੀ ਤਿੰਨ ਰੋਜ਼ਾ ਟ੍ਰੇਨਿੰਗ

**ਸੰਗਰੂਰ, 8 ਅਗਸਤ**
**-ਜਗਦੇਵ ਰੰਚਨਾਂ-**

ਡਿਪਟੀ ਕਮਿਸ਼ਨਰ ਸੰਗਰੂਰ ਦੇ ਦਫ਼ਤਰ ਦੀ ਸੈਂਸਸ ਬ੍ਰਾਂਚ ਵੱਲੋਂ ਡਿਸਟਰਿਕ ਸੈਂਸਸ ਹੈਂਡਬੁੱਕ ਦੀ ਤਿਆਰੀ ਸਬੰਧੀ ਜ਼ਿਲ੍ਹੇ ਦੇ ਸਮੂਹ ਪਟਵਾਰੀਆਂ ਨੂੰ ਤਿੰਨ ਰੋਜ਼ਾ ਟ੍ਰੇਨਿੰਗ ਦਿੱਤੀ ਗਈ।

ਇਸ ਟ੍ਰੇਨਿੰਗ ਦੌਰਾਨ ਦਫ਼ਤਰ ਡਾਇਰੈਕਟਰ ਸੈਂਸਸ ਆਪਰੇਸ਼ਨਜ਼, ਪੰਜਾਬ ਵੱਲੋਂ ਸ੍ਰੀ ਵਿਵੇਕ ਸਿੰਘ ਅਤੇ ਸ੍ਰੀ ਸਰਦੂਲ ਗਰਗ ਨੇ ਸਮੂਹ ਪਟਵਾਰੀਆਂ ਨੂੰ ਸੈਂਸਸ ਹੈਂਡਬੁੱਕ ਦੀ ਤਿਆਰੀ ਸਬੰਧੀ ਲੋੜੀਂਦੀ ਜਾਣਕਾਰੀ ਅਤੇ ਵਿਸਥਾਰਪੂਰਵਕ ਟ੍ਰੇਨਿੰਗ ਦਿੱਤੀ। ਇਸ ਦੌਰਾਨ ਹੈਂਡਬੁੱਕ ਤਿਆਰ ਕਰਨ ਲਈ ਲੋੜੀਂਦੇ ਅੰਕੜਿਆਂ ਅਤੇ ਜਾਣਕਾਰੀ ਨੂੰ ਇਕੱਤਰ ਕਰਨ, ਦਰਜ ਕਰਨ ਅਤੇ ਨਿਰਧਾਰਤ ਪ੍ਰਕਿਰਿਆ ਅਨੁਸਾਰ ਕੰਮ ਕਰਨ ਸਬੰਧੀ ਵਿਸਥਾਰ ਨਾਲ ਜਾਣੂ ਕਰਵਾਇਆ ਗਿਆ। ਸੈਂਸਸ ਹੈਂਡਬੁੱਕ ਨਾਲ ਸਬੰਧਤ ਕੰਮ 10 ਅਗਸਤ 2026 ਤੋਂ 8 ਸਤੰਬਰ 2026 ਤਕ ਮੁਕੰਮਲ ਕੀਤਾ ਜਾਣਾ ਹੈ।




# ਚੇਅਰਮੈਨ ਜੋਬਨ ਰੰਧਾਵਾ ਵਲੋਂ ਹਲਕਾ ਫਤਿਹਗੜ੍ਹ ਚੂੜੀਆਂ ਦੇ ਵਿਕਾਸ ਕਾਰਜਾਂ ਸਬੰਧੀ ਅਧਿਕਾਰੀਆਂ ਨਾਲ ਮੀਟਿੰਗ



**ਬਟਾਲਾ, 8 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਫਤਿਹਗੜ੍ਹ ਚੂੜੀਆਂ ਵਿਧਾਨ ਸਭਾ ਹਲਕੇ ਦੇ ਇੰਚਾਰਜ ਚੇਅਰਮੈਨ ਜੋਬਨ ਰੰਧਾਵਾ ਵਲੋਂ ਫਤਿਹਗੜ੍ਹ ਚੂੜੀਆਂ ਹਲਕੇ ਵਿੱਚ ਵੱਖ-ਵੱਖ ਵਿਕਾਸ ਕਾਰਜਾਂ ਦੇ ਸਬੰਧ ਵਿੱਚ ਅਧਿਕਾਰੀਆਂ ਨਾਲ ਮੀਟਿੰਗ ਕੀਤੀ ਗਈ। ਇਸ ਮੌਕੇ ਗੁਰਸਿਮਰਨ ਸਿੰਘ ਢਿੱਲੋਂ, ਵਧੀਕ ਡਿਪਟੀ ਕਮਿਸ਼ਨਰ (ਜ), ਸੁਖਜਿੰਦਰ ਸਿੰਘ ਟਿਵਾਣਾ, ਐੱਸ. ਡੀ.ਐੱਮ ਫਤਿਹਗੜ੍ਹ ਚੂੜੀਆਂ, ਹਰਬੰਸ ਸਿੰਘ ਡੀ.ਐੱਸ.ਪੀ, ਹਰਪ੍ਰੀਤ ਸਿੰਘ ਡੀ.ਡੀ.ਪੀ.ਓ, ਸੀ.ਡੀ.ਪੀ.ਓ ਸ੍ਰੀਮਤੀ ਹਰਜੀਤ ਕੌਰ, ਬੀ.ਡੀ.ਪੀ.ਓ ਸ੍ਰੀਮਤੀ ਪਰਮਜੀਤ ਕੌਰ, ਕੁਲਜੀਤ ਸਿੰਘ ਜ਼ਿਲ੍ਹਾ ਮੰਡੀ ਅਫਸਰ ਸਮੇਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਆਦਿ ਮੌਜੂਦ ਸਨ।

ਘਸੀਟਪੁਰ ਵਿਖੇ ਕੀਤੀ ਮੀਟਿੰਗ ਦੌਰਾਨ ਚੇਅਰਮੈਨ ਜ਼ਿਲ੍ਹਾ ਪਲਾਨਿੰਗ ਬੋਰਡ ਜੋਬਨ ਰੰਧਾਵਾ ਅਤੇ ਵਧੀਕ ਡਿਪਟੀ ਕਮਿਸ਼ਨਰ ਵਲੋਂ ਫਤਿਹਗੜ੍ਹ ਚੂੜੀਆਂ ਸ਼ਹਿਰ ਅਤੇ ਪਿੰਡਾਂ ਵਿੱਚ ਕਰਵਾਏ ਜਾ ਰਹੇ ਵੱਖ-ਵੱਖ ਕਾਰਜਾਂ, ਲਿੰਕ ਸੜਕਾਂ ਦਾ ਨਿਰਮਾਣ ਤੇ ਮੁਰੰਮਤ, ਮਗਨਰੇਗਾ, ਸੈਨੀਟੇਸ਼ਨ ਤੇ ਜਲ ਸਪਲਾਈ ਵਿਭਾਗ, ਨਹਿਰੀ ਆਦਿ ਅਧੀਨ ਕਰਵਾਏ ਜਾ ਰਹੇ ਕਾਰਜਾਂ ਸਬੰਧੀ ਵਿਸਥਾਰ ਪੂਰਵਕ ਜਾਇਜ਼ਾ ਲਿਆ ਗਿਆ ਅਤੇ ਨਿਸ਼ਚਿਤ ਸਮੇਂ ਅੰਦਰ ਵਿਕਾਸ ਕਾਰਜ ਮੁਕੰਮਲ ਕਰਨ ਲਈ ਲਈ ਅਧਿਕਾਰੀਆਂ ਨੂੰ ਦਿਸ਼ਾ ਨਿਰਦੇਸ਼ ਦਿੱਤੇ ਗਏ।

ਉਨ੍ਹਾਂ ਨੇ ਕਿਹਾ ਕਿ ਇਸ ਮੀਟਿੰਗ ਦਾ ਮਨੋਰਥ ਵੱਖ-ਵੱਖ ਵਿਭਾਗਾਂ ਦਾ ਆਪਸੀ ਤਾਲਮੇਲ ਕਰਵਾ ਕੇ ਚੱਲ ਰਹੇ ਅਤੇ ਹੋਰ ਸ਼ੁਰੂ ਕੀਤੇ ਜਾਣ ਵਾਲੇ ਕੰਮਾਂ ਵਿੱਚ ਤੇਜ਼ੀ ਲਿਆਉਣਾ ਹੈ। ਉਨਾਂ ਅਧਿਕਾਰੀਆਂ ਨੂੰ ਕਿਹਾ ਕਿ ਉਹ ਸਰਕਾਰ ਵਲੋਂ ਚਲਾਈਆਂ ਜਾਂਦੀਆਂ ਵੱਖ-ਵੱਖ ਲੋਕ ਭਲਾਈ ਸਕੀਮਾਂ ਸਬੰਧੀ ਸਰਪੰਚਾਂ-ਪੰਚਾਂ/ਕੌਂਸਲਰਾਂ ਨੂੰ ਦੱਸਣ ਤਾਂ ਜੋ ਪਿੰਡਾਂ ਤੇ ਸ਼ਹਿਰੀ ਖੇਤਰ ਅੰਦਰ ਲੋਕਹਿੱਤ ਵਿੱਚ ਵੱਧ ਤੋਂ ਵੱਧ ਵਿਕਾਸ ਕਾਰਜ ਕਰਵਾਏ ਜਾ ਸਕਣ।

ਹਲਕਾ ਇੰਚਾਰਜ ਜੋਬਨ ਰੰਧਾਵਾ ਨੇ ਕਿਹਾ ਕਿ ਸ. ਭਗਵੰਤ ਸਿੰਘ ਮਾਨ, ਮੁੱਖ ਮੰਤਰੀ ਦੀ ਅਗਵਾਈ ਹੇਠ ਪੰਜਾਬ ਸਰਕਾਰ ਵਿਕਾਸ ਕਾਰਜਾਂ ਲਈ ਲਗਾਤਾਰ ਯਤਨਸ਼ੀਲ ਹੈ ਤੇ ਹੁਣ ਅਧਿਕਾਰੀ ਇਹ ਯਕੀਨੀ ਬਣਾਉਣ ਕਿ ਕੋਈ ਵੀ ਕੰਮ ਮਿੱਥੇ ਸਮੇਂ ਤੋਂ ਲੇਟ ਨਾ ਹੋਵੇ।

ਮੀਟਿੰਗ ਦੌਰਾਨ ਉਨਾਂ ਨੇ ਫਤਿਹਗੜ੍ਹ ਚੂੜੀਆਂ ਸ਼ਹਿਰ ਅੰਦਰ ਕੂੜੇ ਦੀ ਸਮੱਸਿਆ ਦੇ ਹੱਲ ਕਰਨ ਅਤੇ ਸੀਵਰੇਜ ਦੀ ਸਮੱਸਿਆ ਦਾ ਹੱਲ ਕਰਨ ਸਮੇਤ ਫਤਿਹਗੜ੍ਹ ਚੂੜੀਆਂ ਵਿਖੇ ਬੱਸ ਅੱਡਾ ਬਣਾਉਣ ਸਬੰਧੀ ਅਧਿਕਾਰੀਆਂ ਨੂੰ ਤੇਜ਼ੀ ਨਾਲ ਕੰਮ ਕਰਨ ਲਈ ਕਿਹਾ।

ਉਨ੍ਹਾਂ ਨੇ ਲੇਬਰ ਵਿਭਾਗ ਨੂੰ ਮਜਦੂਰ ਵਰਗ ਦੇ ਕਾਰਡ ਬਣਾਉਣ ਅਤੇ ਸਰਕਾਰ ਵਲੋਂ ਇਨ੍ਹਾਂ ਨੂੰ ਮੁਹੱਈਆ ਕਰਵਾਈਆਂ ਜਾ ਰਹੀਆਂ ਲੋਕ ਭਲਾਈ ਸਕੀਮਾਂ ਦਾ ਲਾਭ ਪੁਜਦਾ ਕਰਨ ਲਈ ਜਲਦ ਕਾਰਵਾਈ ਕਰਨ ਲਈ ਕਿਹਾ। ਉਨ੍ਹਾਂ ਨੇ ਆਸ਼ੀਰਵਾਦ ਤੇ ਵਜੀਫਾ ਸਕੀਮ ਸਬੰਧੀ ਵੀ ਸਰਕਾਰ ਵਲੋਂ ਚਲਾਈਆਂ ਜਾ ਰਹੀਆਂ ਲੋਕਪੱਖੀ ਸਕੀਮਾਂ ਦਾ ਲਾਭ ਲੋੜਵੰਦ ਲੋਕਾਂ ਤੱਕ ਪੁਜਦਾ ਕਰਨ ਲਈ ਕਿਹਾ।

ਉਨ੍ਹਾਂ ਕਿਹਾ ਕਿ ਵਿਕਾਸ ਕੰਮਾਂ ਵਿੱਚ ਕਿਸੇ ਵੀ ਤਰ੍ਹਾਂ ਦੀ ਅਣਗਹਿਲੀ ਬਿਲਕੁਲ ਬਰਦਾਸ਼ਤ ਨਹੀਂ ਕੀਤੀ ਜਾਵੇਗੀ।

# ਆਮ ਆਦਮੀ ਪਾਰਟੀ ਦੇ ਹਰ ਨੁਮਾਇੰਦੇ ਦਾ ਮਕਸਦ ਸਿਰਫ ਅਤੇ ਸਿਰਫ ਲੋਕਾਂ ਦੇ ਕੰਮ ਕਰਨਾ: ਕੁਲਵੰਤ ਸਿੰਘ



**ਮੁਹਾਲੀ, 8 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਆਮ ਆਦਮੀ ਪਾਰਟੀ ਦੇ ਹਰ ਵਰਕਰ, ਸਮਰਥਕ ਅਤੇ ਚੁਣੇ ਹੋਏ ਹਰ ਨੁਮਾਇੰਦੇ ਦਾ ਫਰਜ਼ ਅਤੇ ਮਕਸਦ ਸਿਰਫ ਅਤੇ ਸਿਰਫ ਲੋਕਾਂ ਦੇ ਕੰਮਾਂ ਨੂੰ ਸਮਾਂ ਰਹਿੰਦਿਆਂ ਹੱਲ ਕਰਨਾ ਅਤੇ ਸੂਬੇ ਦਾ ਸਰਬਪੱਖੀ ਵਿਕਾਸ ਕਰਨਾ ਹੈ, ਲੋਕਾਂ ਦੀ ਸੰਤੁਸ਼ਟੀ ਹੀ ਸਾਡੇ ਲਈ ਖੁਸ਼ੀ ਵਾਲੀ ਗੱਲ ਹੁੰਦੀ ਹੈ, ਇਹ ਗੱਲ ਮੋਹਾਲੀ ਤੋਂ ਵਿਧਾਇਕ - ਕੁਲਵੰਤ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕਹੀ, ਵਿਧਾਇਕ ਕੁਲਵੰਤ ਸਿੰਘ ਅੱਜ ਬਿਲੋਂਗੀ ਨਿਵਾਸੀ 20 ਤੋਂ ਵੀ ਵੱਧ ਪਰਿਵਾਰ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋਣ ਸਬੰਧੀ ਰੱਖੇ ਗਏ ਸੰਖੇਪ ਪ੍ਰੰਤੂ ਪ੍ਰਭਾਵਸ਼ਾਲੀ ਸਮਾਗਮ ਦੇ ਦੌਰਾਨ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰ ਰਹੇ ਸਨ। ਵਿਧਾਇਕ ਕੁਲਵੰਤ ਸਿੰਘ ਹੋਰਾਂ ਦੱਸਿਆ ਕਿ ਅੱਜ ਬਲੌਂਗੀ ਤੋਂ ਸਾਬਕਾ ਮੈਂਬਰ ਪੰਚਾਇਤ- ਲਾਲ ਬਹਾਦਰ , ਦਲੀਪ ਕੁਮਾਰ ਬਲੌਂਗੀ, ਬੁੱਧਰਾਮ ਵਰਮਾ ਤੇ ਆਧਾਰਿਤ ਟੀਮ ਦੇ ਵੱਲੋਂ ਬਲੌਂਗੀ ਵਿੱਚ ਆਮ ਆਦਮੀ ਪਾਰਟੀ ਦੇ ਸੰਗਠਨਾਤਮਕ ਢਾਂਚੇ ਨੂੰ ਹੋਰ ਮਜਬੂਤ ਕਰਨ ਦੇ ਲਈ ਲਗਾਤਾਰ ਕੰਮ ਕੀਤਾ ਜਾ ਰਿਹਾ ਹੈ, ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਉਹਨਾਂ ਦੀ ਥੋੜੀ ਦੇਰ ਪਹਿਲਾਂ ਹੀ ਲਾਲ ਬਹਾਦਰ -ਮੈਂਬਰ ਪੰਚਾਇਤ ਅਤੇ ਹੋਰਨਾਂ ਨਾਲ ਗੱਲ ਹੋ ਰਹੀ ਸੀ, ਤੇ ਇਹਨਾਂ ਸਭਨਾਂ ਵੱਲੋਂ ਇਹ ਸਪਸ਼ਟ ਕਿਹਾ ਗਿਆ ਹੈ ਕਿ ਆਮ ਆਦਮੀ ਪਾਰਟੀ ਦੀਆਂ ਨੀਤੀਆਂ ਤੋਂ ਖੁਸ਼ ਹੋ ਅਤੇ ਲਗਾਤਾਰ ਕੀਤੇ ਜਾ ਰਹੇ ਕੰਮਾਂ ਦੇ ਚਲਦਿਆਂ ਹੀ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋ ਰਹੇ ਹਨ। ਵਿਧਾਇਕ ਕੁਲਵੰਤ ਸਿੰਘ ਹੋਰਾਂ ਕਿਹਾ ਕਿ ਮੈਂ ਇਹਨਾਂ ਸਭਨਾਂ ਦਾ ਪਾਰਟੀ ਵਿੱਚ ਸ਼ਾਮਿਲ ਹੋਣ ਦੇ ਸਵਾਗਤ ਕਰਦਾ ਹਾਂ। ਅਤੇ ਅੱਜ ਜਿਹੜੇ 20 ਤੋਂ ਵੀ ਵੱਧ ਪਰਿਵਾਰ ਆਮ ਆਦਮੀ ਪਾਰਟੀ ਦੇ ਪਰਿਵਾਰ ਦਾ ਹਿੱਸਾ ਬਣੇ ਹਨ।

# ਭਾਈ ਡਾ. ਗੁਰਨਾਮ ਸਿੰਘ ਜੀ 'ਸ਼੍ਰੋਮਣੀ ਕੀਰਤਨੀਏ ਐਵਾਰਡ' ਨਾਲ ਸਨਮਾਨਿਤ: ਕਾਲਕਾ



**ਨਵੀਂ ਦਿੱਲੀ, 8 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਧੰਨ ਧੰਨ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਮੌਕੇ ਗੁਰਮਤਿ ਸੰਗੀਤ ਅਤੇ ਗੁਰਬਾਣੀ ਕੀਰਤਨ ਦੀ ਮਹਾਨ ਪ੍ਰੰਪਰਾ ਨੂੰ ਪ੍ਰਫੁੱਲਤ ਕਰਨ ਦੇ ਉਦੇਸ਼ ਨਾਲ ਵਿਸ਼ੇਸ਼ ਸਨਮਾਨ ਸਮਾਰੋਹ ਕਰਵਾਇਆ ਗਿਆ। ਇਸ ਮੌਕੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਅਤੇ ਜਰਨਲ ਸਕੱਤਰ ਜਗਦੀਪ ਸਿੰਘ ਕਾਹਲੋਂ ਨੇ ਦੱਸਿਆ ਕਿ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਪਿਛਲੇ ਸਾਲ ਸ਼ੁਰੂ ਕੀਤਾ ਗਿਆਸ਼੍ਰੋਮਣੀ ਕੀਰਤਨੀਏ ਅਵਾਰਡ÷ ਗੁਰਮਤਿ ਸੰਗੀਤ ਦੇ ਖੇਤਰ ਵਿੱਚ ਵਿਲੱਖਣ ਅਤੇ ਲੰਬੇ ਸਮੇਂ ਤੋਂ ਨਿਭਾਈਆਂ ਜਾ ਰਹੀਆਂ ਸੇਵਾਵਾਂ ਦਾ ਸਰਵੱਚ ਸਨਮਾਨ ਹੈ, ਜਿਸ ਨਾਲ 11 ਲੱਖ ਰੁਪਏ ਦੀ ਸਨਮਾਨ ਰਾਸ਼ੀ ਭੇਂਟ ਕੀਤੀ ਜਾਂਦੀ ਹੈ। ਉਨ੍ਹਾਂ ਦੱਸਿਆ ਕਿ ਇਸ ਸਾਲ ਇਹ ਸਨਮਾਨ ਭਾਈ ਲੱਖੀ ਸ਼ਾਹ ਵਣਜਾਰਾ ਹਾਲ, ਗੁਰਦੁਆਰਾ ਸ੍ਰੀ ਰਕਾਬ ਗੰਜ ਸਾਹਿਬ ਵਿਖੇ ਪ੍ਰਸਿੱਧ ਵਿਦਵਾਨ ਕੀਰਤਨੀਏ ਡਾ. ਗੁਰਨਾਮ ਸਿੰਘ ਜੀ ਨੂੰ ਉਨ੍ਹਾਂ ਵੱਲੋਂ ਪਿਛਲੇ 45 ਸਾਲਾਂ ਤੋਂ ਦੇਸ਼-ਵਿਦੇਸ਼ ਵਿੱਚ ਰਾਗਬੱਧ ਗੁਰਬਾਣੀ ਕੀਰਤਨ ਦੀ ਲਗਾਤਾਰ ਅਤੇ ਸਮਰਪਿਤ ਸੇਵਾ ਨੂੰ ਮੁੱਖ ਰੱਖਦਿਆਂ ਭੇਂਟ ਕੀਤਾ ਗਿਆ।

# ਜਥੇਦਾਰ ਮਨਮੋਹਨ ਸਿੰਘ ਖੇੜਾ ਅਕਾਲੀ ਦਲ ਵਾਰਿਸ ਪੰਜਾਬ ਪਾਰਟੀ ਦੇ ਜ਼ਿਲ੍ਹਾ ਖੰਨਾ ਦੇ ਪ੍ਰਧਾਨ ਨਿਯੁਕਤ



**ਮਾਛੀਵਾੜਾ ਸਾਹਿਬ, 8 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸਮਰਾਲਾ ਹਲਕੇ ਵਿੱਚ ਅਕਾਲੀ ਦਲ ਵਾਰਿਸ ਪੰਜਾਬ ਦੇ ਪਾਰਟੀ ਨੇ ਆਪਣੀਆਂ ਸਰਗਰਮੀਆਂ ਤੇਜ਼ ਕਰ ਦਿੱਤੀਆਂ ਹਨ।ਅਕਾਲੀ ਦਲ ਵਾਰਿਸ ਪੰਜਾਬ ਪਾਰਟੀ ਵੱਲੋਂ ਆਪਣੇ ਜਥੇਬੰਦਕ ਢਾਂਚੇ ਦਾ ਵਿਸਥਾਰ ਕਰਦਿਆਂ ਮਾਛੀਵਾੜਾ ਦੇ ਜਥੇਦਾਰ ਮਨਮੋਹਣ ਸਿੰਘ ਖੇੜਾ ਨੂੰ ਜ਼ਿਲ੍ਹਾ ਪ੍ਰਧਾਨ ਨਿਯੁਕਤ ਕੀਤਾ ਹੈ।

ਸਮਾਗਮ 'ਚ ਵਿਸ਼ੇਸ਼ ਤੌਰ 'ਤੇ ਪੁੱਜੇ ਸੀਨੀਅਰ ਆਗੂ ਬਰਜਿੰਦਰ ਸਿੰਘ ਬਬਲੂ ਲੋਪੋਂ ਨੇ ਇਹ ਅਹੁਦਾ ਮਿਲਣ 'ਤੇ ਜਥੇਦਾਰ ਮਨਮੋਹਣ ਸਿੰਘ ਖੇੜਾ ਨੂੰ ਸਿਰੋਪਾਓ ਪਾ ਕੇ ਸਨਮਾਨਿਤ ਕੀਤਾ। ਇਸ ਮੌਕੇ ਗੱਲਬਾਤ ਕਰਦਿਆਂ ਬਬਲੂ ਲੋਪੋਂ ਨੇ ਕਿਹਾ ਕਿ ਪੰਜਾਬ ਦਾ ਨੌਜਵਾਨ ਵੱਡੇ ਪੱਧਰ 'ਤੇ ਵਾਰਿਸ ਪੰਜਾਬ ਪਾਰਟੀ ਨਾਲ ਜੁੜ ਰਿਹਾ ਹੈ ਤੇ ਜਥੇਦਾਰ ਮਨਮੋਹਣ ਸਿੰਘ ਵਰਗੇ ਪੰਥਕ ਆਗੂ ਸਾਡੀ ਜ਼ਿਲ੍ਹੇ 'ਚ ਪਾਰਟੀ ਦੀ ਅਗਵਾਈ ਕਰਨਗੇ, ਜੋ ਬੜੇ ਮਾਣ ਵਾਲੀ ਗੱਲ ਹੈ।ਉਨ੍ਹਾਂ ਕਿਹਾ ਕਿ ਖੇੜਾ ਪਰਿਵਾਰ ਸ਼ੁਰੂ ਤੋਂ ਹੀ ਸਿਆਸਤ ਨਾਲ ਜੁੜਿਆ ਹੋਇਆ ਹੈ, ਜਿਨ੍ਹਾਂ ਦੀਆਂ ਸੇਵਾਵਾਂ ਸਦਕਾ ਜ਼ਿਲ੍ਹਾ ਲੁਧਿਆਣਾ 'ਚ ਪਾਰਟੀ ਹੋਰ ਮਜ਼ਬੂਤ ਹੋਵੇਗੀ।

ਇਸ ਮੌਕੇ ਨਵ-ਨਿਯੁਕਤ ਜ਼ਿਲਾ ਪ੍ਰਧਾਨ ਮਨਮੋਹਣ ਸਿੰਘ ਖੇੜਾ ਨੇ ਕਿਹਾ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਹਿੱਤਾਂ ਦੀ ਲੜਾਈ ਲੜ ਰਹੀ ਹੈ ਤੇ ਇਸ ਪਾਰਟੀ ਵੱਲੋਂ ਜੋ ਜ਼ਿੰਮੇਵਾਰੀ ਸੌਂਪੀ ਗਈ ਹੈ, ਉਹ ਤਨਦੇਹੀ ਨਾਲ ਨਿਭਾਉਣਗੇ। ਉਨਾਂ ਕਿਹਾ ਕਿ ਜ਼ਿਲ੍ਹੇ ਚ ਪਿੰਡ-ਪਿੰਡ ਜਾ ਕੇ ਅਕਾਲੀ ਦਲ ਵਾਰਿਸ ਪੰਜਾਬ ਦੀਆਂ ਨੀਤੀਆਂ ਦਾ ਪ੍ਰਚਾਰ ਕੀਤਾ ਜਾਵੇਗਾ ਤੇ ਲੋਕਾਂ ਨੂੰ ਲਾਮਬੰਦ ਕੀਤਾ ਜਾਵੇਗਾ। ਇਸ ਮੌਕੇ ਮਨਰਾਜ ਸਿੰਘ ਲੁਬਾਣਗੜ੍ਹ, ਪਰਮਜੀਤ ਸਿੰਘ ਚੀਮਾ, ਜੀਤ ਸਿੰਘ ਰਾਮਗੜ੍ਹ, ਭੁਪਿੰਦਰ ਸਿੰਘ ਹਿਯਾਤਪੁਰ, ਬਲਜੋਤ ਸਿੰਘ, ਗੁਰਦੀਪ ਸਿੰਘ, ਹਰਜੀਤ ਸਿੰਘ, ਨਿਰਮਲ ਸਿੰਘ, ਦਰਸ਼ਨ ਸਿੰਘ, ਅਭੀ ਬੈਨੀਪਾਲ, ਜਗਜੀਤ ਸਿੰਘ, ਰਣਜੋਧ ਸਿੰਘ, ਬਖਸ਼ੀਸ਼ ਸਿੰਘ, ਰਣਜੋਤ ਸਿੰਘ, ਹਰਦਿਲ ਸਿੰਘ, ਸੁਰੇਸ਼ਪਾਲ ਧਨੂੰਰ, ਜਥੇਦਾਰ ਰਣਵੀਰ ਸਿੰਘ, ਅਮਰਜੀਤ ਸਿੰਘ ਤੇ ਜਸਵਿੰਦਰ ਸਿੰਘ ਵੀ ਹਾਜ਼ਰ ਸਨ।

# ਸਹੁੰ ਚੁੱਕ ਸਮਾਰੋਹ ਰੋਕਣ ਦੀ ਮੰਗ, 9 ਕੌਂਸਲਰਾਂ ਨੇ ਕਾਰਜ ਸਾਧਕ ਅ.ਫਸਰ ਨੂੰ ਦਿੱਤਾ ਮੰਗ ਪੱਤਰ



**ਮੋਰਿੰਡਾ, 8 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਨਗਰ ਕੌਂਸਲ ਮੋਰਿੰਡਾ ਦੇ 9 ਕੌਂਸਲਰਾਂ ਨੇ ਐਸ ਡੀ ਐਮ ਮੋਰਿੰਡਾ ਅਤੇ ਕਾਰਜ ਸਾਧਕ ਅਫ਼ਸਰ ਨੂੰ ਮੰਗ ਪੱਤਰ ਦੇ ਕੇ ਪ੍ਰਧਾਨ ਅਤੇ ਸੀਨੀਅਰ ਮੀਤ ਪ੍ਰਧਾਨ ਦੀ ਚੋਣ ਪ੍ਰਕਿਰਿਆ 'ਤੇ ਇਤਰਾਜ਼ ਜਤਾਉਂਦਿਆਂ ਸਹੁੰ ਚੁੱਕ ਸਮਾਰੋਹ ਫ਼ਿਲਹਾਲ ਨਾ ਕਰਵਾਉਣ ਦੀ ਮੰਗ ਕੀਤੀ ਹੈ।

ਇਸ ਸਬੰਧੀ ਮੰਗ ਪੱਤਰ ਵਿੱਚ ਕੌਂਸਲਰਾਂ ਮਨਦੀਪ ਸਿੰਘ ਬਾਜਵਾ,ਸੁਰਿੰਦਰ ਕੌਰ, ਕਮਲਜੀਤ ਕੌਰ ਬਾਜਵਾ,ਸਿਕੰਦਰ ਕੌਰ ਸ਼ੇਰਗਿਲ, ਪਿੰਕੀ ਕੌਰ,ਗੁੰਜਨ ਸੂਦ, ਨੇਹਾ ਸਰਮਾ,ਰਾਜੇਸ਼ ਕੁਮਾਰ ਸਸੋਦੀਆ, ਮਹਿੰਦਰ ਸਿੰਘ ਢਿੱਲੋ ਨੇ ਆਪਣੇ ਪੱਤਰ ਵਿੱਚ ਕਿਹਾ ਕਿ 8 ਜੁਲਾਈ ਨੂੰ ਹੋਣ ਵਾਲੀ ਚੋਣ ਮੀਟਿੰਗ ਉਪ ਮੰਡਲ ਮੈਜਿਸਟਰੇਟ ਦੀ ਖ਼ਰਾਬ ਸਿਹਤ ਕਾਰਨ ਮੁਲਤਵੀ ਕਰ ਦਿੱਤੀ ਗਈ ਸੀ। ਇਸ ਤੋਂ ਬਾਅਦ 10 ਜੁਲਾਈ ਨੂੰ ਹੋਈ ਚੋਣ ਦੌਰਾਨ ਕਥਿਤ ਤੌਰ 'ਤੇ ਨਿਯਮਾਂ ਦੀ ਉਲੰਘਣਾ ਕਰਦੇ ਹੋਏ ਅਤੇ ਧੱਕੇਸ਼ਾਹੀ ਨਾਲ ਸਿਰਫ਼ 6 ਮੈਂਬਰਾਂ ਦੀ ਹਾਜ਼ਰੀ ਵਿੱਚ ਪ੍ਰਧਾਨ ਦੀ ਚੋਣ ਕੀਤੀ ਗਈ। ਉਨ੍ਹਾਂ ਦਾ ਦੋਸ਼ ਹੈ ਕਿ ਚੋਣ ਸਬੰਧੀ ਜਾਰੀ ਕੀਤੇ ਗਏ ਨੋਟਿਸਾਂ ਵਿੱਚ ਸਹੁੰ ਚੁੱਕਣ ਬਾਰੇ ਕੋਈ ਜ਼ਿਕਰ ਨਹੀਂ ਸੀ।

ਮੰਗ ਪੱਤਰ ਅਨੁਸਾਰ, 3 ਅਗਸਤ ਅਤੇ 8 ਅਗਸਤ ਲਈ ਸਹੁੰ ਚੁੱਕ ਸਮਾਰੋਹ ਸਬੰਧੀ ਜਾਰੀ ਕੀਤੇ ਗਏ ਪੱਤਰ ਸਿਰਫ਼ 9 ਕੌਂਸਲਰਾਂ ਨੂੰ ਹੀ ਭੇਜੇ ਗਏ, ਜਦਕਿ ਇਹ ਸੂਚਨਾ ਸਾਰੇ 15 ਕੌਂਸਲਰਾਂ ਨੂੰ ਦਿੱਤੀ ਜਾਣੀ ਚਾਹੀਦੀ ਸੀ ਤਾਂ ਜੋ ਸਾਰੇ ਮੈਂਬਰ ਇਕੱਠੇ ਸਹੁੰ ਚੁੱਕ ਸਕਣ।

ਕੌਂਸਲਰਾਂ ਨੇ ਇਹ ਵੀ ਕਿਹਾ ਕਿ ਇਸ ਮਾਮਲੇ ਸਬੰਧੀ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਿੱਚ ਕੇਸ ਵਿਚਾਰ ਅਧੀਨ ਹੈ। ਇਸ ਲਈ ਉਨ੍ਹਾਂ ਨੇ ਮੰਗ ਕੀਤੀ ਹੈ ਕਿ ਅਦਾਲਤ ਦਾ ਫ਼ੈਸਲਾ ਆਉਣ ਤੱਕ ਸਹੁੰ ਚੁੱਕ ਸਮਾਰੋਹ ਨਾ ਕਰਵਾਇਆ ਜਾਵੇ। ਹਾਲਾਂਕਿ, ਜੇਕਰ ਸਰਕਾਰੀ ਕੰਮਕਾਜ ਜਾਂ ਜ਼ਰੂਰੀ ਮਤਿਆਂ ਲਈ ਕੋਈ ਮੀਟਿੰਗ ਬੁਲਾਈ ਜਾਂਦੀ ਹੈ ਤਾਂ ਉਨ੍ਹਾਂ ਨੂੰ ਸੂਚਿਤ ਕੀਤਾ ਜਾਵੇ ਅਤੇ ਉਹ ਕਾਨੂੰਨ ਅਨੁਸਾਰ ਉਸ ਵਿੱਚ ਸ਼ਾਮਲ ਹੋਣਗੇ।

ਮੰਗ ਪੱਤਰ ਦੀਆਂ ਕਾਪੀਆਂ ਸਥਾਨਕ ਸਰਕਾਰਾਂ ਦੇ ਮੰਤਰੀ, ਡਿਪਟੀ ਕਮਿਸ਼ਨਰ ਰੂਪਨਗਰ ਨੂੰ ਵੀ ਭੇਜੀਆਂ ਗਈਆਂ ਹਨ। ਇਸ ਮੌਕੇ ਸ਼ਹਿਰੀ ਕਾਂਗਰਸ ਮੋਰਿੰਡਾ ਦੇ ਪ੍ਰਧਾਨ ਰਾਹੁਲ ਸ਼ਰਮਾ ਨਗਰ ਕੌਂਸਲ ਮੋਰਿੰਡਾ ਦੇ ਸਾਬਕਾ ਪ੍ਰਧਾਨ ਰਕੇਸ਼ ਕੁਮਾਰ ਬੱਗਾ ਵੀ ਹਾਜ਼ਰ ਸਨ।

# ਜੋਨ ਪੱਧਰੀ ਖੇਡਾਂ ਵਿੱਚ ਗਿਆਨ ਗੰਗਾ ਦਾ ਸ਼ਾਨਦਾਰ ਪ੍ਰਦਰਸ਼ਨ



**ਮੋਗਾ, 8 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਜੋਨ ਪੱਧਰੀ ਖੇਡਾਂ ਵਿੱਚ ਗਿਆਨ ਗੰਗਾ ਦਾ ਸ਼ਾਨਦਾਰ ਪ੍ਰਦਰਸ਼ਨ, ਫੁੱਟਬਾਲ ਤੇ ਬੈਡਮਿੰਟਨ ਵਿੱਚ ਸੋਨੇ ਦੇ ਤਗਮੇ, ਸਕੇਟਿੰਗ ਵਿੱਚ ਕਾਂਸੀ ਮੂਣਕ: 70ਵੀਆਂ ਜੋਨ ਪੱਧਰੀ ਸਕੂਲੀ ਖੇਡਾਂ ਵਿੱਚ ਗਿਆਨ ਗੰਗਾ ਇੰਟਰਨੈਸ਼ਨਲ ਸਕੂਲ, ਬਲਰਾਂ ਦੇ ਵਿਦਿਆਰਥੀਆਂ ਨੇ ਵੱਖ-ਵੱਖ ਖੇਡਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸਕੂਲ ਦਾ ਨਾਂ ਰੌਸ਼ਨ ਕੀਤਾ। ਫੁੱਟਬਾਲ, ਬੈਡਮਿੰਟਨ ਅਤੇ ਸਕੇਟਿੰਗ ਦੇ ਮੁਕਾਬਲਿਆਂ ਵਿੱਚ ਵਿਦਿਆਰਥੀਆਂ ਨੇ ਆਪਣੀ ਖੇਡ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸੋਨੇ ਅਤੇ ਕਾਂਸੀ ਦੇ ਤਗਮੇ ਹਾਸਲ ਕੀਤੇ। ਫੁੱਟਬਾਲ ਦੇ ਮੁਕਾਬਲੇ ਸਟੇਡੀਅਮ ਲਹਿਰਾ ਵਿਖੇ ਕਰਵਾਏ ਗਏ, ਜਿੱਥੇ ਗਿਆਨ ਗੰਗਾ ਇੰਟਰਨੈਸ਼ਨਲ ਸਕੂਲ ਦੀਆਂ ਅੰਡਰ-14 ਅਤੇ ਅੰਡਰ-17 ਟੀਮਾਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸੋਨੇ ਦੇ ਤਗਮੇ ਜਿੱਤੇ। ਦੋਵੇਂ ਵਰਗਾਂ ਦੇ ਜੇਤੂ ਖਿਡਾਰੀਆਂ ਦੀ ਜ਼ਿਲ੍ਹਾ ਪੱਧਰੀ ਮੁਕਾਬਲਿਆਂ ਲਈ ਚੋਣ ਵੀ ਹੋਈ ਹੈ।

ਇਸੇ ਤਰ੍ਹਾਂ ਅੰਡਰ-19 ਬੈਡਮਿੰਟਨ ਮੁਕਾਬਲਿਆਂ ਵਿੱਚ ਵੀ ਗਿਆਨ ਗੰਗਾ ਦੇ ਖਿਡਾਰੀਆਂ ਨੇ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕਰਦਿਆਂ ਸੋਨੇ ਦਾ ਤਗਮਾ ਜਿੱਤਿਆ। ਇਸ ਸ਼ਾਨਦਾਰ ਪ੍ਰਦਰਸ਼ਨ ਦੇ ਆਧਾਰ 'ਤੇ ਖਿਡਾਰੀ ਦੀ ਜ਼ਿਲ੍ਹਾ ਪੱਧਰੀ ਮੁਕਾਬਲਿਆਂ ਲਈ ਚੋਣ ਹੋਈ ਹੈ। ਅੰਡਰ-11 ਸਕੇਟਿੰਗ ਮੁਕਾਬਲਿਆਂ ਵਿੱਚ ਵੀ ਗਿਆਨ ਗੰਗਾ ਦੇ ਖਿਡਾਰੀ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਕਾਂਸੀ ਦਾ ਤਗਮਾ ਹਾਸਲ ਕੀਤਾ। ਸਕੇਟਿੰਗ ਦੇ ਮੁਕਾਬਲੇ ਸੀਬਾ ਇੰਟਰਨੈਸ਼ਨਲ ਸਕੂਲ, ਲਹਿਰਾ ਵਿਖੇ ਕਰਵਾਏ ਗਏ।

ਇਨ੍ਹਾਂ ਸ਼ਾਨਦਾਰ ਪ੍ਰਾਪਤੀਆਂ 'ਤੇ ਸਕੂਲ ਦੀ ਪ੍ਰਿੰਸੀਪਲ ਸ੍ਰੀਮਤੀ ਹਰਪ੍ਰੀਤ ਕੌਰ ਨੇ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੱਤੀ। ਉਨ੍ਹਾਂ ਨੇ ਕਿਹਾ ਕਿ ਵਿਦਿਆਰਥੀਆਂ ਦੀ ਮਿਹਨਤ, ਲਗਨ, ਅਨੁਸ਼ਾਸਨ ਅਤੇ ਖੇਡਾਂ ਪ੍ਰਤੀ ਸਮਰਪਣ ਨੇ ਪੂਰੇ ਗਿਆਨ ਗੰਗਾ ਪਰਿਵਾਰ ਨੂੰ ਮਾਣ ਮਹਿਸੂਸ ਕਰਵਾਇਆ ਹੈ। ਉਨ੍ਹਾਂ ਜ਼ਿਲ੍ਹਾ ਪੱਧਰ ਲਈ ਚੁਣੇ ਗਏ ਖਿਡਾਰੀਆਂ ਨੂੰ ਭਵਿੱਖ ਦੇ ਮੁਕਾਬਲਿਆਂ ਲਈ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਹੋਰ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ।

ਇਸ ਮੌਕੇ ਸਕੂਲ ਦੇ ਕੋਚ ਸੰਦੀਪ ਸਿੰਘ ਅਤੇ ਪ੍ਰਗਟ ਸਿੰਘ ਨੂੰ ਵੀ ਵਿਦਿਆਰਥੀਆਂ ਦੀ ਇਸ ਸ਼ਾਨਦਾਰ ਪ੍ਰਾਪਤੀ ਲਈ ਵਧਾਈ ਦਿੱਤੀ ਗਈ। ਦੋਵਾਂ ਕੋਚਾਂ ਦੀ ਰਹਿਨੁਮਾਈ ਅਤੇ ਮਿਹਨਤ ਦੀ ਸ਼ਲਾਘਾ ਕਰਦਿਆਂ ਸਕੂਲ ਪ੍ਰਬੰਧਕਾਂ ਨੇ ਕਿਹਾ ਕਿ ਖਿਡਾਰੀਆਂ ਦੀ ਸਫ਼ਲਤਾ ਪਿੱਛੇ ਕੋਚਾਂ ਦੀ ਲਗਨ ਅਤੇ ਸੁਚੱਜੀ ਸਿਖਲਾਈ ਦਾ ਅਹਿਮ ਯੋਗਦਾਨ ਹੈ। ਸਕੂਲ ਦੇ ਚੇਅਰਮੈਨ ਸ੍ਰੀ ਸੁਰੇਸ਼ ਮਿੱਤਲ ਨੇ ਵੀ ਜੇਤੂ ਵਿਦਿਆਰਥੀਆਂ ਅਤੇ ਕੋਚਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਗਿਆਨ ਗੰਗਾ ਇੰਟਰਨੈਸ਼ਨਲ ਸਕੂਲ ਦੇ ਵਿਦਿਆਰਥੀ ਸਿੱਖਿਆ ਦੇ ਨਾਲ-ਨਾਲ ਖੇਡਾਂ ਦੇ ਖੇਤਰ ਵਿੱਚ ਵੀ ਲਗਾਤਾਰ ਨਵੀਆਂ ਮੱਲਾਂ ਮਾਰ ਰਹੇ ਹਨ।

# ਪੰਜਾਬ ਸਰਕਾਰ ਆਪਣਾ ਅੜੀਅਲ ਵਤੀਰਾ ਛੱਡ ਕੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਜਾਇਜ ਮੰਗਾਂ ਮੰਨੇ

**ਪਟਿਆਲਾ, 8 ਅਗਸਤ**
**-ਬਲਜੀਤ ਸਰਨਾ-**

ਪੰਜਾਬ ਸਰਕਾਰ ਆਪਣਾ ਅੜੀਅਲ ਵਤੀਰਾ ਛੱਡ ਕੇ ਮੁਲਾਜ਼ਮਾਂ ਅਤੇ ਪੈਨਸ਼ਨਾਰਾਂ ਦੀਆਂ ਜਾਇਜ ਮੰਗਾਂ ਮੰਨ ਲਵੇ ਤਾਂ ਕਿ ਇਹਨਾਂ ਨੂੰ ਸੰਘਰਸ਼ ਦਾ ਰਾਹ ਨਾ ਅਪਣਾਉਣਾ ਪਵੇ। ਪੀ ਆਰ ਟੀ ਸੀ ਪੈਨਸ਼ਨਰਜ ਐਸੋਸੀਏਸ਼ਨ ਦੀ ਕੇਂਦਰੀ ਬਾਡੀ ਦੇ ਚੇਅਰਮੈਨ ਮੁਕੰਦ ਸਿੰਘ, ਵਾਈਸ ਚੇਅਰਮੈਨ ਬਚਿੱਤਰ ਸਿੰਘ, ਸੂਬਾ ਪ੍ਰਧਾਨ ਭਗਵੰਤ ਸਿੰਘ ਕੰਗਣਵਾਲ, ਸਕੱਤਰ ਜਨਰਲ ਹਰੀ ਸਿੰਘ 'ਚਮਕ,' ਜਨਰਲ ਸਕੱਤਰ ਬਚਨ ਸਿੰਘ ਅਰੋੜਾ ਅਤੇ ਖਜਾਨਚੀ ਅਮੋਲਕ ਸਿੰਘ ਨੇ ਸਾਂਝੇ ਬਿਆਨ ਵਿੱਚ ਪੰਜਾਬ ਸਰਕਾਰ ਨੂੰ ਉਪਰੋਕਤ ਅਪੀਲ ਕਰਦਿਆਂ ਕਿਹਾ ਕਿ ਪੰਜਾਬ ਦੇ ਸਮੁੱਚੇ ਮੁਲਾਜ਼ਮ ਅਤੇ ਪੈਨਸ਼ਨਰ ਲੰਮੇ ਸਮੇਂ ਤੋਂ ਆਪਣੀਆਂ ਹੱਕੀ ਮੰਗਾਂ ਲਈ ਜਦੋ ਜਹਿਦ ਕਰਦੇ ਆ ਰਹੇ ਹਨ ਪ੍ਰੰਤੂ ਪੰਜਾਬ ਸਰਕਾਰ ਦੀ ਇਸ ਸਬੰਧੀ ਟਾਲਮਟੋਲ ਦੀ ਨੀਤੀ ਮੁਲਾਜ਼ਮਾਂ ਤੇ ਪੈਨਸ਼ਨਰਾਂ ਵਿੱਚ ਰੋਸ ਅਤੇ ਰੋਹ ਪੈਦਾ ਕਰਦੀ ਹੈ ਤੇ ਸੰਘਰਸ਼ ਲਈ ਉਕਸਾਉਂਦੀ ਹੈ। ਜੇਕਰ ਆਈ ਏ ਐਸ, ਆਈ ਪੀ ਐਸ ਅਤੇ ਆਈ ਐਫ ਐਸ ਅਫਸਰ ਮਹਿੰਗਾਈ ਭੱਤੇ ਦੇ ਹੱਕਦਾਰ ਹਨ ਤਾਂ ਹੋਰ ਮੁਲਾਜ਼ਮ ਅਤੇ ਪੈਨਸ਼ਨਰ ਹੱਕਦਾਰ ਕਿਉਂ ਨਹੀਂ? ਇਹਨਾਂ ਨਾਲ ਵਿਤਕਰਾ ਕਿਉਂ ਕੀਤਾ ਜਾਂਦਾ ਹੈ? ਉਪਰੋਕਤ ਬੁਲਾਰਿਆਂ ਨੇ ਪੰਜਾਬ ਸਰਕਾਰ ਨੂੰ ਪੁਰਜੋਰ ਅਪੀਲ ਕੀਤੀ ਹੈ ਕਿ ਜਦੋਂ ਮਹਿੰਗਾਈ ਵਧਦੀ ਹੈ ਤਾਂ ਮੁਲਾਜ਼ਮ ਤੇ ਪੈਨਸ਼ਨਰ ਮਹਿੰਗਾਈ ਭੱਤੇ ਦੇ ਵੀ ਹੱਕਦਾਰ ਹਨ।

ਸੋ ਬਿਨਾਂ ਦੇਰੀ ਤੋਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਬਣਦਾ ਮਹਿੰਗਾਈ ਭੱਤਾ ਜਲਦੀ ਤੋਂ ਜਲਦੀ ਦਿੱਤਾ ਜਾਵੇ, ਇਹਨਾਂ ਨੂੰ ਆਪਣੇ ਹੱਕਾਂ ਤੋਂ ਵਾਂਝਾ ਰੱਖ ਕੇ ਸੰਘਰਸ਼ ਕਰਨ ਲਈ ਨਾ ਉਕਸਾਇਆ ਜਾਵੇ ਤਾਂ ਕਿ ਪੰਜਾਬ ਦਾ ਮਾਹੌਲ ਸ਼ਾਂਤ ਰਹੇ।

# ਕਾਂਗਰਸ ਦੇ ਆਗੂ ਗੌਰਵ ਸੰਧੂ ਨੇ ਮਿਸਨ 2027 ਨੂੰ ਲੈ ਕੇ ਸਨੌਰ ਹਲਕੇ ਚ ਜਨ ਸੰਪਰਕ ਮੁਹਿੰਮ ਕੀਤੀ ਤੇਜ



**ਸਨੌਰ,8 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਰਾਜੀਵ ਗਾਂਧੀ ਪੰਚਾਇਤੀ ਰਾਜ ਦੇ ਸੂਬਾ ਮੀਤ ਪ੍ਰਧਾਨ ਅਤੇ ਯੂਥ ਕਾਂਗਰਸ ਦੇ ਆਗੂ ਗੌਰਵ ਸੰਧੂ ਨੇ ,2027 ਮਿਸ਼ਨ ਨੂੰ ਲੈਕੇ ਸਨੌਰ ਹਲਕੇ ਅੰਦਰ ਜਨਸੰਪਰਕ ਮੁਹਿੰਮ ਤੇਜ ਕਰ ਦਿੱਤੀ ਹੈ।ਗੌਰਵ ਸੰਧੂ ਨੇ ਕਿਹਾ ਕਿ ਹਲਕਾ ਸਨੌਰ ਦਾ ਹਰ ਕਾਂਗਰਸੀ ਵਰਕਰ ਅੱਜ ਵੀ ਕਾਂਗਰਸ ਪਾਰਟੀ ਨਾਲ ਡਟ ਕੇ ਖੜ੍ਹਾ ਹੈ । ਉਨ੍ਹਾਂ ਕਿਹਾ ਕਿ 2027 ਵਿਚ ਕਾਂਗਰਸ ਪਾਰਟੀ ਇਸ ਹਲਕੇ ਤੋਂ ਵੱਡੀ ਲੀਡ ਨਾਲ ਜਿੱਤ ਪ੍ਰਾਪਤ ਕਰੇਗੀ। ਉਨਾਂ ਕਿਹਾ ਕਿ ਕਾਂਗਰਸ ਪਾਰਟੀ ਸਰਵਉੱਚ ਹੈ। ਕੋਈ ਵੀ ਲੀਡਰ ਇਸ ਗਲਤ ਫਹਿਮੀ 'ਚ ਨਾ ਰਹੇ ਕਿ ਵਰਕਰ ਉਸ ਦੇ ਨਾਲ ਹਨ। ਸਨੌਰ ਤੋਂ ਕਾਂਗਰਸ ਦੇ ਆਗੂ ਗੌਰਵ ਸੰਧੂ ਨੇ ਕਿਹਾ ਕਿ ਪਾਰਟੀ ਅਤੇ ਲੋਕ ਹੀ ਕਿਸੇ ਲੀਡਰ ਦਾ ਕਾਂਗਰਸੀ ਆਗੂ ਉਹਨਾਂ ਦਾ ਕੱਦ ਵਧਾਉਂਦੇ ਹਨ। ਉਨ੍ਹਾਂ ਕਿਹਾ ਕਿ ਉਹ ਲਗਾਤਾਰ ਹਲਕਾ ਸਨੌਰ ਵਿਚ ਜਾ ਰਹੇ ਹਨ। ਅਤੇ ਇਕ ਇਕ ਪਿੰਡ ਵਿਚ 4 ਚਾਰ ਵਾਰ ਜਾ ਚੁੱਕੇ ਹਨ । ਲੋਕਾਂ ਦਾ ਬਹੁਤ ਵੱਡਾ ਉਤਸ਼ਾਹ ਕਾਂਗਰਸ ਪਾਰਟੀ ਦੇ ਨਾਲ ਹੈ।

# ਸੀਟੀ ਯੂਨੀਵਰਸਿਟੀ ਦਾ NIRMAAN 2026 ਸ਼ਾਨਦਾਰ ਸਮਾਪਤੀ ਨਾਲ ਸੰਪੰਨ



**ਲੁਧਿਆਣਾ, 8 ਅਗਸਤ**
**-ਜਗਮੇਲ ਸਿੰਘ ਢਿਲੋਂ-**

ਸੀਟੀ ਯੂਨੀਵਰਸਿਟੀ ਦਾ ਪੰਜ ਦਿਨਾਂ ਦਾ ਓਰੀਐਂਟੇਸ਼ਨ ਫੈਸਟੀਵਲ NIRMAAN 2026 ਸ਼ਾਨਦਾਰ ਸਮਾਪਤੀ ਨਾਲ ਸੰਪੰਨ ਹੋ ਗਿਆ। ਸਮਾਗਮ ਦੌਰਾਨ ਹਜ਼ਾਰਾਂ ਨਵੇਂ ਵਿਦਿਆਰਥੀਆਂ ਦਾ ਸਵਾਗਤ ਕੀਤਾ ਗਿਆ ਅਤੇ ਉਨ੍ਹਾਂ ਨੂੰ ਯੂਨੀਵਰਸਿਟੀ ਦੇ ਅਕਾਦਮਿਕ ਮਾਹੌਲ ਨਾਲ ਜਾਣੂ ਕਰਵਾਇਆ ਗਿਆ।

ਫੈਸਟੀਵਲ ਦੀਆਂ ਮੁੱਖ ਖਾਸੀਅਤਾਂ ਵਿੱਚ ਕਾਮੇਡੀਅਨ ਪਰਵਿੰਦਰ ਸਿੰਘ ਅਤੇ ਯਾਰ ਜਿਗਰੀ ਕਸੂਤੀ ਡਿਗਰੀ ਦੀ ਸਟਾਰ ਕਾਸਟ ਦੀ ਪੇਸ਼ਕਾਰੀ, ਪੰਜਾਬੀ ਗਾਇਕ ਗੁਲਾਬ ਸਿੱਧੂ, ਆਦੀ ਅਤੇ ਗੁਰਮਾਨ ਦਾ ਲਾਈਵ ਕਨਸਰਟ, ਗਗਨ ਕੋਕਰੀ ਦੀ ਪ੍ਰੇਰਣਾਦਾਇਕ ਫਾਇਰਸਾਈਡ ਚੈਟ ਅਤੇ ਆਖਰੀ ਦਿਨ ਦ ਮਿਰਜ਼ਾ ਬੈਂਡ ਦੀ ਸ਼ਾਨਦਾਰ ਲਾਈਵ ਪਰਫਾਰਮੈਂਸ ਸ਼ਾਮਲ ਰਹੀ।

ਚਾਂਸਲਰ ਸ. ਚਰਨਜੀਤ ਸਿੰਘ ਚੰਨੀ ਨੇ ਕਿਹਾ ਕਿ NIRMAAN ਵਿਦਿਆਰਥੀਆਂ ਦੀ ਨਵੀਂ ਯਾਤਰਾ ਦੀ ਸ਼ੁਰੂਆਤ ਹੈ, ਜਦਕਿ ਪ੍ਰੋ-ਚਾਂਸਲਰ ਡਾ. ਮਨਬੀਰ ਸਿੰਘ ਨੇ ਇਸ ਨੂੰ ਨੌਜਵਾਨਾਂ ਦੇ ਸਰਵਪੱਖੀ ਵਿਕਾਸ ਅਤੇ ਆਤਮਵਿਸ਼ਵਾਸ ਨੂੰ ਮਜ਼ਬੂਤ ਕਰਨ ਵਾਲਾ ਮੰਚ ਕਰਾਰ ਦਿੱਤਾ। ਸਮਾਗਮ ਵਿੱਚ ਯੂਨੀਵਰਸਿਟੀ ਦੇ ਸੀਨੀਅਰ ਅਧਿਕਾਰੀਆਂ ਦੀ ਹਾਜ਼ਰੀ ਰਹੀ।

SEA DESIGN COMPANY
Customized and Designer
- Wedding Invitations
- Shagan Envelop
- Wedding Boxes & Cards
- Sahi Chithi
(MDF/Acrylic/Foldable Boxes)
98881-88887, 93577-77786

Shaheed-e-Azam
PRINTING PRESS
WORLDWIDE SHIPPING SERVICE
★ Business Cards
★ Books & Note Books
★ Flyers & Broucher
★ Diaries
★ Poster
★ Carry Bags
Opp. Gurudwara Dukhniwaran Sahib Srihind Road, Patiala

# ਹਰ ਮਰੀਜ਼ ਦਾ ਆਭਾ ਕਾਰਡ ਬਣਾਉਣਾ ਅਤੇ ਡਿਜੀਟਲ ਸਿਹਤ ਰਿਕਾਰਡ ਯਕੀਨੀ ਬਣਾਉਣਾ ਸਮੇਂ ਦੀ ਲੋੜ : ਚੰਦਰ ਜਯੋਤੀ ਸਿੰਘ

**ਸ੍ਰੀ ਅਨੰਦਪੁਰ ਸਾਹਿਬ, 8 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**



ਨੈਸ਼ਨਲ ਹੈਲਥ ਮਿਸ਼ਨ ਸਿਹਤ ਅਤੇ ਪਰਿਵਾਰ ਭਲਾਈ ਵਿਭਾਗ, ਪੰਜਾਬ ਅਤੇ ਨੈਸ਼ਨਲ ਹੈਲਥ ਅਥਾਰਟੀ ਦੇ ਸਾਂਝੇ ਉਪਰਾਲੇ ਤਹਿਤ ਆਯੂਸ਼ਮਾਨ ਭਾਰਤ ਡਿਜੀਟਲ ਮਿਸ਼ਨ ਸਬੰਧੀ ਇੱਕ ਵਿਸ਼ੇਸ਼ ਸੈਮੀਨਾਰ ਅਤੇ ਵਰਕਸ਼ਾਪ ਦਾ ਆਯੋਜਨ ਸ੍ਰੀ ਅਨੰਦਪੁਰ ਸਾਹਿਬ ਸਥਿਤ ਵਿਰਾਸਤ-ਏ-ਖਾਲਸਾ ਆਡੀਟੋਰੀਅਮ ਵਿੱਚ ਕੀਤਾ ਗਿਆ। ਇਸ ਸੈਮੀਨਾਰ ਵਿੱਚ ਜ਼ਿਲ੍ਹੇ ਦੇ ਡਾਕਟਰਾਂ, ਮੈਡੀਕਲ ਅਫ਼ਸਰਾਂ, ਲੈਬ ਟੈਕਨੀਸ਼ੀਅਨਾਂ, ਫਾਰਮਾਸਿਸਟਾਂ ਅਤੇ ਹੋਰ ਸਿਹਤ ਕਰਮਚਾਰੀਆਂ ਨੇ ਵੱਡੀ ਗਿਣਤੀ ਵਿੱਚ ਭਾਗ ਲਿਆ। ਵਰਕਸ਼ਾਪ ਦੌਰਾਨ ਆਯੂਸ਼ਮਾਨ ਭਾਰਤ ਡਿਜੀਟਲ ਮਿਸ਼ਨ ਦੇ ਉਦੇਸ਼ਾਂ, ਆਭਾ ਕਾਰਡ ਦੀ ਮਹੱਤਤਾ ਅਤੇ ਡਿਜੀਟਲ ਸਿਹਤ ਰਿਕਾਰਡ ਪ੍ਰਣਾਲੀ ਬਾਰੇ ਵਿਸਥਾਰਪੂਰਵਕ ਜਾਣਕਾਰੀ ਸਾਂਝੀ ਕੀਤੀ ਗਈ।

ਸੈਮੀਨਾਰ ਨੂੰ ਸੰਬੋਧਨ ਕਰਦਿਆਂ ਚੰਦਰ ਜਯੋਤੀ ਸਿੰਘ ਆਈ.ਏ.ਐਸ. ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਨੇ ਕਿਹਾ ਕਿ ਭਾਰਤ ਸਰਕਾਰ ਵੱਲੋਂ ਰੂਪਨਗਰ ਜ਼ਿਲ੍ਹੇ ਨੂੰ ਆਯੂਸ਼ਮਾਨ ਭਾਰਤ ਡਿਜੀਟਲ ਮਿਸ਼ਨ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਲਈ ਚੁਣਿਆ ਗਿਆ ਹੈ, ਜਿਸ ਨਾਲ ਜ਼ਿਲ੍ਹੇ ਦੇ ਲੋਕਾਂ ਨੂੰ ਬਿਹਤਰ ਅਤੇ ਪਾਰਦਰਸ਼ੀ ਸਿਹਤ ਸੇਵਾਵਾਂ ਦਾ ਲਾਭ ਮਿਲੇਗਾ। ਉਨ੍ਹਾਂ ਕਿਹਾ ਕਿ ਇਹ ਯੋਜਨਾ ਪੰਜਾਬ ਵਿੱਚ ਡਿਜੀਟਲ ਸਿਹਤ ਕ੍ਰਾਂਤੀ ਦੀ ਸ਼ੁਰੂਆਤ ਸਾਬਤ ਹੋਵੇਗੀ। ਉਨ੍ਹਾਂ ਇਹ ਵੀ ਦੱਸਿਆ ਕਿ ਪੰਜਾਬ ਪਹਿਲਾਂ ਹੀ ਸੂਬਾ ਵਾਸੀਆਂ ਨੂੰ ਮਿਆਰੀ ਸਿਹਤ ਸਹੂਲਤਾਂ ਪ੍ਰਦਾਨ ਕਰਨ ਵਿੱਚ ਅੱਗੇ ਹੈ ਅਤੇ ਇਹ ਮਿਸ਼ਨ ਸਿਹਤ ਸੇਵਾਵਾਂ ਨੂੰ ਹੋਰ ਪ੍ਰਭਾਵਸ਼ਾਲੀ, ਆਧੁਨਿਕ ਅਤੇ ਮਰੀਜ਼-ਕੇਂਦਰਿਤ ਬਣਾਏਗਾ।

ਵਰਕਸ਼ਾਪ ਦੌਰਾਨ ਮਾਹਰਾਂ ਨੇ ਦੱਸਿਆ ਕਿ ਹਰ ਮਰੀਜ਼ ਦਾ ਆਭਾ ਕਾਰਡ ਬਣਾਉਣਾ ਅਤੇ ਉਸ ਵਿੱਚ ਇਲਾਜ, ਦਵਾਈਆਂ, ਜਾਂਚਾਂ, ਐਲਰਜੀ, ਪ੍ਰਹੇਜ਼, ਪੁਰਾਣੀਆਂ ਬਿਮਾਰੀਆਂ ਅਤੇ ਹੋਰ ਲੋੜੀਂਦੀ ਸਿਹਤ ਜਾਣਕਾਰੀ ਨੂੰ ਡਿਜੀਟਲ ਰੂਪ ਵਿੱਚ ਦਰਜ ਕਰਨਾ ਬਹੁਤ ਜ਼ਰੂਰੀ ਹੈ। ਇਸ ਨਾਲ ਭਵਿੱਖ ਵਿੱਚ ਜਦੋਂ ਵੀ ਮਰੀਜ਼ ਕਿਸੇ ਵੀ ਸਰਕਾਰੀ ਜਾਂ ਮਾਨਤਾ ਪ੍ਰਾਪਤ ਸਿਹਤ ਸੰਸਥਾ ਵਿੱਚ ਇਲਾਜ ਲਈ ਪਹੁੰਚੇਗਾ ਤਾਂ ਡਾਕਟਰਾਂ ਨੂੰ ਉਸ ਦਾ ਪੂਰਾ ਮੈਡੀਕਲ ਡਾਟਾ ਤੁਰੰਤ ਉਪਲਬਧ ਹੋਵੇਗਾ। ਇਸ ਨਾਲ ਪੁਰਾਣੀਆਂ ਬਿਮਾਰੀਆਂ ਦੀ ਜਾਣਕਾਰੀ ਨਾ ਹੋਣ ਕਾਰਨ ਇਲਾਜ ਵਿੱਚ ਹੋਣ ਵਾਲੀ ਬੇਲੋੜੀ ਦੇਰੀ ਤੋਂ ਬਚਿਆ ਜਾ ਸਕੇਗਾ ਅਤੇ ਇਲਾਜ ਦੌਰਾਨ ਲੋੜੀਂਦੇ ਪ੍ਰਹੇਜ਼ ਅਤੇ ਸਾਵਧਾਨੀਆਂ ਵੀ ਆਸਾਨੀ ਨਾਲ ਅਪਣਾਈਆਂ ਜਾ ਸਕਣਗੀਆਂ।

ਸੈਮੀਨਾਰ ਵਿੱਚ ਵਿਸ਼ੇਸ਼ ਤੌਰ 'ਤੇ ਲੈਬ ਟੈਕਨੀਸ਼ੀਅਨਾਂ . ਫਾਰਮੇਸੀ ਅਫਸਰ ਅਤੇ ਹੋਰ ਸਿਹਤ ਕਰਮਚਾਰੀਆਂ ਨੂੰ ਡਿਜੀਟਲ ਹੈਲਥ ਰਿਕਾਰਡ ਨੂੰ ਸਹੀ ਅਤੇ ਸਮੇਂ ਸਿਰ ਅਪਡੇਟ ਕਰਨ ਸਬੰਧੀ ਸਿਖਲਾਈ ਦਿੱਤੀ ਗਈ। ਉਨ੍ਹਾਂ ਨੂੰ ਦੱਸਿਆ ਗਿਆ ਕਿ ਮਰੀਜ਼ ਨੂੰ ਕਿਸ ਸਮੇਂ ਕਿਹੜੀ ਦਵਾਈ ਦਿੱਤੀ ਗਈ, ਕਿਹੜੀਆਂ ਜਾਂਚਾਂ ਕੀਤੀਆਂ ਗਈਆਂ, ਇਲਾਜ ਦਾ ਕੀ ਨਤੀਜਾ ਰਿਹਾ ਅਤੇ ਅੱਗੇ ਲਈ ਕਿਹੜੀਆਂ ਸਾਵਧਾਨੀਆਂ ਜਾਂ ਪ੍ਰਹੇਜ਼ ਲਾਜ਼ਮੀ ਹਨ, ਇਹ ਸਾਰਾ ਵੇਰਵਾ ਆਭਾ ਕਾਰਡ ਵਿੱਚ ਦਰਜ ਕੀਤਾ ਜਾਵੇ। ਇਸ ਨਾਲ ਮਾਹਰ ਡਾਕਟਰਾਂ ਤੱਕ ਮਰੀਜ਼ ਦਾ ਸਮੁੱਚਾ ਸਿਹਤ ਰਿਕਾਰਡ ਪਾਰਦਰਸ਼ੀ ਢੰਗ ਨਾਲ ਪਹੁੰਚੇਗਾ ਅਤੇ ਲੋੜ ਪੈਣ 'ਤੇ ਬਿਹਤਰ ਅਤੇ ਤੇਜ਼ ਇਲਾਜ ਸੰਭਵ ਹੋ ਸਕੇਗਾ।

ਸੈਮੀਨਾਰ ਦੇ ਅੰਤ ਵਿੱਚ ਸਿਵਲ ਸਰਜਨ ਡਾਕਟਰ ਬੋਬੀ ਗੁਲਾਟੀ ਨੇ ਸਾਰੇ ਡਾਕਟਰਾਂ, ਮੈਡੀਕਲ ਸਟਾਫ ਅਤੇ ਲੈਬ ਟੈਕਨੀਸ਼ੀਅਨਾਂ ਨੂੰ ਅਪੀਲ ਕੀਤੀ ਕਿ ਆਯੂਸ਼ਮਾਨ ਭਾਰਤ ਡਿਜੀਟਲ ਮਿਸ਼ਨ ਨੂੰ ਸਫਲ ਬਣਾਉਣ ਲਈ ਹਰ ਯੋਗ ਮਰੀਜ਼ ਦਾ ਆਭਾ ਕਾਰਡ ਬਣਾਉਣਾ ਯਕੀਨੀ ਬਣਾਇਆ ਜਾਵੇ ਅਤੇ ਹਰ ਇਲਾਜ ਨਾਲ ਸੰਬੰਧਿਤ ਜਾਣਕਾਰੀ ਸਮੇਂ ਸਿਰ ਡਿਜੀਟਲ ਰਿਕਾਰਡ ਵਿੱਚ ਦਰਜ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਇਸ ਉਪਰਾਲੇ ਨਾਲ ਸਿਹਤ ਸੇਵਾਵਾਂ ਵਿੱਚ ਪਾਰਦਰਸ਼ਤਾ, ਤੇਜ਼ੀ ਅਤੇ ਗੁਣਵੱਤਾ ਵਿੱਚ ਮਹੱਤਵਪੂਰਨ ਸੁਧਾਰ ਆਵੇਗਾ ਅਤੇ ਮਰੀਜ਼ਾਂ ਨੂੰ ਭਵਿੱਖ ਵਿੱਚ ਕਿਸੇ ਵੀ ਥਾਂ ਉੱਤੇ ਆਪਣਾ ਸਹੀ ਅਤੇ ਸੰਪੂਰਨ ਸਿਹਤ ਰਿਕਾਰਡ ਉਪਲਬਧ ਹੋ ਸਕੇਗਾ।

ਇਸ ਮੌਕੇ ਡਾ.ਬੌਬੀ ਗੁਲਾਟੀ ਸਿਵਲ ਸਰਜਨ. ਡਾ.ਅੰਜਲੀ ਚੌਧਰੀ, ਡਾ.ਉਰਮਿਲ ਗਰਗ, ਡਾ.ਸਾਰਿਕਾ, ਡਾ. ਹਰਸ਼ਰਨ ਕਾਲੀਆ, ਸਮੂਹ ਐਸ.ਐਮ.ਓ., ਸਮੂਹ ਪ੍ਰੋਗਰਾਮ ਅਫ਼ਸਰ, ਸੀ.ਐਸ. ਦਫ਼ਤਰ ਦੇ ਸਮੂਹ ਮੀਡੀਆ ਵਿੰਗ ਦੇ ਅਧਿਕਾਰੀ, ਮੈਡਮ ਵਸੁੰਧਰਾ ਜੇ.ਡੀ.ਆਈ.ਟੀ., ਡੌਲੀ ਸਿੰਗਲਾ ਲਖਵੀਰ ਸਿੰਘ ( ਡੀ.ਐਮ ਈ .ਆਈ. ਓ )ਡੀ.ਪੀ.ਐਮ., ਅਕਸ਼ੈ ਸ਼ਰਮਾ ਡਿਪਟੀ ਮੈਨੇਜਰ, ਡਾ.ਮੋਨਿਕਾ ਬਿਜ਼ਨਸ ਐਨਾਲਿਸਟ, ਸੁਸ਼ਰੀ ਸ਼ੀਤਲ ਚੋਪੜਾ ਐਸ.ਏ., ਸੁਸ਼ਰੀ ਕਮਲਪ੍ਰੀਤ ਕੌਰਐਚ.ਐਮ.ਆਈ.ਐਸ.ਡਿਵਿਜ਼ਨਲ ਕੋਆਰਡੀਨੇਟਰ,ਮਨਿੰਦਰ ਸਿੰਘ ਆਈ.ਈ.ਸੀ.ਐਕਸਪਰਟ, ਅਨਿਰੁੱਧ ਸ਼ਰਮਾ ਡਾਟਾ ਐਨਾਲਿਸਟ, ਪ੍ਰਾਈਵੇਟ ਹਸਪਤਾਲਾਂ ਦੇ ਨੁਮਾਇੰਦੇ, ਪ੍ਰਾਈਵੇਟ ਲੈਬੋਰਟਰੀ ਟੈਕਨੀਸ਼ਨ, ਮੈਡੀਕਲ ਸਟੋਰ ਸੰਚਾਲਕ, ਨਰਸਿੰਗ ਵਿਦਿਆਰਥੀ ਅਤੇ ਸਿਹਤ ਵਿਭਾਗ ਦੇ ਅਧਿਕਾਰੀ ਹਾਜ਼ਰ ਸਨ।

# ਕੈਨੇਡਾ ਵਿੱਚ ਪ੍ਰਭਾਵਿਤ ਪੰਜਾਬੀ ਵਿਦਿਆਰਥੀਆਂ ਦੇ ਹਿੱਤਾਂ ਦੀ ਰਾਖੀ ਲਈ ਹਰ ਸੰਭਵ ਯਤਨ ਕਰੇਗੀ ਪੰਜਾਬ ਸਰਕਾਰ: ਡਾ. ਰਵਜੋਤ ਸਿੰਘ

**➢ 1500 ਤੋਂ ਵੱਧ ਵਿਦਿਆਰਥੀ ਹੋ ਰਹੇ ਪ੍ਰਭਾਵਿਤ; ਡਾ. ਰਵਜੋਤ ਸਿੰਘ ਨੇ ਕੇਂਦਰੀ ਵਿਦੇਸ਼ ਮੰਤਰੀ ਡਾ. ਐਸ. ਜੈਸ਼ੰਕਰ ਨੂੰ ਪੱਤਰ ਲਿਖ ਕੇ ਮੁਲਾਕਾਤ ਲਈ ਸਮਾਂ ਮੰਗਿਆ ➢ ਮਾਨ ਸਰਕਾਰ ਜ਼ਰੂਰਤ ਪੈਣ 'ਤੇ ਪ੍ਰਭਾਵਿਤ ਵਿਦਿਆਰਥੀਆਂ ਲਈ ਸਾਂਝੇ ਕਾਨੂੰਨੀ ਸਹਿਯੋਗ ਦਾ ਵੀ ਕਰੇਗੀ ਪ੍ਰਬੰਧ: ਐਨ.ਆਰ.ਆਈ ਮੰਤਰੀ**

**ਚੰਡੀਗੜ੍ਹ, 8 ਅਗਸਤ**
**-ਸੰਜੀਵ ਸਿੰਗਲਾ-**

ਪੰਜਾਬ ਦੇ ਐਨ.ਆਰ.ਆਈ. ਮਾਮਲਿਆਂ ਬਾਰੇ ਮੰਤਰੀ ਡਾ. ਰਵਜੋਤ ਸਿੰਘ ਨੇ ਕੈਨੇਡਾ ਵਿੱਚ ਵਰਕ ਪਰਮਿਟ ਸਬੰਧੀ ਦਰਪੇਸ਼ ਮੁਸ਼ਕਲਾਂ ਦਾ ਸਾਹਮਣਾ ਕਰ ਰਹੇ ਪੰਜਾਬੀ ਵਿਦਿਆਰਥੀਆਂ ਦੇ ਮਾਮਲੇ ਨੂੰ ਗੰਭੀਰ ਦੱਸਦਿਆਂ ਕਿਹਾ ਕਿ ਪੰਜਾਬ ਸਰਕਾਰ ਉਨ੍ਹਾਂ ਦੇ ਹਿੱਤਾਂ ਦੀ ਰਾਖੀ ਲਈ ਹਰ ਸੰਭਵ ਯਤਨ ਕਰ ਰਹੀ ਹੈ।

ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਅਤੇ ਇਸ ਤੋਂ ਪਹਿਲਾਂ ਪੰਜਾਬ ਵਿਧਾਨ ਸਭਾ ਵਿੱਚ ਬੋਲਦਿਆਂ ਉਨ੍ਹਾਂ ਦੱਸਿਆ ਕਿ ਲਗਭਗ 1500 ਪ੍ਰਭਾਵਿਤ ਵਿਦਿਆਰਥੀ ਇਸ ਸੰਕਟ ਦਾ ਸਾਹਮਣਾ ਕਰ ਰਹੇ ਹਨ ਅਤੇ ਪੰਜਾਬ ਸਰਕਾਰ ਇਸ ਮਾਮਲੇ 'ਤੇ ਲਗਾਤਾਰ ਧਿਆਨ ਰੱਖ ਰਹੀ ਹੈ ਤਾਂ ਜੋ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਨੇੜਿਓਂ ਸਮਝਿਆ ਜਾ ਸਕੇ ਅਤੇ ਉਨ੍ਹਾਂ ਦੇ ਹੱਕ ਵਿੱਚ ਪ੍ਰਭਾਵਸ਼ਾਲੀ ਕਦਮ ਚੁੱਕੇ ਜਾ ਸਕਣ।

ਡਾ. ਰਵਜੋਤ ਸਿੰਘ ਨੇ ਦੱਸਿਆ ਕਿ ਉਨ੍ਹਾਂ ਨੇ ਇਸ ਮਾਮਲੇ ਸਬੰਧੀ ਕੇਂਦਰੀ ਵਿਦੇਸ਼ ਮੰਤਰੀ ਡਾ. ਐਸ. ਜੈਸ਼ੰਕਰ ਨੂੰ ਪੱਤਰ ਲਿਖ ਕੇ ਤੁਰੰਤ ਮੁਲਾਕਾਤ ਲਈ ਸਮਾਂ ਮੰਗਿਆ ਹੈ। ਉਨ੍ਹਾਂ ਪੱਤਰ ਰਾਹੀਂ ਕੇਂਦਰ ਸਰਕਾਰ ਨੂੰ ਅਪੀਲ ਕੀਤੀ ਹੈ ਕਿ ਇਹ ਮਾਮਲਾ ਕੈਨੇਡਾ ਸਰਕਾਰ ਕੋਲ ਕੂਟਨੀਤਕ ਪੱਧਰ 'ਤੇ ਜ਼ੋਰਦਾਰ ਢੰਗ ਨਾਲ ਉਠਾਇਆ ਜਾਵੇ, ਤਾਂ ਜੋ ਪ੍ਰਭਾਵਿਤ ਵਿਦਿਆਰਥੀਆਂ ਨੂੰ ਜਲਦੀ ਰਾਹਤ ਮਿਲ ਸਕੇ।

ਕੈਬਨਿਟ ਮੰਤਰੀ ਨੇ ਕਿਹਾ ਕਿ ਇਹ ਸਾਡੇ ਆਪਣੇ ਬੱਚੇ ਹਨ, ਜੋ ਆਪਣੇ ਅਤੇ ਆਪਣੇ ਪਰਿਵਾਰਾਂ ਦੇ ਚੰਗੇਰੇ ਭਵਿੱਖ ਦੀ ਆਸ ਨਾਲ ਲਗਭਗ 20-20 ਲੱਖ ਰੁਪਏ ਖਰਚ ਕਰਕੇ ਕੈਨੇਡਾ



ਪੜ੍ਹਨ ਗਏ ਸਨ। ਉਨ੍ਹਾਂ ਨੂੰ ਦਾਖਲੇ ਸਮੇਂ ਇਹ ਭਰੋਸਾ ਦਿੱਤਾ ਗਿਆ ਸੀ ਕਿ ਦੋ ਸਾਲਾ ਪੜ੍ਹਾਈ ਪੂਰੀ ਕਰਨ ਤੋਂ ਬਾਅਦ ਉਹ ਵਰਕ ਪਰਮਿਟ ਲਈ ਯੋਗ ਹੋਣਗੇ। ਪਰ ਹੁਣ ਵੱਡੀ ਗਿਣਤੀ ਵਿੱਚ ਵਰਕ ਪਰਮਿਟ ਰੱਦ ਹੋਣ ਕਾਰਨ ਉਹ ਗੰਭੀਰ ਮਾਨਸਿਕ, ਆਰਥਿਕ ਅਤੇ ਕਾਨੂੰਨੀ ਸੰਕਟ ਦਾ ਸਾਹਮਣਾ ਕਰ ਰਹੇ ਹਨ।

ਡਾ. ਰਵਜੋਤ ਸਿੰਘ ਨੇ ਦੱਸਿਆ ਕਿ ਕਾਫ਼ੀ ਪ੍ਰਭਾਵਿਤ ਵਿਦਿਆਰਥੀਆਂ ਨੇ ਸਿੱਧੇ ਤੌਰ 'ਤੇ ਉਨ੍ਹਾਂ ਨਾਲ ਰਾਬਤਾ ਕਰਕੇ ਮਦਦ ਦੀ ਅਪੀਲ ਕੀਤੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਉਨ੍ਹਾਂ ਦੀਆਂ ਚਿੰਤਾਵਾਂ ਨੂੰ ਪੂਰੀ ਸੰਵੇਦਨਸ਼ੀਲਤਾ ਨਾਲ ਸੁਣ ਰਹੀ ਹੈ ਅਤੇ ਹਰ ਸੰਭਵ ਸਹਿਯੋਗ ਲਈ ਵਚਨਬੱਧ ਹੈ।

ਉਨ੍ਹਾਂ ਕਿਹਾ ਕਿ ਕਈ ਵਿਦਿਆਰਥੀਆਂ ਨੇ ਫੈਡਰਲ ਕੋਰਟ ਆਫ ਕੈਨੇਡਾ ਵਿੱਚ ਕਾਨੂੰਨੀ ਲੜਾਈ ਵੀ ਸ਼ੁਰੂ ਕਰ ਦਿੱਤੀ ਹੈ। ਜੇਕਰ ਲੋੜ ਪਈ ਤਾਂ ਪੰਜਾਬ ਸਰਕਾਰ ਪ੍ਰਭਾਵਿਤ ਵਿਦਿਆਰਥੀਆਂ ਨੂੰ ਸਾਂਝੇ ਕਾਨੂੰਨੀ ਸਹਿਯੋਗ ਲਈ ਯੋਗ ਵਕੀਲਾਂ ਦੀਆਂ ਸੇਵਾਵਾਂ ਉਪਲਬਧ ਕਰਵਾਉਣ ਦੀ ਸੰਭਾਵਨਾ 'ਤੇ ਵੀ ਵਿਚਾਰ ਕਰੇਗੀ, ਤਾਂ ਜੋ ਵਿਦਿਆਰਥੀਆਂ ਉੱਤੇ ਪੈਣ ਵਾਲਾ ਵਿੱਤੀ ਬੋਝ ਘੱਟ ਕੀਤਾ ਜਾ ਸਕੇ।

ਡਾ. ਰਵਜੋਤ ਸਿੰਘ ਨੇ ਕੈਨੇਡਾ ਵਿੱਚ ਪੰਜਾਬੀ ਮੂਲ ਦੇ ਸੰਸਦ ਮੈਂਬਰਾਂ ਨੂੰ ਵੀ ਅਪੀਲ ਕੀਤੀ ਕਿ ਉਹ ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਇਸ ਮਾਨਵੀ ਮਸਲੇ ਨੂੰ ਕੈਨੇਡੀਅਨ ਸਰਕਾਰ ਅੱਗੇ ਪ੍ਰਭਾਵਸ਼ਾਲੀ ਢੰਗ ਨਾਲ ਉਠਾਉਣ।

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵਿਦੇਸ਼ਾਂ ਵਿੱਚ ਰਹਿੰਦੇ ਪੰਜਾਬੀਆਂ ਅਤੇ ਪੰਜਾਬੀ ਵਿਦਿਆਰਥੀਆਂ ਦੇ ਹਿੱਤਾਂ ਦੀ ਰਾਖੀ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਇਸ ਮਾਮਲੇ ਦੇ ਹੱਲ ਲਈ ਕੇਂਦਰ ਸਰਕਾਰ ਅਤੇ ਹੋਰ ਸਬੰਧਤ ਧਿਰਾਂ ਨਾਲ ਮਿਲ ਕੇ ਹਰ ਸੰਭਵ ਯਤਨ ਕਰੇਗੀ।

# ਪੰਜਾਬ ਸਰਕਾਰ ਦਾ 61 ਰੁਪਏ ਪ੍ਰਤੀ ਗਊ ਪ੍ਰਤੀ ਦਿਨ ਦੇਣਾ ਅਹਿਮ ਉਪਰਾਲਾ-ਕੀਮਤੀ ਭਗਤ



**ਫਾਜ਼ਿਲਕਾ, 8 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਗਊ ਸੇਵਾ ਕਮਿਸ਼ਨ ਗਊਧਨ ਦੀ ਸੰਭਾਲ ਯਕੀਨੀ ਬਣਾਉਣ ਲਈ ਵਚਨਬੱਧ ਹੈ। ਪੰਜਾਬ ਸਰਕਾਰ ਵੱਲੋਂ ਪੰਜਾਬ ਦੀਆਂ ਰਜਿਸਟਰਡ ਗਊਸ਼ਾਲਾਵਾਂ ਦੇ ਬਿਜਲੀ ਬਿੱਲ ਮਾਫ਼ ਕੀਤੇ ਗਏ ਹਨ ਤੇ ਸਰਕਾਰੀ ਗਊਸ਼ਾਲਾਵਾਂ ਨੂੰ 61 ਰੁਪਏ ਪ੍ਰਤੀ ਗਊ ਪ੍ਰਤੀ ਦਿਨ ਮੁਹੱਈਆ ਕਰਵਾਏ ਜਾਣਗੇ। ਇਸ ਦੇ ਨਾਲ ਹੀ ਸਰਕਾਰ ਵੱਲੋਂ ਸੂਬੇ ਦੀਆਂ ਗਊਸ਼ਾਲਾਵਾਂ ਨੂੰ ਕਾਉ ਲਿਫਟਰ ਵੀ ਮੁਹੱਈਆ ਕਰਵਾਏ ਜਾਣਗੇ, ਇਸ ਨਾਲ ਗਊਸ਼ਾਲਾਵਾਂ ਨੂੰ ਵੱਡੀ ਰਾਹਤ ਮਿਲੇਗੀ। ਇਹ ਪ੍ਰਗਟਾਵਾ ਉਪ ਚੇਅਰਮੈਨ ਪੰਜਾਬ ਗਊ ਸੇਵਾ ਕਮਿਸ਼ਨ ਸ੍ਰੀ ਕੀਮਤੀ ਭਗਤ ਨੇ ਏਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਮੀਟਿੰਗ ਹਾਲ ਵਿਚ ਪ੍ਰਸ਼ਾਸਨਿਕ ਅਤੇ ਵਿਭਾਗੀ ਅਧਿਕਾਰੀਆਂ ਅਤੇ ਗਊਸ਼ਾਲਾਵਾਂ ਦੇ ਪ੍ਰਬੰਧਕਾਂ ਨਾਲ ਮੀਟਿੰਗ ਤੇ ਪੱਤਰਕਾਰਾਂ ਨਾਲ ਰੱਖੀ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਕੀਤਾ।

ਮੀਟਿੰਗ ਦੌਰਾਨ ਉਪ ਚੇਅਰਮੈਨ ਨੇ ਗਊਸ਼ਾਲਾ ਪ੍ਰਬੰਧਕਾਂ ਨਾਲ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕਰਦਿਆਂ ਉਨ੍ਹਾਂ ਦੀਆਂ ਮੁਸ਼ਕਲਾਂ ਅਤੇ ਸੁਝਾਅ ਵੀ ਸੁਣੇ ਅਤੇ ਭਰੋਸਾ ਦਿੱਤਾ ਕਿ ਗਊਧਨ ਦੀ ਭਲਾਈ ਨਾਲ ਸਬੰਧਤ ਹਰੇਕ ਜਾਇਜ਼ ਮਸਲੇ ਦਾ ਤਰਜੀਹੀ ਆਧਾਰ 'ਤੇ ਹੱਲ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਗਊਸ਼ਾਲਾਵਾਂ ਦੇ ਪ੍ਰਬੰਧਕਾਂ ਨਾਲ ਮੀਟਿੰਗਾਂ ਕਰਨੀਆਂ ਯਕੀਨੀ ਬਣਾਈਆਂ ਜਾਣ।

ਪੰਜਾਬ ਗਊ ਸੇਵਾ ਕਮਿਸ਼ਨ ਦੇ ਉਪ ਚੇਅਰਮੈਨ ਕੀਮਤੀ ਭਗਤ ਨੇ ਕਿਹਾ ਕਿ ਪੰਜਾਬ ਸਰਕਾਰ ਸੂਬੇ ਵਿੱਚ ਬੇਸਹਾਰਾ, ਅਵਾਰਾ ਅਤੇ ਲਾਵਾਰਿਸ ਗਊਧਨ ਦੀ ਸੁਚੱਜੀ ਸਾਂਭ-ਸੰਭਾਲ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਗਊਧਨ ਦੀ ਸੰਭਾਲ ਲਈ ਸੂਬਾ ਸਰਕਾਰ ਵੱਲੋਂ ਠੋਸ ਅਤੇ ਸਮੇਂਬੱਧ ਯੋਜਨਾ ਉੱਤੇ ਕੰਮ ਕੀਤਾ ਜਾ ਰਿਹਾ ਹੈ, ਇਸੇ ਤਹਿਤ ਸੜਕਾਂ ਅਤੇ ਜਨਤਕ ਥਾਵਾਂ 'ਤੇ ਘੁੰਮ ਰਹੇ ਗਊਧਨ ਨੂੰ ਜਲਦ ਹੀ ਗਊਸ਼ਾਲਾਵਾਂ ਵਿੱਚ ਭੇਜਣ ਦੀ ਮੁਹਿੰਮ ਨੂੰ ਤੇਜ਼ ਕੀਤਾ ਜਾਵੇਗਾ, ਜਿਸ ਨਾਲ ਨਾ ਸਿਰਫ਼ ਗਊਧਨ ਦੀ ਸੁਰੱਖਿਆ ਯਕੀਨੀ ਬਣੇਗੀ, ਸਗੋਂ ਸੜਕ ਹਾਦਸਿਆਂ, ਟਰੈਫਿਕ ਸਮੱਸਿਆ ਅਤੇ ਕਿਸਾਨਾਂ ਦੀਆਂ ਫ਼ਸਲਾਂ ਦੇ ਨੁਕਸਾਨ ਵਿੱਚ ਵੀ ਕਮੀ ਆਵੇਗੀ। ਉਨ੍ਹਾਂ ਪਸ਼ੂ ਪਾਲਣ ਵਿਭਾਗ ਦੇ ਅਧਿਕਾਰੀਆਂ ਨੂੰ ਗਊਸ਼ਾਲਾਵਾਂ ਦਾ ਲਗਾਤਾਰ ਦੌਰਾ ਕਰਕੇ ਗਊਧਨ ਦੇ ਟੀਕਾਕਰਨ, ਮੈਡੀਕਲ ਕੈਂਪ ਅਤੇ ਸੰਪੂਰਨ ਰਿਕਾਰਡ ਸੰਭਾਲ ਯਕੀਨੀ ਬਣਾਉਣ ਲਈ ਕਿਹਾ।

ਇਸ ਤੋਂ ਬਾਅਦ ਉਨ੍ਹਾਂ ਸਰਕਾਰੀ ਕੈਟਲ ਪਾਉਂਡ ਫਾਜ਼ਿਲਕਾ ਦਾ ਦੌਰਾ ਕੀਤਾ ਤੇ ਗਊਧਨ ਨੂੰ ਹਰੇ ਚਾਰੇ, ਸੁੱਕੇ ਚਾਰੇ, ਹੋਰ ਖੁਰਾਕ ਤੇ ਰੱਖ-ਰਖਾਵ ਦੇ ਪ੍ਰਬੰਧਾਂ ਬਾਰੇ ਜਾਣਕਾਰੀ ਹਾਸਲ ਕੀਤੀ। ਉਨ੍ਹਾਂ ਮੌਜੂਦ ਅਧਿਕਾਰੀਆਂ ਦੇ ਗਊਸ਼ਾਲਾ ਦੇ ਅਧਿਕਾਰੀਆਂ ਨੂੰ ਸਰਕਾਰੀ ਗਊਸ਼ਾਲਾ ਵਿੱਚ ਹਰ ਤਰ੍ਹਾਂ ਦੇ ਪੁਖਤਾ ਪ੍ਰਬੰਧ ਕਰਨ ਲਈ ਕਿਹਾ ਤੇ ਨਾਲ ਹੀ ਜੇਕਰ ਕਿਸੇ ਵੀ ਤਰ੍ਹਾਂ ਦੀ ਜ਼ਰੂਰਤ ਹੈ ਤਾਂ ਉਨ੍ਹਾਂ ਦੇ ਧਿਆਨ ਵਿੱਚ ਲਿਆਉਣ ਤਾਂ ਜੋ ਉਸਨੂੰ ਪੂਰਾ ਕੀਤਾ ਜਾ ਸਕੇ।

# ਜੁਲਾਈ ਮਹੀਨੇ ਦੌਰਾਨ ਟ੍ਰੈਫਿਕ ਨਿਯਮਾਂ ਦੀ ਉਲੰਘਣਾਂ ਕਰਨ ਵਾਲਿਆਂ ਦੇ 5165 ਚਲਾਨ ਕੱਟੇ ਗਏ, ਡਿਪਟੀ ਕਮਿਸ਼ਨਰ

**ਬਠਿੰਡਾ, 8 ਅਗਸਤ**
**-ਗੁਰਤੇਜ ਅਤਲਾ-**

ਜੁਲਾਈ ਮਹੀਨੇ ਜ਼ਿਲ੍ਹਾ ਬਠਿੰਡਾ 'ਚ ਟ੍ਰੈਫਿਕ ਨਿਯਮਾਂ ਦੀ ਉਲੰਘਣਾਂ ਕਰਨ ਵਾਲਿਆਂ ਦੇ 5165 ਚਲਾਨ ਕੱਟੇ ਗਏ ਅਤੇ ਰੁਪਏ 66 ਲੱਖ ਦੇ ਜੁਰਮਾਨੇ ਪਾਏ ਗਏ। ਸ਼੍ਰੀ ਰਾਜੇਸ਼ ਧੀਮਾਨ, ਡਿਪਟੀ ਕਮਿਸ਼ਨਰ ਬਠਿੰਡਾ ਨੇ ਇਹ ਜਾਣਕਾਰੀ ਅੱਜ ਜ਼ਿਲ੍ਹਾ ਪੱਧਰੀ ਰੋਡ ਸੁਰੱਖਿਆ ਕਮੇਟੀ ਦੀ ਬੈਠਕ ਦੀ ਪ੍ਰਧਾਨਗੀ ਕਰਦਿਆਂ ਦਿੱਤੀ।

ਉਨ੍ਹਾਂ ਦੱਸਿਆ ਕਿ ਇਨ੍ਹਾਂ ਵਿਚ ਟਰਾਂਸਪੋਰਟ ਅਥਾਰਿਟੀ ਦਫਤਰ ਅਤੇ ਟ੍ਰੈਫਿਕ ਪੁਲਿਸ ਬਠਿੰਡਾ ਵੱਲੋਂ ਕੀਤੇ ਗਏ ਚਲਾਨ ਸ਼ਾਮਲ ਹਨ। ਉਨ੍ਹਾਂ ਨਿਰਦੇਸ਼ ਦਿੱਤੇ ਕਿ ਨਾਬਾਲਗਾਂ ਵੱਲੋਂ ਕੀਤੀ ਜਾਣ ਵਾਲੀ ਡ੍ਰਾਈਵਿੰਗ ਨੂੰ ਠੱਲ ਪਾਉਣ ਲਈ ਸਾਰੇ ਸਕੂਲਾਂ ਅਤੇ ਕਾਲਜਾਂ ਦੇ ਬਾਹਰ ਨਿਰੰਤਰ ਚੈਕਿੰਗ ਕੀਤੀ ਜਾਵੇ। ਨਾਲ ਹੀ ਕਿਹਾ ਕਿ ਇਹ ਚੈਕਿੰਗ ਸਕੂਲਾਂ ਅਤੇ ਕਾਲਜਾਂ ਦੇ ਛੁੱਟੀ ਸਮੇਂ ਕਰਨੀ ਯਕੀਨੀ ਬਣਾਈ ਜਾਵੇ।

ਉਨ੍ਹਾਂ ਕਿਹਾ ਕਿ ਸਕੂਲੀ ਬੱਚਿਆਂ ਦੀ ਸੁਰੱਖਿਆ ਨੂੰ ਮੁੱਖ ਰੱਖਦਿਆਂ ਸਾਰੇ ਸਕੂਲਾਂ ਦੀਆਂ ਬੱਸਾਂ, ਵੈਨ, ਰਿਕਸ਼ਾ ਆਦਿ ਦੀ ਸਮੇਂ-ਸਮੇਂ ਸਿਰ ਚੈਕਿੰਗ ਕਰਦਿਆਂ ਕਾਰਵਾਈ ਕੀਤੀ ਜਾਵੇ। ਇਸ ਚੈਕਿੰਗ ਦੌਰਾਨ ਗੱਡੀਆਂ ਦੇ ਬੁਨਿਆਦੀ ਢਾਂਚੇ ਜਿਵੇਂ ਕਿ ਦਰੁਸਤ ਟਾਇਰ, ਬਰੇਕਾਂ, ਗੇਅਰ, ਕਲੱਚ ਪਲੇਟਾਂ ਸਬੰਧੀ ਸੁਰੱਖਿਆ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾਵੇ।

ਉਨ੍ਹਾਂ ਨਿਰਦੇਸ਼ ਦਿੱਤੇ ਹੈਲਮੇਟ ਦਾ ਉਪਯੋਗ ਵੀ ਯਕੀਨੀ ਬਣਾਉਣ ਲਈ ਲੋਕਾਂ ਨੂੰ ਜਾਗਰੂਕ ਕੀਤਾ ਜਾਵੇ ਅਤੇ ਜੇਕਰ ਉਹ ਫੇਰ ਵੀ ਹੈਲਮੇਟ ਦੀ ਵਰਤੋਂ ਨਹੀਂ ਹੁੰਦੀ ਤਾਂ ਉਨ੍ਹਾਂ ਖਿਲਾਫ ਐਕਸ਼ਨ ਲਿਆ ਜਾਵੇ। ਇਸ ਤੋਂ ਇਲਾਵਾ ਈ-ਰਿਕਸ਼ਾ ਦੀ ਚੈਕਿੰਗ, ਜੁਗਾੜ ਗੱਡੀਆਂ ਦੇ ਚੱਲਣ 'ਤੇ ਪੂਰਨ ਰੋਕ, ਦੋ ਤੋਂ ਵੱਧ ਲੋਕਾਂ ਦੇ ਦੋ ਪਹੀਆ ਵਾਹਨ ਉੱਤੇ ਬੈਠਣ ਦੀ ਮਨਾਹੀ, ਜ਼ਿਲ੍ਹੇ ਦੇ ਟ੍ਰੈਫਿਕ ਸਮੱਸਿਆ ਵਾਲੇ ਇਲਾਕਿਆਂ ਚ ਰਿਫਲੈਕਟਰ ਲਗਾਉਣ ਸਬੰਧੀ ਕਾਰਵਾਈ ਅਤੇ ਟ੍ਰੈਫਿਕ ਬੋਰਡ ਲਗਾਉਣ ਸਬੰਧੀ ਨਿਰਦੇਸ਼ ਦਿੱਤੇ। ਨਾਲ ਹੀ ਉਨ੍ਹਾਂ ਜ਼ਿਲ੍ਹੇ ਦੇ ਬੱਸ ਸਟੈਂਡ, ਰੇਲਵੇ ਸਟੇਸ਼ਨ, ਟਰੱਕ ਯੂਨੀਅਨ ਆਦਿ ਵਿਖੇ ਟ੍ਰੈਫਿਕ ਰੂਲਾਂ ਸਬੰਧੀ ਜਾਗਰੂਕਤਾ ਪੈਦਾ ਕਰਨ ਲਈ ਇਕ ਰੋਜ਼ ਵਰਕਸ਼ਾਪ ਜਾਂ ਸੈਮੀਨਾਰ ਕਰਵਾਉਣ ਦੇ ਨਿਰਦੇਸ਼ ਦਿੱਤੇ ।

ਇਸ ਮੌਕੇ ਖੇਤਰੀ ਟਰਾਂਸਪੋਰਟ ਅਫਸਰ ਸ਼੍ਰੀ ਕਪਿਲ ਜਿੰਦਲ, ਡੀ.ਐੱਸ.ਪੀ. ਕਰਮਜੀਤ ਸਿੰਘ ਸੰਧਾਵਾਲੀਆ, ਜ਼ਿਲ੍ਹਾ ਸਿੱਖਿਆ ਅਫਸਰ ਮੈਡਮ ਮਮਤਾ ਰਾਣੀ ਤੋਂ ਇਲਾਵਾ ਹੋਰ ਅਫਸਰ ਆਦਿ ਹਾਜ਼ਰ ਸਨ ।

# ਵਿਧਾਨ ਸਭਾ ਕਮੇਟੀ ਦੀ ਰਿਪੋਰਟ ਨੇ ਖੋਲ੍ਹੀ 'ਯੁੱਧ ਨਸ਼ੇ ਵਿਰੁੱਧ' ਮੁਹਿੰਮ ਦੀ ਪੋਲ : ਕੇਵਲ ਸਿੰਘ ਢਿੱਲੋਂ

**ਚੰਡੀਗੜ੍ਹ, 8 ਅਗਸਤ**
**-ਜੀ. ਐਸ. ਤੁੰਗ-**

ਪੰਜਾਬ ਵਿਧਾਨ ਸਭਾ ਦੀ ਕਮੇਟੀ ਵੱਲੋਂ ਸੂਬੇ ਵਿੱਚ ਨਸ਼ਿਆਂ ਦੀ ਭਿਆਨਕ ਸਥਿਤੀ ਬਾਰੇ ਪੇਸ਼ ਕੀਤੀ ਗਈ ਰਿਪੋਰਟ ਨੂੰ ਆਮ ਆਦਮੀ ਪਾਰਟੀ ਸਰਕਾਰ ਦੀ ਸਭ ਤੋਂ ਵੱਡੀ ਨਾਕਾਮੀ ਦਾ ਦਸਤਾਵੇਜ਼ ਕਰਾਰ ਦਿੰਦਿਆਂ ਭਾਰਤੀ ਜਨਤਾ ਪਾਰਟੀ ਦੇ ਸੂਬਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਕਿਹਾ ਕਿ ਪੰਜਾਬ ਦੇ 65 ਫ਼ੀਸਦੀ ਤੋਂ ਵੱਧ ਨੌਜਵਾਨਾਂ ਦਾ ਨਸ਼ਿਆਂ ਦੀ ਲਪੇਟ ਵਿੱਚ ਹੋਣਾ ਸੂਬੇ ਦੇ ਭਵਿੱਖ 'ਤੇ ਗੰਭੀਰ ਖ਼ਤਰੇ ਦੀ ਘੰਟੀ ਹੈ। ਉਨ੍ਹਾਂ ਕਿਹਾ ਕਿ ਵਿਧਾਨ ਸਭਾ ਕਮੇਟੀ ਦੀ ਰਿਪੋਰਟ ਨੇ ਸਰਕਾਰ ਦੇ ਨਸ਼ਾ ਮੁਕਤ ਪੰਜਾਬ ਅਤੇ ਯੁੱਧ ਨਸ਼ਿਆਂ ਵਿਰੁੱਧ ਵਰਗੇ ਸਾਰੇ ਦਾਅਵਿਆਂ ਦੀ ਹਕੀਕਤ ਬੇਨਕਾਬ ਕਰ ਦਿੱਤੀ ਹੈ।



ਢਿੱਲੋਂ ਨੇ ਕਿਹਾ ਕਿ ਰਿਪੋਰਟ ਮੁਤਾਬਕ 18 ਤੋਂ 35 ਸਾਲ ਦੀ ਉਮਰ ਦੇ ਨੌਜਵਾਨ ਸਭ ਤੋਂ ਵੱਧ ਨਸ਼ਿਆਂ ਦੀ ਮਾਰ ਹੇਠ ਹਨ। ਇਸ ਤੋਂ ਵੀ ਵੱਧ ਚਿੰਤਾਜਨਕ ਗੱਲ ਇਹ ਹੈ ਕਿ ਪਿਛਲੇ ਚਾਰ ਸਾਲਾਂ ਵਿੱਚ ਬੁਪ੍ਰੇਨੋਰਫਿਨ ਵਰਗੀਆਂ ਨਸ਼ਾ ਛੁਡਾਊ ਦਵਾਈਆਂ ਦੀ ਖਪਤ 57 ਫ਼ੀਸਦੀ ਵਧ ਗਈ, ਜਦਕਿ ਸਿਵਲ ਹਸਪਤਾਲਾਂ ਵਿੱਚ ਇਲਾਜ ਲਈ ਬੈੱਡਾਂ ਦੀ ਭਾਰੀ ਕਮੀ ਹੈ। ਉਨ੍ਹਾਂ ਕਿਹਾ ਕਿ ਇਹ ਅੰਕੜੇ ਸਾਬਤ ਕਰਦੇ ਹਨ ਕਿ ਸਰਕਾਰ ਨਾ ਨਸ਼ਿਆਂ 'ਤੇ ਕਾਬੂ ਪਾ ਸਕੀ ਹੈ ਅਤੇ ਨਾ ਹੀ ਨਸ਼ਾ ਪੀੜਤਾਂ ਲਈ ਢੁੱਕਵਾਂ ਇਲਾਜੀ ਢਾਂਚਾ ਖੜ੍ਹਾ ਕਰ ਸਕੀ ਹੈ। ਭਾਜਪਾ ਸੂਬਾ ਪ੍ਰਧਾਨ ਨੇ ਯਾਦ ਦਿਵਾਇਆ ਕਿ ਅਰਵਿੰਦ ਕੇਜਰੀਵਾਲ ਨੇ ਪੰਜਾਬ ਵਿੱਚ ਸਰਕਾਰ ਬਣਨ ਤੋਂ ਤਿੰਨ ਮਹੀਨਿਆਂ ਅੰਦਰ ਨਸ਼ਾ ਖ਼ਤਮ ਕਰਨ ਦਾ ਵਾਅਦਾ ਕੀਤਾ ਸੀ, ਪਰ ਸਾਢੇ ਚਾਰ ਸਾਲ ਬਾਅਦ ਹਾਲਾਤ ਪਹਿਲਾਂ ਨਾਲੋਂ ਹੋਰ ਵੀ ਭਿਆਨਕ ਹੋ ਚੁੱਕੇ ਹਨ। ਉਨ੍ਹਾਂ ਕਿਹਾ ਕਿ ਸਰਕਾਰ ਦੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਜ਼ਮੀਨੀ ਪੱਧਰ 'ਤੇ ਨਾਕਾਮ ਰਹੀ ਹੈ ਅਤੇ ਇਹ ਸਿਰਫ਼ ਇਸ਼ਤਿਹਾਰਾਂ, ਪ੍ਰਚਾਰ ਅਤੇ ਦਾਅਵਿਆਂ ਤੱਕ ਹੀ ਸੀਮਤ ਰਹਿ ਗਈ ਹੈ। ਢਿੱਲੋਂ ਨੇ ਕਿਹਾ ਕਿ ਜੇਕਰ ਸਰਕਾਰ ਦੇ ਦਾਅਵੇ ਸੱਚੇ ਹੁੰਦੇ ਤਾਂ ਨਸ਼ਾ ਛੁਡਾਊ ਗੋਲੀਆਂ ਦੀ ਖਪਤ ਲਗਭਗ 7 ਕਰੋੜ ਤੋਂ ਵੱਧ ਕੇ 11 ਕਰੋੜ ਤੱਕ ਨਾ ਪਹੁੰਚਦੀ। ਉਨ੍ਹਾਂ ਸਵਾਲ ਕੀਤਾ ਕਿ ਜਦੋਂ ਨਸ਼ਾ ਘਟਣ ਦੇ ਦਾਅਵੇ ਕੀਤੇ ਜਾ ਰਹੇ ਹਨ ਤਾਂ ਫਿਰ ਦਵਾਈਆਂ ਦੀ ਮੰਗ ਵਿੱਚ ਇਹ ਰਿਕਾਰਡ ਵਾਧਾ ਕਿਉਂ ਹੋਇਆ ? ਉਨ੍ਹਾਂ ਦੋਸ਼ ਲਾਇਆ ਕਿ ਸਰਕਾਰ ਨਸ਼ਿਆਂ ਦੀ ਜੜ੍ਹ 'ਤੇ ਵਾਰ ਕਰਨ ਦੀ ਬਜਾਏ ਅੰਕੜਿਆਂ ਅਤੇ ਇਸ਼ਤਿਹਾਰਾਂ ਰਾਹੀਂ ਆਪਣੀ ਨਾਕਾਮੀ ਨੂੰ ਲੁਕਾਉਣ ਦੀ ਕੋਸ਼ਿਸ਼ ਕਰ ਰਹੀ ਹੈ।

ਉਨ੍ਹਾਂ ਕਿਹਾ ਕਿ ਨਸ਼ਿਆਂ ਖ਼ਿਲਾਫ਼ ਲੜਾਈ ਸਿਰਫ਼ ਭਾਸ਼ਣਾਂ ਅਤੇ ਪ੍ਰਚਾਰ ਮੁਹਿੰਮਾਂ ਨਾਲ ਨਹੀਂ ਜਿੱਤੀ ਜਾ ਸਕਦੀ। ਇਸ ਲਈ ਨਸ਼ਿਆਂ ਦੀ ਸਪਲਾਈ ਚੇਨ ਨੂੰ ਤੋੜਨਾ, ਵੱਡੇ ਤਸਕਰਾਂ ਖ਼ਿਲਾਫ਼ ਬਿਨਾਂ ਕਿਸੇ ਸਿਆਸੀ ਦਖ਼ਲ ਦੇ ਸਖ਼ਤ ਕਾਰਵਾਈ ਕਰਨੀ ਅਤੇ ਨਸ਼ਾ ਪੀੜਤ ਨੌਜਵਾਨਾਂ ਦੇ ਇਲਾਜ, ਕਾਊਂਸਲਿੰਗ ਅਤੇ ਪੁਨਰਵਾਸ ਲਈ ਸਮੇਂਬੱਧ ਅਤੇ ਪ੍ਰਭਾਵਸ਼ਾਲੀ ਨੀਤੀ ਲਾਗੂ ਕਰਨੀ ਸਰਕਾਰ ਦੀ ਪਹਿਲ ਹੋਣੀ ਚਾਹੀਦੀ ਹੈ। ਪੰਜਾਬ ਦਾ ਨੌਜਵਾਨ ਬਚੇਗਾ ਤਾਂ ਹੀ ਪੰਜਾਬ ਦਾ ਭਵਿੱਖ ਬਚੇਗਾ।

# ਓ.ਐਸ.ਡੀ ਸੁਖਵੀਰ ਸਿੰਘ ਅਤੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਵੱਲੋਂ ਪਿੰਡ ਰੁਲਦੂ ਸਿੰਘ ਵਾਲਾ ਅਤੇ ਬੰਗਾਂਵਾਲੀ ਵਿਖੇ 'ਲੋਕ ਮਿਲਣੀ'



**ਧੂਰੀ 8 ਅਗਸਤ**
**-ਜਤਿੰਦਰ ਗਰਗ-**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਲੋਕਾਂ ਦੀਆਂ ਸਮੱਸਿਆਵਾਂ ਦਾ ਉਨ੍ਹਾਂ ਦੇ ਘਰਾਂ ਦੇ ਨੇੜੇ ਹੀ ਸਮਾਂਬੱਧ ਅਤੇ ਤਰਜੀਹੀ ਆਧਾਰ 'ਤੇ ਹੱਲ ਯਕੀਨੀ ਬਣਾਉਣ ਲਈ ਚਲਾਈ ਜਾ ਰਹੀ 'ਲੋਕ ਮਿਲਣੀ' ਮੁਹਿੰਮ ਤਹਿਤ ਪਿੰਡ ਰੁਲਦੂ ਸਿੰਘ ਵਾਲਾ ਅਤੇ ਬੰਗਾਂਵਾਲੀ ਵਿਖੇ ਲੋਕ ਮਿਲਣੀ ਪ੍ਰੋਗਰਾਮ ਕੀਤਾ ਗਿਆ।

ਇਸ ਮੌਕੇ ਮੁੱਖ ਮੰਤਰੀ ਦੇ ਓ.ਐਸ.ਡੀ ਸੁਖਵੀਰ ਸਿੰਘ ਅਤੇ ਪੰਜਾਬ ਲਘੂ ਉਦਯੋਗ ਅਤੇ ਨਿਰਯਾਤ ਨਿਗਮ ਦੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਨੇ ਪਿੰਡ ਵਾਸੀਆਂ ਦੀਆਂ ਸਮੱਸਿਆਵਾਂ ਅਤੇ ਮੰਗਾਂ ਨੂੰ ਸੁਣਿਆ ਅਤੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਮੌਕੇ 'ਤੇ ਹੀ ਲੋੜੀਂਦੀ ਕਾਰਵਾਈ ਕਰਨ ਅਤੇ ਬਾਕੀ ਮਾਮਲਿਆਂ ਦਾ ਜਲਦ ਨਿਪਟਾਰਾ ਯਕੀਨੀ ਬਣਾਉਣ ਲਈ ਨਿਰਦੇਸ਼ ਦਿੱਤੇ।

ਇਸ ਮੌਕੇ ਸੰਬੋਧਨ ਕਰਦਿਆਂ ਸੁਖਵੀਰ ਸਿੰਘ ਅਤੇ ਦਲਵੀਰ ਸਿੰਘ ਢਿੱਲੋਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਨੇ ਲੋਕਾਂ ਨੂੰ ਭ੍ਰਿਸ਼ਟਾਚਾਰ-ਮੁਕਤ, ਪਾਰਦਰਸ਼ੀ ਅਤੇ ਜਵਾਬਦੇਹ ਪ੍ਰਸ਼ਾਸਨ ਦੇਣ ਨੂੰ ਆਪਣੀ ਪਹਿਲੀ ਤਰਜੀਹ ਬਣਾਇਆ ਹੈ। ਉਨ੍ਹਾਂ ਕਿਹਾ ਕਿ 'ਲੋਕ ਮਿਲਣੀ' ਦਾ ਮਕਸਦ ਲੋਕਾਂ ਨੂੰ ਸਰਕਾਰੀ ਦਫ਼ਤਰਾਂ ਦੇ ਚੱਕਰ ਕਟਵਾਉਣ ਦੀ ਬਜਾਏ ਸਰਕਾਰ ਨੂੰ ਲੋਕਾਂ ਦੇ ਬੂਹੇ ਤੱਕ ਲੈ ਕੇ ਜਾਣਾ ਹੈ ਤਾਂ ਜੋ ਹਰ ਨਾਗਰਿਕ ਨੂੰ ਸਮੇਂ ਸਿਰ ਇਨਸਾਫ਼ ਅਤੇ ਸਰਕਾਰੀ ਸੇਵਾਵਾਂ ਮਿਲ ਸਕਣ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਲੋਕ ਭਲਾਈ ਨੂੰ ਸਮਰਪਿਤ ਅਨੇਕਾਂ ਇਤਿਹਾਸਕ ਪਹਿਲਕਦਮੀਆਂ ਨੂੰ ਸਫ਼ਲਤਾਪੂਰਵਕ ਲਾਗੂ ਕਰ ਰਹੀ ਹੈ। ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਰਾਹੀਂ ਯੋਗ ਮਹਿਲਾਵਾਂ ਨੂੰ ਵਿੱਤੀ ਸਹਾਇਤਾ ਪ੍ਰਦਾਨ ਕੀਤੀ ਜਾ ਰਹੀ ਹੈ, ਜਦਕਿ ਜ਼ੀਰੋ ਬਿਜਲੀ ਬਿੱਲ ਦੀ ਸਕੀਮ ਤਹਿਤ ਲੱਖਾਂ ਪਰਿਵਾਰਾਂ ਨੂੰ ਰਾਹਤ ਮਿਲੀ ਹੈ। ਇਸੇ ਤਰ੍ਹਾਂ ਸੂਬੇ ਭਰ ਵਿੱਚ ਸਥਾਪਤ ਆਮ ਆਦਮੀ ਕਲੀਨਿਕਾਂ ਰਾਹੀਂ ਲੋਕਾਂ ਨੂੰ ਮਿਆਰੀ ਸਿਹਤ ਸੇਵਾਵਾਂ, ਮੁਫ਼ਤ ਦਵਾਈਆਂ ਅਤੇ ਲੈਬ ਟੈਸਟ ਉਨ੍ਹਾਂ ਦੇ ਘਰਾਂ ਦੇ ਨੇੜੇ ਹੀ ਉਪਲਬਧ ਕਰਵਾਏ ਜਾ ਰਹੇ ਹਨ।

ਉਨ੍ਹਾਂ ਅੱਗੇ ਕਿਹਾ ਕਿ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਅਤੇ ਨਸ਼ਿਆਂ ਤੋਂ ਦੂਰ ਰੱਖਣ ਲਈ ਪੰਜਾਬ ਸਰਕਾਰ ਵੱਲੋਂ ਪਿੰਡਾਂ ਅਤੇ ਸ਼ਹਿਰਾਂ ਵਿੱਚ ਆਧੁਨਿਕ ਖੇਡ ਮੈਦਾਨਾਂ ਅਤੇ ਖੇਡ ਬੁਨਿਆਦੀ ਢਾਂਚੇ ਦਾ ਵਿਕਾਸ ਕੀਤਾ ਜਾ ਰਿਹਾ ਹੈ। ਇਸ ਤੋਂ ਇਲਾਵਾ ਸਿੱਖਿਆ, ਸਿਹਤ, ਰੋਜ਼ਗਾਰ, ਬੁਨਿਆਦੀ ਢਾਂਚੇ ਅਤੇ ਕਿਸਾਨ ਭਲਾਈ ਦੇ ਖੇਤਰ ਵਿੱਚ ਵੀ ਸਰਕਾਰ ਵੱਲੋਂ ਲਗਾਤਾਰ ਲੋਕ-ਪੱਖੀ ਫ਼ੈਸਲੇ ਲਏ ਜਾ ਰਹੇ ਹਨ, ਜਿਨ੍ਹਾਂ ਦਾ ਲਾਭ ਹਰ ਵਰਗ ਤੱਕ ਪਹੁੰਚ ਰਿਹਾ ਹੈ।

ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਸਰਕਾਰ ਵੱਲੋਂ ਸ਼ੁਰੂ ਕੀਤੀਆਂ ਜਾ ਰਹੀਆਂ ਲੋਕ ਭਲਾਈ ਸਕੀਮਾਂ ਦਾ ਵੱਧ ਤੋਂ ਵੱਧ ਲਾਭ ਉਠਾਉਣ ਅਤੇ ਆਪਣੇ ਖੇਤਰ ਦੇ ਵਿਕਾਸ ਲਈ ਸਰਕਾਰ ਨਾਲ ਸਿੰਘ, ਕੌਂਸਲਰ ਪੁਸ਼ਪਿੰਦਰ ਸ਼ਰਮਾ, ਸਰਪੰਚ ਅਮ੍ਰਿਤਪਾਲ ਸਿੰਘ (ਘਨੌਰੀ ਕਲਾਂ), ਸਰਪੰਚ ਮਨਪ੍ਰੀਤ ਸ਼ਰਮਾ (ਜਹਾਂਗੀਰ) ਅਤੇ ਹੋਰ ਪਤਵੰਤੇ ਹਾਜ਼ਰ ਸਨ।

# ਪੰਜਾਬ ਪੁਲਿਸ ਨੇ 39,000 ਤੋਂ ਵੱਧ ਜਨ-ਜਾਗਰੂਕਤਾ ਮੀਟਿੰਗਾਂ ਰਾਹੀਂ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਨੂੰ ਹਰ ਪਿੰਡ ਅਤੇ ਹਰ ਜਮਾਤ ਤੱਕ ਪਹੁੰਚਾਇਆ

**➢ 39,000 ਤੋਂ ਵੱਧ ਪੁਲਿਸ-ਜਨਤਾ ਸੰਵਾਦ ਮੀਟਿੰਗਾਂ ਨੇ ਭਗਵੰਤ ਮਾਨ ਸਰਕਾਰ ਦੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਨੂੰ ਲੋਕ ਲਹਿਰ ਦਾ ਰੂਪ ਦਿੱਤਾ ➢ ਨਸ਼ਿਆਂ ਵਿਰੁੱਧ ਲੜਾਈ ਸਿਰਫ਼ ਕਾਨੂੰਨ ਲਾਗੂ ਕਰਨ ਨਾਲ ਨਹੀਂ ਜਿੱਤੀ ਜਾ ਸਕਦੀ; ਰੋਕਥਾਮ ਅਤੇ ਜਾਗਰੂਕਤਾ ਲਈ ਸਮਾਜ ਨੂੰ ਬਰਾਬਰ ਦਾ ਭਾਈਵਾਲ ਬਣਨਾ ਹੋਵੇਗਾ: ਡੀਜੀਪੀ ਗੌਰਵ ਯਾਦਵ**

**ਚੰਡੀਗੜ੍ਹ 8 ਅਗਸਤ**
**-ਛਤਰਪਾਲ ਸਿੰਘ-**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਚਲਾਈ ਜਾ ਰਹੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਨੂੰ ਹੋਰ ਮਜ਼ਬੂਤ ਬਣਾਉਣ ਦੇ ਉਦੇਸ਼ ਨਾਲ ਪੰਜਾਬ ਪੁਲਿਸ ਨੇ 1 ਮਾਰਚ, 2025 ਨੂੰ ਮੁਹਿੰਮ ਸ਼ੁਰੂ ਹੋਣ ਤੋਂ ਬਾਅਦ ਸੂਬੇ ਭਰ ਵਿੱਚ 39,000 ਤੋਂ ਵੱਧ ਜਨ-ਜਾਗਰੂਕਤਾ ਮੀਟਿੰਗਾਂ ਆਯੋਜਿਤ ਕੀਤੀਆਂ ਹਨ। ਇਹ ਵਿਆਪਕ ਜਨ-ਸੰਪਰਕ ਪ੍ਰੋਗਰਾਮ ਕਾਨੂੰਨ ਲਾਗੂ ਕਰਨ ਵਾਲੀਆਂ ਏਜੰਸੀਆਂ ਅਤੇ ਆਮ ਲੋਕਾਂ ਦਰਮਿਆਨ ਦੂਰੀ ਨੂੰ ਘਟਾਉਂਦਿਆਂ ਪੰਜਾਬ ਦੀ ਨਸ਼ਾ ਵਿਰੋਧੀ ਮੁਹਿੰਮ ਦਾ ਇੱਕ ਮਜ਼ਬੂਤ ਥੰਮ੍ਹ ਬਣ ਕੇ ਉੱਭਰਿਆ ਹੈ।

ਪੰਜਾਬ ਪੁਲਿਸ ਨਸ਼ਾ ਤਸਕਰਾਂ ਅਤੇ ਨਸ਼ੇ ਦੇ ਸੌਦਾਗਰਾਂ ਖ਼ਿਲਾਫ਼ ਲਗਾਤਾਰ ਸਖ਼ਤ ਕਾਰਵਾਈ ਕਰ ਰਹੀ ਹੈ ਅਤੇ ਇਸ ਦੇ ਜਨ-ਜਾਗਰੂਕਤਾ ਪ੍ਰੋਗਰਾਮ ਨੇ ਲੋਕਾਂ ਦੀ ਸਰਗਰਮ ਭਾਗੀਦਾਰੀ ਨੂੰ ਉਤਸ਼ਾਹਿਤ ਕਰਦਿਆਂ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਨੂੰ ਇੱਕ ਲੋਕ ਲਹਿਰ ਦਾ ਰੂਪ ਦੇਣ ਵਿੱਚ ਅਹਿਮ ਭੂਮਿਕਾ ਨਿਭਾਈ ਹੈ।

ਇਸ ਗੱਲ 'ਤੇ ਜ਼ੋਰ ਦਿੰਦਿਆਂ ਕਿ ਨਸ਼ਿਆਂ ਵਿਰੁੱਧ ਲੜਾਈ ਪੂਰੇ ਸਮਾਜ ਦੀ ਸਾਂਝੀ ਭਾਗੀਦਾਰੀ ਨਾਲ ਹੀ ਜਿੱਤੀ ਜਾ ਸਕਦੀ ਹੈ, ਪੰਜਾਬ ਦੇ ਡੀਜੀਪੀ ਗੌਰਵ ਯਾਦਵ ਨੇ ਕਿਹਾ, ਨਸ਼ਿਆਂ ਵਿਰੁੱਧ ਲੜਾਈ ਸਿਰਫ਼ ਕਾਨੂੰਨ ਲਾਗੂ ਕਰਨ ਨਾਲ ਨਹੀਂ ਜਿੱਤੀ ਜਾ ਸਕਦੀ। ਪੰਜਾਬ ਪੁਲਿਸ ਜਿੱਥੇ ਨਸ਼ਾ ਤਸਕਰਾਂ ਅਤੇ ਸੰਗਠਿਤ ਗਿਰੋਹਾਂ ਖ਼ਿਲਾਫ਼ ਸਖ਼ਤ ਕਾਰਵਾਈ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ, ਉੱਥੇ ਸਥਾਈ ਸਫ਼ਲਤਾ ਉਦੋਂ ਹੀ ਸੰਭਵ ਹੈ, ਜਦੋਂ ਸਮਾਜ ਰੋਕਥਾਮ ਅਤੇ ਜਾਗਰੂਕਤਾ ਦੇ ਯਤਨਾਂ ਵਿੱਚ ਬਰਾਬਰ ਦਾ ਭਾਈਵਾਲ ਬਣੇ। ਸਾਡੀਆਂ ਜਨ-ਜਾਗਰੂਕਤਾ ਪਹਿਲਕਦਮੀਆਂ ਪੁਲਿਸ ਅਤੇ ਲੋਕਾਂ ਵਿਚਕਾਰ ਭਰੋਸੇ ਨੂੰ ਮਜ਼ਬੂਤ ਕਰ ਰਹੀਆਂ ਹਨ, ਨਾਗਰਿਕਾਂ ਨੂੰ ਨਸ਼ਿਆਂ ਨਾਲ ਸਬੰਧਤ ਗਤੀਵਿਧੀਆਂ ਬਾਰੇ ਜਾਣਕਾਰੀ ਦੇਣ ਲਈ ਉਤਸ਼ਾਹਿਤ ਕਰ ਰਹੀਆਂ ਹਨ ਅਤੇ ਅਜਿਹਾ ਮਾਹੌਲ ਤਿਆਰ ਕਰ ਰਹੀਆਂ ਹਨ, ਜਿਸ ਵਿੱਚ ਲੋਕ ਨਸ਼ਿਆਂ ਦੀ ਬੁਰਾਈ ਵਿਰੁੱਧ ਡਟ ਕੇ ਖੜ੍ਹੇ ਹੋਣ।

5 ਅਗਸਤ, 2026 ਤੱਕ ਪੰਜਾਬ ਪੁਲਿਸ ਨੇ ਸਕੂਲਾਂ, ਕਾਲਜਾਂ ਅਤੇ ਹੋਰ ਵਿੱਦਿਅਕ ਸੰਸਥਾਵਾਂ ਵਿੱਚ ਵਿਦਿਆਰਥੀਆਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕਰਨ ਲਈ, ਸਿਹਤਮੰਦ ਜੀਵਨ ਸ਼ੈਲੀ ਅਪਣਾਉਣ ਲਈ ਪ੍ਰੇਰਿਤ ਕਰਨ ਲਈ ਅਤੇ ਸਾਥੀਆਂ ਦੇ ਦਬਾਅ ਦਾ ਸਾਹਮਣਾ ਕਰਨ ਬਾਰੇ ਜਾਣਕਾਰੀ ਦੇਣ ਲਈ ਵਿਦਿਆਰਥੀਆਂ ਨਾਲ 10,605 ਮੀਟਿੰਗਾਂ ਕੀਤੀਆਂ ਹਨ। ਵਿਦਿਆਰਥੀਆਂ ਨੂੰ ਨਸ਼ਿਆਂ ਨਾਲ ਸਬੰਧਤ ਕਿਸੇ ਵੀ ਸ਼ੱਕੀ ਗਤੀਵਿਧੀ ਦੀ ਜਾਣਕਾਰੀ ਪੁਲਿਸ ਨੂੰ ਦੇਣ ਲਈ ਵੀ ਪ੍ਰੇਰਿਤ ਕੀਤਾ ਗਿਆ।

ਇਸ ਤੋਂ ਇਲਾਵਾ, 3,303 ਸੰਪਰਕ ਮੀਟਿੰਗਾਂ ਆਯੋਜਿਤ ਕੀਤੀਆਂ ਗਈਆਂ, ਜੋ ਮੁੱਖ ਤੌਰ 'ਤੇ ਨੌਜਵਾਨਾਂ 'ਤੇ ਕੇਂਦਰਿਤ ਸਨ, ਕਿਉਂਕਿ ਉਹ ਨਸ਼ਿਆਂ ਦੀ ਲਤ ਦੇ ਸਭ ਤੋਂ ਵੱਧ ਖ਼ਤਰੇ ਵਾਲੇ ਵਰਗਾਂ ਵਿੱਚ ਸ਼ਾਮਲ ਹਨ। ਇਨ੍ਹਾਂ ਮੀਟਿੰਗਾਂ ਰਾਹੀਂ ਨੌਜਵਾਨਾਂ ਨੂੰ ਪੁਲਿਸ ਅਧਿਕਾਰੀਆਂ, ਭਾਈਚਾਰਕ ਆਗੂਆਂ ਅਤੇ ਸਥਾਨਕ ਨੁਮਾਇੰਦਿਆਂ ਨਾਲ ਸਿੱਧਾ ਸੰਵਾਦ ਕਰਨ ਦਾ ਮੌਕਾ ਮਿਲਿਆ। ਇਨ੍ਹਾਂ ਸੰਵਾਦਾਂ ਦੌਰਾਨ ਨਸ਼ਿਆਂ ਨਾਲ ਸਬੰਧਤ ਭਰਮ ਦੂਰ ਕਰਨ ਦੇ ਨਾਲ-ਨਾਲ ਨਸ਼ਾ ਮੁਕਤੀ, ਮੁੜ ਵਸੇਬਾ ਅਤੇ ਰੋਕਥਾਮ ਬਾਰੇ ਵੀ ਜਾਣਕਾਰੀ ਦਿੱਤੀ ਗਈ।

ਇਸ ਜਨ-ਜਾਗਰੂਕਤਾ ਪ੍ਰੋਗਰਾਮ ਵਿੱਚ ਪੇਂਡੂ ਅਤੇ ਸ਼ਹਿਰੀ ਦੋਵਾਂ ਖੇਤਰਾਂ ਦੇ ਲੋਕਾਂ ਦੀ ਬੇਮਿਸਾਲ ਭਾਗੀਦਾਰੀ ਦੇਖਣ ਨੂੰ ਮਿਲੀ ਹੈ। ਪੇਂਡੂ ਖੇਤਰਾਂ ਦੀਆਂ ਪਿੰਡ ਰੱਖਿਆ ਕਮੇਟੀਆਂ (ਵੀਡੀਸੀ) ਅਤੇ ਸ਼ਹਿਰੀ ਖੇਤਰਾਂ ਦੀਆਂ ਵਾਰਡ ਰੱਖਿਆ ਕਮੇਟੀਆਂ ਦੇ ਮੈਂਬਰਾਂ ਨਾਲ 25,328 ਤੋਂ ਵੱਧ ਮੀਟਿੰਗਾਂ ਕੀਤੀਆਂ ਗਈਆਂ ਹਨ। ਇਹ ਪੰਜਾਬ ਸਰਕਾਰ ਦੀ ਹਰ ਪਿੰਡ ਅਤੇ ਹਰ ਵਾਰਡ ਨੂੰ ਨਸ਼ਾ-ਮੁਕਤ ਬਣਾਉਣ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ।

ਇਹ ਮੀਟਿੰਗਾਂ ਹੁਣ ਸੂਬੇ ਭਰ ਵਿੱਚ ਨਿਯਮਿਤ ਤੌਰ 'ਤੇ ਕਰਵਾਈਆਂ ਜਾ ਰਹੀਆਂ ਹਨ। ਵਿਆਪਕ ਪੱਧਰ 'ਤੇ ਪੁਲਿਸ-ਜਨਤਾ ਸੰਵਾਦ ਕਰਵਾਉਣ ਲਈ ਹਰ ਰੋਜ਼ ਪੰਜ ਜ਼ਿਲ੍ਹਿਆਂ ਦੀ ਚੋਣ ਕੀਤੀ ਜਾਂਦੀ ਹੈ। ਵੱਡੇ ਪ੍ਰੋਗਰਾਮਾਂ ਦੀ ਪ੍ਰਧਾਨਗੀ ਐਸਪੀ ਰੈਂਕ ਦੇ ਅਧਿਕਾਰੀ ਕਰਦੇ ਹਨ, ਜਦਕਿ ਸਥਾਨਕ ਪੱਧਰ ਦੀਆਂ ਮੀਟਿੰਗਾਂ ਦੀ ਅਗਵਾਈ ਸਟੇਸ਼ਨ ਹਾਊਸ ਅਫ਼ਸਰ (ਐਸਐਚਓ) ਕਰਦੇ ਹਨ, ਤਾਂ ਜੋ ਇਹ ਮੁਹਿੰਮ ਪੰਜਾਬ ਦੇ ਹਰ ਕੋਨੇ ਤੱਕ ਪਹੁੰਚ ਸਕੇ। ਲੋਕਾਂ ਦੀ ਭਾਰੀ ਭਾਗੀਦਾਰੀ ਕਾਰਨ ਕਈ ਥਾਂਵਾਂ 'ਤੇ ਭਾਗੀਦਾਰਾਂ ਦੀ ਸਹੂਲਤ ਲਈ ਬੈਂਕੁਇਟ ਹਾਲਾਂ ਅਤੇ ਵੱਡੇ ਕਮਿਊਨਿਟੀ ਹਾਲਾਂ ਦਾ ਪ੍ਰਬੰਧ ਕਰਨਾ ਪੈ ਰਿਹਾ ਹੈ।

ਮੌਜੂਦਾ ਸਮੇਂ ਪੰਜਾਬ ਵਿੱਚ ਲਗਭਗ 13,000 ਪਿੰਡ ਰੱਖਿਆ ਕਮੇਟੀਆਂ (ਵੀਡੀਸੀ) ਸਰਗਰਮ ਹਨ, ਜਿਨ੍ਹਾਂ ਵਿੱਚ ਸੂਬੇ ਭਰ ਦੇ ਲਗਭਗ 1.25 ਲੱਖ ਵਲੰਟੀਅਰ ਸ਼ਾਮਲ ਹਨ। ਇਹ ਮੈਂਬਰ ਪੰਜਾਬ ਪੁਲਿਸ ਦੇ ਸਹਿਯੋਗੀ ਸੂਚਨਾ ਤੰਤਰ ਵਜੋਂ ਕੰਮ ਕਰਨ ਦੇ ਨਾਲ-ਨਾਲ ਆਪਣੇ-ਆਪਣੇ ਪਿੰਡਾਂ ਅਤੇ ਪੰਚਾਇਤਾਂ, ਖ਼ਾਸ ਕਰਕੇ ਨੌਜਵਾਨਾਂ ਵਿੱਚ, ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕਤਾ ਫੈਲਾ ਕੇ ਸਮਾਜ ਸੇਵਾ ਦੀ ਮਹੱਤਵਪੂਰਨ ਭੂਮਿਕਾ ਵੀ ਨਿਭਾ ਰਹੇ ਹਨ।

ਇਨ੍ਹਾਂ ਕਮੇਟੀਆਂ ਵਿੱਚ ਪਿੰਡਾਂ ਦੇ ਸਤਿਕਾਰਯੋਗ ਬਜ਼ੁਰਗ, ਸੇਵਾਮੁਕਤ ਫ਼ੌਜੀ ਅਤੇ ਪੁਲਿਸ ਕਰਮਚਾਰੀ, ਅਧਿਆਪਕ ਅਤੇ ਸਮਾਜ ਦੇ ਹੋਰ ਉੱਘੇ ਵਿਅਕਤੀ ਸ਼ਾਮਲ ਹਨ। ਪੰਜਾਬ ਪੁਲਿਸ ਅਤੇ ਸਿਹਤ ਵਿਭਾਗ ਨਾਲ ਮਿਲ ਕੇ ਕੰਮ ਕਰਦਿਆਂ ਇਹ ਮੈਂਬਰ ਨਾ ਸਿਰਫ਼ ਨਸ਼ਿਆਂ ਨਾਲ ਸਬੰਧਤ ਗਤੀਵਿਧੀਆਂ ਬਾਰੇ ਜਾਣਕਾਰੀ ਸਾਂਝੀ ਕਰਕੇ ਕਾਨੂੰਨ ਲਾਗੂ ਕਰਨ ਦੇ ਯਤਨਾਂ ਨੂੰ ਮਜ਼ਬੂਤ ਕਰਦੇ ਹਨ, ਸਗੋਂ ਨਸ਼ਿਆਂ ਦੇ ਸ਼ਿਕਾਰ ਲੋਕਾਂ ਨੂੰ ਨਸ਼ਾ ਮੁਕਤੀ ਅਤੇ ਮੁੜ ਵਸੇਬਾ ਕੇਂਦਰਾਂ ਨਾਲ ਜੋੜਨ ਵਿੱਚ ਵੀ ਅਹਿਮ ਭੂਮਿਕਾ ਨਿਭਾਉਂਦੇ ਹਨ।

ਜਨ-ਜਾਗਰੂਕਤਾ ਪ੍ਰੋਗਰਾਮ ਦੇ ਵਿਆਪਕ ਦਾਇਰੇ ਅਤੇ ਪ੍ਰਭਾਵ ਦਾ ਜ਼ਿਕਰ ਕਰਦਿਆਂ ਏਡੀਜੀਪੀ, ਐਂਟੀ-ਨਾਰਕੋਟਿਕਸ ਟਾਸਕ ਫੋਰਸ, ਨੀਲਾਭ ਕਿਸ਼ੋਰ ਨੇ ਕਿਹਾ, ਪੰਜਾਬ ਪੁਲਿਸ ਇਸ ਮੁਹਿੰਮ ਨੂੰ ਜਮਾਤਾਂ ਅਤੇ ਕਾਲਜਾਂ ਤੋਂ ਲੈ ਕੇ ਪਿੰਡਾਂ ਅਤੇ ਸ਼ਹਿਰੀ ਵਾਰਡਾਂ ਤੱਕ ਸਮਾਜ ਦੇ ਹਰ ਵਰਗ ਤੱਕ ਪਹੁੰਚਾਉਣ ਵਿੱਚ ਸਫ਼ਲ ਰਹੀ ਹੈ। 39,000 ਤੋਂ ਵੱਧ ਪੁਲਿਸ-ਜਨਤਾ ਸੰਵਾਦ ਮੀਟਿੰਗਾਂ ਨੇ ਸੰਵਾਦ, ਜਾਗਰੂਕਤਾ ਅਤੇ ਭਾਈਚਾਰਕ ਭਾਗੀਦਾਰੀ ਲਈ ਇੱਕ ਮਜ਼ਬੂਤ ਮੰਚ ਤਿਆਰ ਕੀਤਾ ਹੈ।

ਇਹ ਨਿਰੰਤਰ ਜਨ-ਸੰਪਰਕ ਮੁਹਿੰਮ ਲੋਕਾਂ ਨੂੰ ਨਸ਼ਿਆਂ ਨਾਲ ਸਬੰਧਤ ਜਾਣਕਾਰੀ ਸਾਂਝੀ ਕਰਨ, ਕਾਨੂੰਨ ਲਾਗੂ ਕਰਨ ਦੀਆਂ ਸਾਡੀਆਂ ਕਾਰਵਾਈਆਂ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਅਤੇ ਨਸ਼ਾ-ਮੁਕਤ ਪੰਜਾਬ ਦੀ ਉਸਾਰੀ ਵਿੱਚ ਸਰਗਰਮ ਭਾਈਵਾਲ ਬਣਨ ਲਈ ਪ੍ਰੇਰਿਤ ਕਰ ਰਹੀ ਹੈ।

ਇਨ੍ਹਾਂ ਸਾਂਝੇ ਯਤਨਾਂ ਰਾਹੀਂ ਪੰਜਾਬ ਪੁਲਿਸ ਸਮਾਜ ਦੇ ਸਾਰੇ ਵਰਗਾਂ ਦੀ ਸਰਗਰਮ ਭਾਗੀਦਾਰੀ ਨਾਲ ਇੱਕ ਸੁਰੱਖਿਅਤ, ਸਿਹਤਮੰਦ ਅਤੇ ਨਸ਼ਾ-ਮੁਕਤ ਪੰਜਾਬ ਦੇ ਨਿਰਮਾਣ ਲਈ ਨਿਰੰਤਰ ਕੰਮ ਕਰ ਰਹੀ ਹੈ।

# ਸਪੀਕਰ ਵੱਲੋਂ ਪੰਜਾਬੀ ਫਿਲਮ 'ਦੀ ਗ੍ਰੇਟ ਪੰਜਾਬ ਰੌਬਰੀ' ਦੀ ਟੀਮ ਦੀ ਮੇਜ਼ਬਾਨੀ; ਸਿਨੇਮਾ ਅਤੇ ਸੈਰ-ਸਪਾਟੇ ਨੂੰ ਉਤਸ਼ਾਹਿਤ ਕਰਨ ਦੀਆਂ ਪਹਿਲਕਦਮੀਆਂ 'ਤੇ ਕੀਤੀ ਚਰਚਾ

**ਚੰਡੀਗੜ੍ਹ 8 ਅਗਸਤ**
**-ਛਤਰਪਾਲ ਸਿੰਘ-**

ਪੰਜਾਬ ਵਿਧਾਨ ਸਭਾ ਦੇ ਸਪੀਕਰ ਸ. ਕੁਲਤਾਰ ਸਿੰਘ ਸੰਧਵਾਂ ਨੇ ਅੱਜ ਪੰਜਾਬ ਵਿਧਾਨ ਸਭਾ ਸਕੱਤਰੇਤ ਵਿਖੇ ਪੰਜਾਬੀ ਫਿਲਮ ਦੀ ਗ੍ਰੇਟ ਪੰਜਾਬ ਰੌਬਰੀ ਦੇ ਸਟਾਰ ਕਾਸਟ ਅਤੇ ਕਰੂ ਮੈਂਬਰਾਂ ਨਾਲ ਮੁਲਾਕਾਤ ਕੀਤੀ। ਫਿਲਮ ਦੇਖਣ ਤੋਂ ਬਾਅਦ ਸਪੀਕਰ ਨੇ ਇਸ ਫਿਲਮ ਦੀ ਕਹਾਣੀ, ਮੁੱਖ ਸੰਦੇਸ਼ ਅਤੇ ਇਸ ਵਿੱਚ ਦਿਖਾਏ ਪੰਜਾਬ ਰਾਜ ਦੇ ਸਾਰਥਕ ਚਿਤਰਣ ਦੀ ਭਰਪੂਰ ਸ਼ਲਾਘਾ ਕੀਤੀ। ਇਸ ਵਫ਼ਦ ਵਿੱਚ ਫਿਲਮ ਜਗਤ ਦੀਆਂ ਪ੍ਰਮੁੱਖ ਸ਼ਖਸੀਅਤਾਂ ਸ੍ਰੀ ਰਾਜ ਕੁੰਦਰਾ, ਸ੍ਰੀਮਤੀ ਪਾਇਲ ਰਾਜਪੂਤ, ਸ੍ਰੀ ਪਰਮਵੀਰ ਸਿੰਘ, ਫਿਲਮ ਨਿਰਦੇਸ਼ਕ ਸ੍ਰੀ ਸੌਰਭ ਵਰਮਾ ਅਤੇ ਸ੍ਰੀਮਤੀ ਗੁਰਪ੍ਰੀਤ ਕੌਰ ਚੱਢਾ ਸ਼ਾਮਲ ਸਨ। ਗੱਲਬਾਤ ਦੌਰਾਨ ਸਪੀਕਰ ਸੰਧਵਾਂ ਅਤੇ ਫਿਲਮ ਟੀਮ ਦਰਮਿਆਨ ਪੰਜਾਬ, ਪੰਜਾਬੀਅਤ, ਖੇਤਰੀ ਸਿਨੇਮਾ ਅਤੇ ਰਾਜ ਦੇ ਸੈਰ-ਸਪਾਟੇ ਨੂੰ ਉਤਸ਼ਾਹਿਤ ਕਰਨ ਬਾਰੇ ਵਿਸਥਾਰਪੂਰਵਕ ਚਰਚਾ ਅਤੇ ਅਹਿਮ ਸੁਝਾਵਾਂ ਦਾ ਆਦਾਨ-ਪ੍ਰਦਾਨ ਹੋਇਆ।

ਫਿਲਮ ਟੀਮ ਨੇ ਸਪੀਕਰ ਅੱਗੇ ਕੁਝ ਮੁੱਖ ਪ੍ਰਸਤਾਵ ਰੱਖੇ, ਜਿਨ੍ਹਾਂ ਵਿੱਚ ਨਿਰਮਾਤਾਵਾਂ ਨੂੰ ਮੁੰਬਈ ਅਤੇ ਦਿੱਲੀ ਵਿੱਚ ਸੈਂਸਰਸ਼ਿਪ ਨਾਲ ਸਬੰਧਤ ਆਉਂਦੀਆਂ ਚੁਣੌਤੀਆਂ ਅਤੇ ਦੇਰੀ ਨੂੰ ਹੱਲ ਕਰਨ ਲਈ ਪੰਜਾਬ ਵਿੱਚ ਕੇਂਦਰੀ ਫਿਲਮ ਪ੍ਰਮਾਣਨ ਬੋਰਡ (ਸੀਬੀਐਫਸੀ) ਦੀ ਇੱਕ ਸਮਰਪਿਤ ਸ਼ਾਖਾ ਸਥਾਪਤ ਕਰਨਾ; ਰੋਜ਼ਗਾਰ ਦੇ ਅਵਸਰ ਪੈਦਾ ਕਰਨ ਅਤੇ ਪੰਜਾਬੀ ਸਿਨੇਮਾ ਦੇ ਬੁਨਿਆਦੀ ਢਾਂਚੇ ਨੂੰ ਵੱਡਾ ਹੁੰਗਾਰਾ ਦੇਣ ਲਈ ਰਾਜ ਸਰਕਾਰ ਦੇ ਸਹਿਯੋਗ ਨਾਲ ਪੰਜਾਬ ਵਿੱਚ ਇੱਕ ਆਧੁਨਿਕ ਫਿਲਮ ਸਿਟੀ ਵਿਕਸਿਤ ਕਰਨਾ; ਕਾਨ੍ਹਸ ਫਿਲਮ ਫੈਸਟੀਵਲ ਵਰਗੇ ਵੱਕਾਰੀ ਅੰਤਰਰਾਸ਼ਟਰੀ ਮੰਚਾਂ 'ਤੇ ਮੁਕਾਬਲਾ ਕਰਨ ਲਈ ਉੱਚ ਮਿਆਰੀ ਪੰਜਾਬੀ ਫਿਲਮਾਂ ਨੂੰ ਸਰਕਾਰ ਵੱਲੋਂ ਇੰਸੈਂਟਿਵ ਅਤੇ ਸੰਸਥਾਗਤ ਸਹਾਇਤਾ ਪ੍ਰਦਾਨ ਕਰਨਾ; ਅਤੇ ਨਕਾਰਾਤਮਕ ਅਕਸ ਦੀ ਬਜਾਏ ਪੰਜਾਬ ਦੇ ਅਮੀਰ ਵਿਰਸੇ, ਨੈਤਿਕਤਾ ਅਤੇ ਮੁੱਲਾਂ ਨੂੰ ਉਜਾਗਰ ਕਰਨ ਵਾਲੇ ਪ੍ਰੋਜੈਕਟਾਂ ਨੂੰ ਉਤਸ਼ਾਹਿਤ ਕਰਨਾ ਸ਼ਾਮਲ ਹੈ, ਤਾਂ ਜੋ ਨਵੀਂ ਪੀੜ੍ਹੀ (ਜੈਨ-ਜ਼ੀ) ਵਿੱਚ ਦ੍ਰਿੜ ਨੈਤਿਕ ਕਦਰਾਂ-ਕੀਮਤਾਂ ਪੈਦਾ ਕੀਤੀਆਂ ਜਾ ਸਕਣ।

ਇਨ੍ਹਾਂ ਪ੍ਰਸਤਾਵਾਂ ਦਾ ਜਵਾਬ ਦਿੰਦਿਆਂ ਸਪੀਕਰ ਨੇ ਕਿਹਾ ਕਿ ਪੰਜਾਬੀ ਸਿਨੇਮਾ ਰਾਜ ਦੇ ਜੀਵੰਤ ਸੱਭਿਆਚਾਰ ਅਤੇ ਸੈਰ-ਸਪਾਟੇ ਨੂੰ ਵਿਸ਼ਵ ਪੱਧਰ 'ਤੇ ਪਹੁੰਚਾਉਣ ਲਈ ਇੱਕ ਸ਼ਕਤੀਸ਼ਾਲੀ ਮਾਧਿਅਮ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਹਾਂ-ਪੱਖੀ ਸੁਨੇਹਾ ਦੇਣ ਵਾਲੀਆਂ ਫਿਲਮਾਂ ਸਮਾਜ ਨੂੰ ਸਹੀ ਦਿਸ਼ਾ ਦਿੰਦੀਆਂ ਹਨ ਅਤੇ ਪੰਜਾਬ ਦੀ ਮਾਣਮੱਤੀ ਪਛਾਣ ਨੂੰ ਮਜ਼ਬੂਤ ਕਰਦੀਆਂ ਹਨ।

ਇਸ ਤੋਂ ਇਲਾਵਾ ਸਪੀਕਰ ਨੇ ਰਾਜ ਕੁੰਦਰਾ ਵੱਲੋਂ ਦਸਤਾਰ ਸਜਾ ਕੇ ਇੱਕ ਨਵੀਂ ਪਛਾਣ ਅਪਣਾਉਣ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਦਸਤਾਰ ਪੰਜਾਬ ਦੇ ਮਾਣ-ਸਨਮਾਨ, ਸਤਿਕਾਰ ਅਤੇ ਸੱਭਿਆਚਾਰਕ ਵਿਰਸੇ ਦਾ ਪ੍ਰਤੀਕ ਹੈ। ਉਨ੍ਹਾਂ ਉਮੀਦ ਪ੍ਰਗਟਾਈ ਕਿ ਇਹ ਕਦਮ ਸਮਾਜ ਵਿੱਚ ਸੱਭਿਆਚਾਰਕ ਸਦਭਾਵਨਾ ਅਤੇ ਆਪਸੀ ਸਤਿਕਾਰ ਦਾ ਅਰਥਪੂਰਨ ਸੰਦੇਸ਼ ਦੇਵੇਗਾ।



# ਹਰਿਆਣਾ ਖ਼ਬਰਨਾਮਾ



## ਸੰਤ ਗੁਰੂ ਰਵਿਦਾਸ ਜੀ ਦਾ ਸਮਰਸਤਾ ਸੰਦੇਸ਼ ਅੱਜ ਵੀ ਪੂਰੇ ਸਮਾਜ ਲਈ ਪ੍ਰੇਰਨਾ ਸਰੋਤ: ਮੁੱਖ ਮੰਤਰੀ

ਸੰਤ ਗੁਰੂ ਰਵਿਦਾਸ ਜੀ ਦਾ ਸਮਰਸਤਾ ਸੰਦੇਸ਼ ਅੱਜ ਵੀ ਪੂਰੇ ਸਮਾਜ ਲਈ ਪ੍ਰੇਰਨਾ ਸਰੋਤ: ਮੁੱਖ ਮੰਤਰੀ

**ਚੰਡੀਗੜ੍ਹ, 8 ਅਗਸਤ**
**-ਜੀ. ਐਸ. ਤੁੰਗ-**

ਹਰਿਆਣਾ ਦੇ ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਸੰਤ-ਮਹਾਂਪੁਰਖਾਂ ਦੀਆਂ ਸਿੱਖਿਆਵਾਂ ਕਿਸੇ ਇੱਕ ਸਮਾਜ ਤੱਕ ਸੀਮਤ ਨਹੀਂ ਹੁੰਦੀਆਂ, ਸਗੋਂ ਸੰਪੂਰਨ ਮਾਨਵਤਾ ਦੇ ਭਲੇ ਦਾ ਰਸਤਾ ਦਿਖਾਉਂਦੀਆਂ ਹਨ। ਉਨ੍ਹਾਂ ਕਿਹਾ ਕਿ ਸੰਤ ਸ਼ਿਰੋਮਣੀ ਸ਼੍ਰੀ ਗੁਰੂ ਰਵਿਦਾਸ ਜੀ ਮਹਾਰਾਜ ਵੱਲੋਂ ਸਦੀਆਂ ਪਹਿਲਾਂ ਦਿੱਤਾ ਗਿਆ ਸਮਰਸਤਾ, ਸਮਾਨਤਾ ਅਤੇ ਭਾਈਚਾਰੇ ਦਾ ਸੰਦੇਸ਼ ਅੱਜ ਵੀ ਉਂਨਾ ਹੀ ਪ੍ਰਸੰਗਿਕ ਅਤੇ ਪ੍ਰੇਰਨਾਦਾਇਕ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਹਰਿਆਣਾ ਸਰਕਾਰ ਨੇ ਸੰਤ ਸ਼ਿਰੋਮਣੀ ਸ਼੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਦੇ ਮੌਕੇ ਉੱਤੇ 'ਗੁਰੂ ਰਵਿਦਾਸ ਮਹਾਰਾਜ ਸਮਰਸਤਾ ਸੰਕਲਪ ਮੁਹਿੰਮ' ਸ਼ੁਰੂ ਕੀਤੀ ਹੈ। ਇਹ ਮੁਹਿੰਮ 20 ਫਰਵਰੀ, 2027 ਤੱਕ ਪੂਰੇ ਸੂਬੇ ਵਿੱਚ ਚਲਾਈ ਜਾਵੇਗੀ।

ਮੁੱਖ ਮੰਤਰੀ ਸ਼ੁੱਕਰਵਾਰ ਨੂੰ ਪੰਚਕੂਲਾ ਵਿੱਚ ਸੰਤ ਸ਼ਿਰੋਮਣੀ ਸ਼੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਦੇ ਮੌਕੇ ਉੱਤੇ ਪ੍ਰੋਗਰਾਮਾਂ ਲਈ ਗਠਿਤ ਰਾਜ ਪੱਧਰੀ ਕਮੇਟੀ ਦੀ ਪਹਿਲੀ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕਰ ਰਹੇ ਸਨ। ਉਨ੍ਹਾਂ ਕਿਹਾ ਕਿ ਇਸ ਮੁਹਿੰਮ ਤਹਿਤ ਕਈ ਪੜਾਵਾਂ ਵਿੱਚ ਪ੍ਰੋਗਰਾਮਾਂ ਅਤੇ ਗਤੀਵਿਧੀਆਂ ਦਾ ਆਯੋਜਨ ਕੀਤਾ ਜਾਵੇਗਾ ਤਾਂ ਜੋ ਸੰਤ ਸ਼ਿਰੋਮਣੀ ਗੁਰੂ ਰਵਿਦਾਸ ਜੀ ਮਹਾਰਾਜ ਦੀਆਂ ਸਿੱਖਿਆਵਾਂ ਅਤੇ ਬਾਣੀ ਨੂੰ ਘਰ-ਘਰ ਅਤੇ ਜਨ-ਜਨ ਤੱਕ ਪਹੁੰਚਾਇਆ ਜਾ ਸਕੇ।

ਮੁੱਖ ਮੰਤਰੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਦੀ ਅਗਵਾਈ ਵਿੱਚ ਹਰਿਆਣਾ ਨੂੰ ਸੰਤ ਸ਼ਿਰੋਮਣੀ ਗੁਰੂ ਰਵਿਦਾਸ ਜੀ ਦਾ 650ਵਾਂ ਪ੍ਰਕਾਸ਼ ਪੁਰਬ ਮਨਾਉਣ ਦਾ ਸੁਭਾਗ ਮਿਲਿਆ ਹੈ। ਸੰਤ ਸ਼੍ਰੀ ਗੁਰੂ ਰਵਿਦਾਸ ਜੀ ਨੇ ਨਾ ਸਿਰਫ਼ ਉਸ ਸਮੇਂ ਸਮਾਜ ਵਿੱਚ ਫੈਲੀਆਂ ਕੁਰੀਤੀਆਂ ਨੂੰ ਖਤਮ ਕਰਨ ਦਾ ਬੀੜਾ ਚੁੱਕਿਆ, ਸਗੋਂ ਸਮਾਜ ਨੂੰ ਨਵੀਂ ਦਿਸ਼ਾ ਦੇਣ ਦਾ ਕੰਮ ਵੀ ਕੀਤਾ। ਹਰਿਆਣਾ ਸਰਕਾਰ ਵੱਲੋਂ ਨੌਜਵਾਨ ਪੀੜ੍ਹੀ ਨੂੰ ਮਹਾਂਪੁਰਖਾਂ ਦੀਆਂ ਸਿੱਖਿਆਵਾਂ ਤੋਂ ਜਾਣੂ ਕਰਵਾਉਣ ਲਈ 'ਸੰਤ-ਮਹਾਂਪੁਰਖ ਸਨਮਾਨ ਅਤੇ ਵਿਚਾਰ ਪ੍ਰਚਾਰ-ਪ੍ਰਸਾਰ ਯੋਜਨਾ' ਸ਼ੁਰੂ ਕੀਤੀ ਗਈ ਹੈ। ਇਸ ਯੋਜਨਾ ਤਹਿਤ ਮਹਾਂਪੁਰਖਾਂ ਦੀਆਂ ਜਯੰਤੀਆਂ ਨੂੰ ਸਰਕਾਰੀ ਪੱਧਰ ਉੱਤੇ ਮਨਾਇਆ ਜਾਂਦਾ ਹੈ।

ਉਨ੍ਹਾਂ ਕਿਹਾ ਕਿ 'ਗੁਰੂ ਰਵਿਦਾਸ ਮਹਾਰਾਜ ਸਮਰਸਤਾ ਸੰਕਲਪ ਮੁਹਿੰਮ' ਦੀ ਸ਼ੁਰੂਆਤ 29 ਜੁਲਾਈ ਨੂੰ ਸੰਤ ਗੁਰੂ ਰਵਿਦਾਸ ਜੀ ਦੀ ਜਨਮਸਥਲੀ ਸੀਰ ਗੋਵਰਧਨਪੁਰ, ਵਾਰਾਣਸੀ ਤੋਂ ਹੋਈ, ਜਿੱਥੇ ਪਵਿੱਤਰ ਮਿੱਟੀ ਯੁਕਤ ਕਲਸ਼ਾਂ ਦਾ ਪੂਜਨ ਕਰਕੇ ਉਨ੍ਹਾਂ ਨੂੰ ਦੇਸ਼ ਭਰ ਦੇ ਰਾਜਾਂ ਦੇ ਪ੍ਰਤੀਨਿਧੀਆਂ ਨੂੰ ਸੌਂਪਿਆ ਗਿਆ। ਇਸ ਤੋਂ ਬਾਅਦ ਇਹ ਕਲਸ਼ ਰਾਜ, ਜ਼ਿਲ੍ਹਾ ਅਤੇ ਪਿੰਡ ਪੱਧਰ ਤੱਕ ਪਹੁੰਚਾਏ ਜਾ ਰਹੇ ਹਨ, ਜਿੱਥੇ ਸ਼ਰਧਾਲੂ ਜਨਮਸਥਲੀ ਦੀ ਪਵਿੱਤਰ ਮਿੱਟੀ ਦਾ ਸਥਾਨਕ ਮੰਦਿਰਾਂ ਦੀ ਮਿੱਟੀ ਵਿੱਚ ਵਿਧੀਵਤ ਸਮਾਵੇਸ਼ ਕਰਕੇ ਸਮਾਜਿਕ ਸਮਰਸਤਾ ਦਾ ਸੰਦੇਸ਼ ਜਨ-ਜਨ ਤੱਕ ਪਹੁੰਚਾ ਰਹੇ ਹਨ। ਵਾਰਾਣਸੀ ਤੋਂ ਸ਼ੁਰੂ ਕੀਤੀ ਗਈ ਕਲਸ਼ ਯਾਤਰਾ ਪੂਰੇ ਦੇਸ਼ ਵਿੱਚ ਜਾ ਰਹੀ ਹੈ। ਇਸ ਵਿੱਚ ਸ਼੍ਰੀ ਗੁਰੂ ਰਵਿਦਾਸ ਜੀ ਦੇ ਜਨਮਸਥਾਨ ਵਾਰਾਣਸੀ ਤੋਂ ਪਵਿੱਤਰ ਮਿੱਟੀ ਲਿਆਂਦੀ ਗਈ ਹੈ। ਇਸ ਨੂੰ ਹਰਿਆਣਾ ਦੇ ਹਰ ਪਿੰਡ, ਸ਼ਹਿਰ ਅਤੇ ਹਰ ਬਸਤੀ ਵਿੱਚ ਘਰ-ਘਰ ਤੱਕ ਪਹੁੰਚਾਇਆ ਜਾ ਰਿਹਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾਂ ਨੂੰ ਵੀ ਗੁਰੂਗ੍ਰਾਮ ਵਿੱਚ ਮਾਤਾ ਸ਼ੀਤਲਾ ਦੇਵੀ ਦੀ ਪਵਿੱਤਰ ਨਗਰੀ ਵਿੱਚ ਆਯੋਜਿਤ ਕਲਸ਼ ਯਾਤਰਾ ਵਿੱਚ ਸ਼ਾਮਲ ਹੋਣ ਦਾ ਸੁਭਾਗ ਮਿਲਿਆ। ਉਸ ਮੌਕੇ ਉਨ੍ਹਾਂ ਨੇ ਸ਼ਰਧਾ, ਆਸਥਾ ਅਤੇ ਦੇਸ਼ ਦੀ ਅਮੀਰ ਸੱਭਿਆਚਾਰਕ ਪਰੰਪਰਾਵਾਂ ਦਾ ਅਦਭੁਤ ਸੰਗਮ ਦੇਖਿਆ। ਅੱਜ ਉਸੇ ਯਾਤਰਾ ਨੂੰ ਅੱਗੇ ਵਧਾਉਂਦੇ ਹੋਏ, ਉਨ੍ਹਾਂ ਨੂੰ ਮਾਤਾ ਮਨਸਾ ਦੇਵੀ ਦੀ ਪਵਿੱਤਰ ਧਰਤੀ ਪੰਚਕੂਲਾ ਤੋਂ 'ਸ਼੍ਰੀ ਗੁਰੂ ਰਵਿਦਾਸ ਜੀ ਮਹਾਰਾਜ ਸਮਰਸਤਾ ਸੰਕਲਪ ਮੁਹਿੰਮ' ਦੀ ਸ਼ੁਰੂਆਤ ਕਰਨ ਦਾ ਸੁਭਾਗ ਮਿਲਿਆ ਹੈ। ਗੁਰੂ ਰਵਿਦਾਸ ਜੀ ਦੇ ਸਮਤਾ, ਸਮਾਜਿਕ ਨਿਆਂ ਅਤੇ ਮਾਨਵਤਾ ਦੇ ਸੰਦੇਸ਼ ਨੂੰ ਹਰੇਕ ਬਸਤੀ, ਹਰੇਕ ਪਰਿਵਾਰ ਅਤੇ ਵਿਸ਼ੇਸ਼ ਤੌਰ ਉੱਤੇ ਨਵੀਂ ਪੀੜ੍ਹੀ ਤੱਕ ਪਹੁੰਚਾਉਣ ਲਈ ਵਿਆਪਕ ਜਨ-ਜਾਗਰਣ ਮੁਹਿੰਮ ਚਲਾਈ ਜਾਵੇਗੀ।

ਉਨ੍ਹਾਂ ਕਿਹਾ ਕਿ ਬੀਤੇ 29 ਜੁਲਾਈ, 2026 ਨੂੰ ਗੁਰੂ ਪੂਰਨਿਮਾ ਦੇ ਮੌਕੇ ਉੱਤੇ ਸੰਤ ਸ਼ਿਰੋਮਣੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ 'ਗੁਰੂ ਰਵਿਦਾਸ ਮਹਾਰਾਜ ਸਮਰਸਤਾ ਸੰਕਲਪ ਮੁਹਿੰਮ' ਸ਼ੁਰੂ ਕੀਤੀ ਗਈ ਹੈ। ਇਹ 20 ਫਰਵਰੀ, 2027 ਤੱਕ ਚੱਲੇਗੀ। ਇਸ ਮੁਹਿੰਮ ਦਾ ਉਦੇਸ਼ ਸੰਤ ਗੁਰੂ ਰਵਿਦਾਸ ਜੀ ਦੇ ਸਮਤਾ, ਸੇਵਾ, ਭਗਤੀ, ਸਮਾਜਿਕ ਨਿਆਂ, ਮਾਨਵਤਾ ਅਤੇ ਸਮਾਜਿਕ ਸਮਰਸਤਾ ਦੇ ਸੰਦੇਸ਼ ਨੂੰ ਸਮਾਜ ਦੇ ਆਖਰੀ ਵਿਅਕਤੀ ਤੱਕ ਪਹੁੰਚਾਉਣਾ ਅਤੇ ਵੱਖ-ਵੱਖ ਵਰਗਾਂ ਨੂੰ ਸਮਾਜਿਕ ਏਕਤਾ ਦੇ ਸੂਤਰ ਵਿੱਚ ਪਿਰੋਣਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਅੱਜ ਸੰਤ ਸ਼ਿਰੋਮਣੀ ਗੁਰੂ ਰਵਿਦਾਸ ਜੀ ਦੇ ਅਨ ?ਯਾਈ ਸਿਰਫ਼ ਹਰਿਆਣਾ, ਪੰਜਾਬ ਜਾਂ ਕਾਸ਼ੀ ਤੱਕ ਸੀਮਤ ਨਹੀਂ ਹਨ। ਭਾਰਤ ਦੇ ਕੋਨੇ-ਕੋਨੇ ਤੋਂ ਲੈ ਕੇ ਬ੍ਰਿਟੇਨ, ਕੈਨੇਡਾ, ਅਮਰੀਕਾ, ਇਟਲੀ, ਆਸਟ੍ਰੇਲੀਆ ਅਤੇ ਦੁਨੀਆ ਦੇ ਕਈ ਦੇਸ਼ਾਂ ਤੱਕ ਲੱਖਾਂ ਸ਼ਰਧਾਲੂ ਉਨ੍ਹਾਂ ਦੀ ਬਾਣੀ ਤੋਂ ਪ੍ਰੇਰਣਾ ਲੈਂਦੇ ਹਨ। ਉਨ੍ਹਾਂ ਦੀ ਬਾਣੀ ਨੇ ਸਰਹੱਦਾਂ ਨੂੰ ਨਹੀਂ, ਦਿਲਾਂ ਨੂੰ ਜੋੜਿਆ ਹੈ, ਸਮਾਜ ਨੂੰ ਨਹੀਂ, ਪੂਰੀ ਮਾਨਵਤਾ ਨੂੰ ਦਿਸ਼ਾ ਦਿੱਤੀ ਹੈ। ਉਨ੍ਹਾਂ ਕਿਹਾ ਕਿ ਗੁਰੂ ਰਵਿਦਾਸ ਜੀ ਨੇ ਸਾਨੂੰ ਇੱਕ ਅਮਰ ਸੰਦੇਸ਼ ਦਿੱਤਾ ਸੀ - ਮਨ ਚੰਗਾ ਤੋਂ ਕਠੌਤੀ ਮੈਂ ਗੰਗਾ। ਇਹ ਸੰਦੇਸ਼ ਸਾਨੂੰ ਸਿਖਾਉਂਦਾ ਹੈ ਕਿ ਜੇਕਰ ਨੀਅਤ ਸਾਫ਼ ਹੈ, ਭਾਵ ਪਵਿੱਤਰ ਹੈ ਅਤੇ ਕਰਮ ਲੋਕ ਭਲੇ ਲਈ ਹੈ, ਤਾਂ ਸਾਧਾਰਨ ਤੋਂ ਸਾਧਾਰਨ ਸਥਾਨ ਵੀ ਤੀਰਥ ਬਣ ਜਾਂਦਾ ਹੈ।

ਇਸ ਮੌਕੇ ਮੁੱਖ ਮੰਤਰੀ ਨੇ ਸੰਤ ਸ਼ਿਰੋਮਣੀ ਸ਼੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਦੇ ਮੌਕੇ ਉੱਤੇ ਪ੍ਰੋਗਰਾਮਾਂ ਲਈ ਗਠਿਤ ਰਾਜ ਪੱਧਰੀ ਕਮੇਟੀ ਦੇ ਸਾਰੇ ਮੈਂਬਰਾਂ ਨੂੰ ਪੂਰੀ ਸੰਵੇਦਨਸ਼ੀਲਤਾ, ਸਮੇਂ ਸਿਰ ਅਤੇ ਸੇਵਾ ਭਾਵਨਾ ਨਾਲ ਆਪਣੇ ਫਰਜ਼ਾਂ ਨੂੰ ਨਿਭਾਉਂਦੇ ਹੋਏ ਇਸ ਮੁਹਿੰਮ ਨੂੰ ਜਨ-ਜਨ ਤੱਕ ਪਹੁੰਚਾਉਣ ਦਾ ਸੱਦਾ ਦਿੱਤਾ। ਉਨ੍ਹਾਂ ਕਿਹਾ ਕਿ ਵੱਖ-ਵੱਖ ਪੜਾਵਾਂ ਵਿੱਚ ਆਯੋਜਿਤ ਹੋਣ ਵਾਲੇ ਹਰੇਕ ਪ੍ਰੋਗਰਾਮ ਲਈ ਵੱਖਰੇ ਤੌਰ ਉੱਤੇ ਕਮੇਟੀ ਦਾ ਗਠਨ ਕੀਤਾ ਜਾਵੇ ਤਾਂ ਜੋ ਪ੍ਰੋਗਰਾਮਾਂ ਦਾ ਸ਼ਾਨਦਾਰ ਆਯੋਜਨ ਯਕੀਨੀ ਬਣਾਈ ਜਾ ਸਕੇ। ਉਨ੍ਹਾਂ ਇਹ ਵੀ ਕਿਹਾ ਕਿ ਮੈਂਬਰਾਂ ਵੱਲੋਂ ਦਿੱਤੇ ਗਏ ਕੀਮਤੀ ਸੁਝਾਵਾਂ ਨੂੰ ਪ੍ਰੋਗਰਾਮਾਂ ਵਿੱਚ ਸ਼ਾਮਲ ਕੀਤਾ ਜਾਵੇਗਾ।

ਹਰਿਆਣਾ ਦੇ ਵਿਕਾਸ ਅਤੇ ਪੰਚਾਇਤ ਮੰਤਰੀ ਸ਼੍ਰੀ ਕ੍ਰਿਸ਼ਨ ਲਾਲ ਪੰਵਾਰ ਨੇ ਕਿਹਾ ਕਿ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਦੀ ਅਗਵਾਈ ਵਿੱਚ ਸੰਤ ਸ਼ਿਰੋਮਣੀ ਸ਼੍ਰੀ ਗੁਰੂ ਰਵਿਦਾਸ ਜੀ ਦਾ 650ਵਾਂ ਪ੍ਰਕਾਸ਼ ਪੁਰਬ ਪੂਰੇ ਦੇਸ਼ ਵਿੱਚ ਭਵਿੱਵ ਅਤੇ ਸ਼ਾਨਦਾਰ ਢੰਗ ਨਾਲ ਮਨਾਇਆ ਜਾ ਰਿਹਾ ਹੈ। ਇਸੇ ਲੜੀ ਵਿੱਚ ਹਰਿਆਣਾ ਦੇ ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਦੀ ਅਗਵਾਈ ਵਿੱਚ ਸੂਬੇ ਵਿੱਚ ਵੀ ਜਨਤਕ ਭਾਗੀਦਾਰੀ ਨਾਲ ਪ੍ਰਕਾਸ਼ ਪੁਰਬ ਦੇ ਆਯੋਜਨ ਲਈ ਰਾਜ ਪੱਧਰੀ ਕਮੇਟੀ ਦਾ ਗਠਨ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਕੁਰੂਕਸ਼ੇਤਰ ਦੀ ਪਵਿੱਤਰ ਧਰਤੀ ਉੱਤੇ ਲਗਭਗ ਪੰਜ ਏਕੜ ਜ਼ਮੀਨ ਉੱਤੇ ਸੰਤ ਸ਼੍ਰੀ ਗੁਰੂ ਰਵਿਦਾਸ ਧਾਮ ਦਾ ਨਿਰਮਾਣ ਕੀਤਾ ਜਾਵੇਗਾ, ਜਿਸ ਦਾ ਕੰਮ ਜਲਦੀ ਸ਼ੁਰੂ ਹੋਣ ਵਾਲਾ ਹੈ।

## ਐਚ.ਈ.ਆਰ.ਸੀ. ਇੱਕ ਖ਼ੁਦਮੁਖ਼ਤਿਆਰ ਸੰਸਥਾ ਹੈ, ਜੋ ਬਿਜਲੀ ਵਿਭਾਗ ਦੇ ਤਹਿਤ ਕੰਮ ਨਹੀਂ ਕਰਦੀ, ਅਸੀਂ ਨਿੱਜੀਕਰਨ ਦਾ ਵਿਰੋਧ ਕੀਤਾ : ਅਨਿਲ ਵਿਜ

**ਚੰਡੀਗੜ੍ਹ, 8 ਅਗਸਤ**
**-ਮਨੋਜ ਵਰਮਾ-**



ਹਰਿਆਣਾ ਦੇ ਊਰਜਾ, ਟਰਾਂਸਪੋਰਟ ਅਤੇ ਕਿਰਤ ਮੰਤਰੀ ਸ਼੍ਰੀ ਅਨਿਲ ਵਿਜ ਨੇ ਹਰਿਆਣਾ ਵਿੱਚ ਬਿਜਲੀ ਯੂਨੀਅਨ ਦੀ 11 ਤੋਂ 13 ਅਗਸਤ ਤੱਕ ਪ੍ਰਸਤਾਵਿਤ ਤਿੰਨ ਰੋਜ਼ਾ ਹੜਤਾਲ ਦੇ ਮਾਮਲੇ ਵਿੱਚ ਕਿਹਾ ਕਿ ਸਾਡੀ ਯੂਨੀਅਨ ਨਾਲ ਗੱਲਬਾਤ ਜਾਰੀ ਹੈ ਅਤੇ ਅੱਜ ਵੀ ਬਿਜਲੀ ਵਿਭਾਗ ਦੇ ਅਧਿਕਾਰੀ ਉਨ੍ਹਾਂ ਨਾਲ ਗੱਲਬਾਤ ਕਰ ਰਹੇ ਹਨ, ਉਨ੍ਹਾਂ ਨੂੰ ਪੂਰਾ ਵਿਸ਼ਵਾਸ ਹੈ ਕਿ ਅਸੀਂ ਬਿਜਲੀ ਕਰਮਚਾਰੀਆਂ ਨੂੰ ਮਨਾ ਲਵਾਂਗੇ।

ਸ਼੍ਰੀ ਵਿਜ ਨੇ ਅੱਜ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਅਸੀਂ ਪਿਛਲੇ ਦਿਨੀਂ ਬਿਜਲੀ ਕਰਮਚਾਰੀਆਂ ਦੀਆਂ ਵੱਖ-ਵੱਖ ਯੂਨੀਅਨਾਂ ਨੂੰ ਗੱਲਬਾਤ ਲਈ ਸੱਦਿਆ ਸੀ, ਉਹ ਖੁਦ ਉੱਥੇ ਸਨ ਅਤੇ ਸਾਰੇ ਅਧਿਕਾਰੀ ਵੀ ਸਨ। ਮੁੱਖ ਤੌਰ 'ਤੇ ਯੂਨੀਅਨ ਦੀਆਂ ਤਿੰਨ ਮੰਗਾਂ ਸਨ ਜਿਨ੍ਹਾਂ ਵਿੱਚ ਪਹਿਲੀ ਸੀ ਕਿ ਬਿਜਲੀ ਦੀ ਵੰਡ ਦਾ ਸਮਾਨਾਂਤਰ ਲਾਇਸੈਂਸ ਦੇ ਕੇ ਨਿੱਜੀਕਰਨ ਨਾ ਕੀਤਾ ਜਾਵੇ, ਜਿਸ ਉੱਤੇ ਉਨ੍ਹਾਂ ਨੂੰ ਦੱਸਿਆ ਗਿਆ ਕਿ ਐਚ.ਈ.ਆਰ.ਸੀ. ਵਿੱਚ ਇਹ ਮਾਮਲਾ ਆਇਆ ਹੈ। ਐਚ.ਈ.ਆਰ.ਸੀ. ਇੱਕ ਖ਼ੁਦਮੁਖ਼ਤਿਆਰ ਸੰਸਥਾ ਹੈ ਜੋ ਬਿਜਲੀ ਵਿਭਾਗ ਦੇ ਤਹਿਤ ਕੰਮ ਨਹੀਂ ਕਰਦੀ।

ਉਨ੍ਹਾਂ ਦੱਸਿਆ ਕਿ ਬਿਜਲੀ ਵੰਡ ਦਾ ਸਮਾਨਾਂਤਰ ਲਾਇਸੈਂਸ ਲੈਣ ਲਈ ਪੱਤਰ ਐਚ.ਈ.ਆਰ.ਸੀ. ਵਿੱਚ ਗਿਆ ਹੈ, ਉਹ ਸਾਡੇ ਜ਼ਰੀਏ ਨਹੀਂ ਸਗੋਂ ਸਿੱਧਾ ਐਚ.ਈ.ਆਰ.ਸੀ. ਵਿੱਚ ਗਿਆ ਹੈ ਜਿਸ ਉੱਤੇ ਐਚ.ਈ.ਆਰ.ਸੀ. ਸੁਣਵਾਈ ਕਰ ਰਹੀ ਹੈ। ਊਰਜਾ ਮੰਤਰੀ ਸ਼੍ਰੀ ਅਨਿਲ ਵਿਜ ਨੇ ਦੱਸਿਆ ਕਿ ਅਸੀਂ ਯੂਨੀਅਨ ਦੇ ਅਹੁਦੇਦਾਰਾਂ ਨੂੰ ਦੱਸਿਆ ਕਿ ਐਚ.ਈ.ਆਰ.ਸੀ. ਵਿੱਚ ਅਸੀਂ ਯਾਨੀ ਸਰਕਾਰ ਨੇ ਨਿੱਜੀਕਰਨ ਦਾ ਵਿਰੋਧ ਕੀਤਾ ਹੈ, ਸੁਣਵਾਈ ਦੌਰਾਨ ਜੋ ਸਾਡੇ ਅਧਿਕਾਰੀ ਸ਼ਾਮਲ ਹੋਏ, ਉਹ ਉੱਥੇ ਉਹੀ ਬੋਲੇ ਜਿਨ੍ਹਾਂ ਦਸਤਾਵੇਜ਼ਾਂ ਉੱਤੇ ਉਨ੍ਹਾਂ ਨੇ ਦਸਤਖ਼ਤ ਕੀਤੇ ਸਨ। ਯੂਨੀਅਨ ਦੇ ਅਹੁਦੇਦਾਰਾਂ ਨੂੰ ਇਹ ਦੱਸਣ ਤੋਂ ਬਾਅਦ ਇਹ ਗੱਲ ਉੱਥੇ ਹੀ ਖ਼ਤਮ ਹੋ ਗਈ।

ਦੂਜੀ ਗੱਲ, ਜੋ ਯੂਨੀਅਨ ਨੇ ਰੱਖੀ ਕਿ ਸਮਾਰਟ ਮੀਟਰ ਬੰਦ ਕੀਤੇ ਜਾਣ, ਜਿਸ ਉੱਤੇ ਵਿਜ ਨੇ ਕਿਹਾ ਕਿ ਅਜੇ ਇਸ ਦੇ ਟੈਂਡਰ ਹੀ ਨਹੀਂ ਹੋਏ, ਉਸ ਦੀ ਫਾਈਲ ਚੱਲ ਰਹੀ ਹੈ। ਪਰ ਅਸੀਂ ਤਾਂ ਅਜੇ ਟੈਂਡਰ ਹੀ ਨਹੀਂ ਕੀਤੇ, ਜਿਸ ਉੱਤੇ ਇਹ ਗੱਲ ਵੀ ਖ਼ਤਮ ਹੋ ਗਈ।

ਯੂਨੀਅਨ ਦੀ ਤੀਜੀ ਮੰਗ ਸੀ ਕਿ ਐਗਰੀ ਡਿਸਕਾਮ ਬਣਾਇਆ ਜਾ ਰਿਹਾ ਹੈ, ਉਹ ਨਾ ਬਣਾਇਆ ਜਾਵੇ, ਇਸ ਸਬੰਧ ਵਿੱਚ ਵੀ ਸ਼੍ਰੀ ਵਿਜ ਨੇ ਕਿਹਾ ਕਿ ਮੁੱਖ ਮੰਤਰੀ ਜੀ ਨੇ ਇਸ ਬਾਰੇ ਵਿਧਾਨ ਸਭਾ ਵਿੱਚ ਗੱਲ ਕੀਤੀ ਹੈ ਪਰ ਅਜੇ ਉਨ੍ਹਾਂ ਦੀ ਅਤੇ ਮੁੱਖ ਮੰਤਰੀ ਦੀ ਆਪਸ ਵਿੱਚ ਗੱਲ ਨਹੀਂ ਹੋਈ, ਇਸ ਲਈ ਇਸ ਦਾ ਅੱਗੇ ਕੀ ਏਜੰਡਾ ਹੋਵੇਗਾ, ਇਸ ਬਾਰੇ ਅਜੇ ਦੱਸਿਆ ਨਹੀਂ ਜਾ ਸਕਦਾ। ਊਰਜਾ ਮੰਤਰੀ ਸ਼੍ਰੀ ਅਨਿਲ ਵਿਜ ਨੇ ਕਿਹਾ ਕਿ ਇੱਕ ਵਾਰ ਇਹ ਤਿੰਨੋਂ ਮੰਗਾਂ ਸਮਾਪਤ ਹੋ ਗਈਆਂ ਸਨ ਅਤੇ ਯੂਨੀਅਨ ਮੰਨ ਗਈ ਸੀ ਪਰ ਕਿਸੇ ਨੇ ਯੂਨੀਅਨ ਨੂੰ ਬਰਗਲਾ ਦਿੱਤਾ।

## ਨਿਤਿਨ ਨਬੀਨ ਵੱਲੋਂ ਪੰਜਾਬ ਭਾਜਪਾ ਪ੍ਰਧਾਨ ਕੇਵਲ ਢਿੱਲੋਂ ਦਿੱਲੀ ਤਲਬ

**ਨਵੀਂ ਦਿੱਲੀ, 8 ਅਗਸਤ/ -ਚੌਧਰੀ ਪ੍ਰਭਜੀਤ ਸਿੰਘ-**

ਭਾਜਪਾ ਦੇ ਸੀਨੀਅਰ ਆਗੂ ਨਿਤਿਨ ਨਬੀਨ ਨੇ ਪੰਜਾਬ ਭਾਜਪਾ ਦੇ ਪ੍ਰਧਾਨ ਕੇਵਲ ਸਿੰਘ ਢਿੱਲੋਂ ਅਤੇ ਸ਼੍ਰੀਨਿਵਾਸੂਲੂ ਨੂੰ ਅੱਜ ਤੁਰੰਤ ਮੀਟਿੰਗ ਲਈ ਦਿੱਲੀ ਤਲਬ ਕਰ ਲਿਆ ਹੈ। ਜਾਣਕਾਰੀ ਅਨੁਸਾਰ ਦੋਵੇਂ ਆਗੂ ਲੁਧਿਆਣਾ ਵਿਖੇ ਪੰਜਾਬ ਭਾਜਪਾ ਦੀ ਨਵੀਂ ਬਣੀ ਸੂਬਾ ਕਾਰਜਕਾਰਨੀ ਅਤੇ ਜ਼ਿਲ੍ਹਾ ਪ੍ਰਧਾਨਾਂ ਦੀ ਸੱਦੀ ਗਈ ਅਹਿਮ ਮੀਟਿੰਗ ਨੂੰ ਸੰਬੋਧਨ ਕਰ ਰਹੇ ਸਨ। ਇਸ ਤੋਂ ਇਲਾਵਾ ਲੁਧਿਆਣਾ 'ਚ ਐੱਸ.ਆਈ.ਆਰ. ਸਬੰਧੀ ਵੀ ਇੱਕ ਬੈਠਕ ਤੈਅ ਸੀ, ਪਰ ਦਿੱਲੀਓਂ ਆਏ ਹੁਕਮਾਂ ਤੋਂ ਬਾਅਦ ਕੇਵਲ ਢਿੱਲੋਂ ਅਤੇ ਸ਼੍ਰੀਨਿਵਾਸੂਲੂ ਲੁਧਿਆਣਾ ਦੀ ਮੀਟਿੰਗ ਵਿਚਾਲੇ ਹੀ ਛੱਡ ਕੇ ਤੁਰੰਤ ਦਿੱਲੀ ਲਈ ਰਵਾਨਾ ਹੋ ਗਏ। ਹਾਲਾਂਕਿ ਦਿੱਲੀ 'ਚ ਹੋਣ ਵਾਲੀ ਇਸ ਮੀਟਿੰਗ ਦਾ ਅਧਿਕਾਰਤ ਏਜੰਡਾ ਅਜੇ ਸਪੱਸ਼ਟ ਨਹੀਂ ਹੈ, ਪਰ ਸੂਤਰਾਂ ਮੁਤਾਬਕ ਨਵੀਂ ਕਾਰਜਕਾਰਨੀ ਦੇ ਗਠਨ ਤੋਂ ਬਾਅਦ ਪੰਜਾਬ ਭਾਜਪਾ 'ਚ ਵਧ ਰਹੇ ਅਸੰਤੋਸ਼ ਅਤੇ ਬਗ਼ਾਵਤ ਨੂੰ ਇਸ ਦਾ ਮੁੱਖ ਕਾਰਨ ਮੰਨਿਆ ਜਾ ਰਿਹਾ ਹੈ।

## ਹਰਿਆਣਾ ਵਿੱਚ ਵੱਡਾ ਪ੍ਰਸ਼ਾਸਕੀ ਫੇਰਬਦਲ; 17 ਆਈ.ਏ.ਐਸ. ਅਤੇ 8 ਐਚ.ਸੀ.ਐਸ. ਅਧਿਕਾਰੀਆਂ ਦੇ ਤਬਾਦਲੇ

**ਚੰਡੀਗੜ੍ਹ, 8 ਅਗਸਤ**
**-ਸੰਜੀਵ ਸਿੰਗਲਾ-**

ਹਰਿਆਣਾ ਸਰਕਾਰ ਨੇ ਵੱਡਾ ਪ੍ਰਸ਼ਾਸਕੀ ਫੇਰਬਦਲ ਕਰਦਿਆਂ ਤੁਰੰਤ ਪ੍ਰਭਾਵ ਨਾਲ 17 ਆਈ.ਏ.ਐਸ. ਅਤੇ 8 ਐਚ.ਸੀ.ਐਸ. ਅਧਿਕਾਰੀਆਂ ਦੇ ਤਬਾਦਲੇ ਅਤੇ ਨਿਯੁਕਤੀ ਹੁਕਮ ਜਾਰੀ ਕੀਤੇ ਹਨ। ਮੁੱਖ ਸਕੱਤਰ ਸ਼੍ਰੀ ਅਨੁਰਾਗ ਰਸਤੋਗੀ ਵੱਲੋਂ ਜਾਰੀ ਹੁਕਮਾਂ ਅਨੁਸਾਰ ਸ਼੍ਰੀਮਤੀ ਜੀ. ਅਨੁਪਮਾ, ਜੋ ਮੌਜੂਦਾ ਸਮੇਂ ਵਿੱਚ ਸਮਾਜਿਕ ਨਿਆਂ ਤੇ ਅਧਿਕਾਰਤਾ, ਅਨੁਸੂਚਿਤ ਜਾਤੀ ਅਤੇ ਪੱਛੜੀ ਸ਼੍ਰੇਣੀ ਭਲਾਈ ਅਤੇ ਅੰਤੋਦਿਆ (ਸੇਵਾ) ਵਿਭਾਗ ਅਤੇ ਨਾਗਰਿਕ ਉਡਾਣ ਵਿਭਾਗ ਦੇ ਵਧੀਕ ਮੁੱਖ ਸਕੱਤਰ ਹਨ, ਨੂੰ ਯੁਵਾ ਸਸ਼ਕਤੀਕਰਨ ਅਤੇ ਉੱਦਮਤਾ ਵਿਭਾਗ ਦੇ ਵਧੀਕ ਮੁੱਖ ਸਕੱਤਰ ਦਾ ਵਾਧੂ ਚਾਰਜ ਸੌਂਪਿਆ ਗਿਆ ਹੈ। ਸ਼੍ਰੀ ਸੀ.ਜੀ. ਰਜਨੀ ਕਾਂਥਨ, ਜਿਨ੍ਹਾਂ ਕੋਲ ਮੌਜੂਦਾ ਸਮੇਂ ਵਿੱਚ ਵਿੱਤ ਵਿਭਾਗ ਦੇ ਕਮਿਸ਼ਨਰ ਅਤੇ ਸਕੱਤਰ, ਕੇਂਦਰੀ ਪ੍ਰੀਖਿਆ ਕਮੇਟੀ ਦੇ ਸਕੱਤਰ ਅਤੇ ਖਣ ਅਤੇ ਭੂ-ਵਿਗਿਆਨ ਵਿਭਾਗ ਦੇ ਕਮਿਸ਼ਨਰ ਅਤੇ ਸਕੱਤਰ ਦਾ ਚਾਰਜ ਹੈ, ਹੁਣ ਮੈਡੀਕਲ ਸਿੱਖਿਆ ਅਤੇ ਖੋਜ ਵਿਭਾਗ ਦੇ ਕਮਿਸ਼ਨਰ ਅਤੇ ਸਕੱਤਰ ਵੀ ਹੋਣਗੇ। ਸ਼੍ਰੀ ਕੇ. ਮਕਰੰਦ ਪਾਂਡੁਰੰਗ, ਜੋ ਮੌਜੂਦਾ ਸਮੇਂ ਵਿੱਚ ਪੰਚਕੂਲਾ ਮਹਾਨਗਰ ਵਿਕਾਸ ਅਥਾਰਟੀ ਦੇ ਮੁੱਖ ਕਾਰਜਕਾਰੀ ਅਧਿਕਾਰੀ, ਖਣ ਅਤੇ ਭੂ-ਵਿਗਿਆਨ ਵਿਭਾਗ, ਸੂਚਨਾ, ਜਨਸੰਪਰਕ, ਭਾਸ਼ਾ ਅਤੇ ਸੱਭਿਆਚਾਰ ਵਿਭਾਗ ਅਤੇ ਕਲਾ ਅਤੇ ਸੱਭਿਆਚਾਰਕ ਮਾਮਲੇ ਵਿਭਾਗ ਦੇ ਡਾਇਰੈਕਟਰ ਜਨਰਲ ਅਤੇ ਸਕੱਤਰ ਹਨ, ਨੂੰ ਸੂਚਨਾ, ਜਨਸੰਪਰਕ, ਭਾਸ਼ਾ ਅਤੇ ਸੱਭਿਆਚਾਰ ਵਿਭਾਗ ਅਤੇ ਖਣ ਅਤੇ ਭੂ-ਵਿਗਿਆਨ ਵਿਭਾਗ ਦਾ ਕਮਿਸ਼ਨਰ ਅਤੇ ਸਕੱਤਰ ਅਤੇ ਪੰਚਕੂਲਾ ਮਹਾਨਗਰ ਵਿਕਾਸ ਅਥਾਰਟੀ ਦਾ ਮੁੱਖ ਕਾਰਜਕਾਰੀ ਅਧਿਕਾਰੀ ਨਿਯੁਕਤ ਕੀਤਾ ਗਿਆ ਹੈ।

ਸ਼੍ਰੀ ਦੁਸ਼ਮੰਤ ਕੁਮਾਰ ਬੇਹਰਾ, ਜੋ ਮੌਜੂਦਾ ਸਮੇਂ ਵਿੱਚ ਰਾਜਸਵ ਅਤੇ ਆਫ਼ਤ ਪ੍ਰਬੰਧਨ ਵਿਭਾਗ ਦੇ ਸਕੱਤਰ ਹਨ, ਨੂੰ ਮਨੁੱਖੀ ਸਾਧਨ ਵਿਭਾਗ ਅਤੇ ਜਨਰਲ ਪ੍ਰਸ਼ਾਸਨ ਵਿਭਾਗ ਦਾ ਕਮਿਸ਼ਨਰ ਅਤੇ ਸਕੱਤਰ ਨਿਯੁਕਤ ਕੀਤਾ ਗਿਆ ਹੈ। ਸ਼੍ਰੀ ਰਾਜੀਵ ਰੰਜਨ, ਜੋ ਮੌਜੂਦਾ ਸਮੇਂ ਵਿੱਚ ਕਰਨਾਲ ਮੰਡਲ ਦੇ ਕਮਿਸ਼ਨਰ ਹਨ, ਨੂੰ ਅਮਲਾ, ਸਿਖਲਾਈ ਅਤੇ ਸੰਸਦੀ ਮਾਮਲੇ ਵਿਭਾਗ ਦੇ ਸਕੱਤਰ, ਡਾਇਰੈਕਟਰ ਸਿਖਲਾਈ (ਪਦੇਨ), ਜਾਂਚ ਅਧਿਕਾਰੀ, ਚੌਕਸੀ ਅਤੇ ਹਰਿਆਣਾ ਸਪਲਾਈ ਅਤੇ ਨਿਪਟਾਰਾ ਵਿਭਾਗ ਦੇ ਡਾਇਰੈਕਟਰ ਜਨਰਲ ਨਿਯੁਕਤ ਕੀਤਾ ਗਿਆ ਹੈ।

ਸ਼੍ਰੀ ਪੰਕਜ, ਜੋ ਮੌਜੂਦਾ ਸਮੇਂ ਵਿੱਚ ਅਮਲਾ, ਸਿਖਲਾਈ ਅਤੇ ਸੰਸਦੀ ਕਾਰਜ ਵਿਭਾਗ ਦੇ ਸਕੱਤਰ, ਡਾਇਰੈਕਟਰ ਸਿਖਲਾਈ (ਪਦੇਨ), ਜਾਂਚ ਅਧਿਕਾਰੀ, ਚੌਕਸੀ ਅਤੇ ਹਰਿਆਣਾ ਸਪਲਾਈ ਅਤੇ ਨਿਪਟਾਰਾ ਵਿਭਾਗ ਦੇ ਡਾਇਰੈਕਟਰ ਜਨਰਲ ਹਨ, ਨੂੰ ਹਰਿਆਣਾ ਲੋਕ ਸੇਵਾ ਕਮਿਸ਼ਨ ਦਾ ਸਕੱਤਰ ਅਤੇ ਹਰਿਆਣਾ ਪਾਵਰ ਜਨਰੇਸ਼ਨ ਕਾਰਪੋਰੇਸ਼ਨ ਲਿਮਟਿਡ (ਐਚ.ਪੀ.ਜੀ.ਸੀ.ਐਲ.) ਦਾ ਮੈਨੇਜਿੰਗ ਡਾਇਰੈਕਟਰ ਨਿਯੁਕਤ ਕੀਤਾ ਗਿਆ ਹੈ। ਸ਼੍ਰੀ ਪ੍ਰਭਜੋਤ ਸਿੰਘ, ਜੋ ਵਾਤਾਵਰਣ ਵਿਭਾਗ ਦੇ ਡਾਇਰੈਕਟਰ ਜਨਰਲ ਅਤੇ ਵਾਤਾਵਰਣ, ਜੰਗਲ ਅਤੇ ਜੰਗਲੀ ਜੀਵ ਵਿਭਾਗ ਦੇ ਸਕੱਤਰ ਹਨ, ਨੂੰ ਟਰਾਂਸਪੋਰਟ ਕਮਿਸ਼ਨਰ, ਹਰਿਆਣਾ ਅਤੇ ਟਰਾਂਸਪੋਰਟ ਵਿਭਾਗ ਦੇ ਸਕੱਤਰ ਦਾ ਵਾਧੂ ਚਾਰਜ ਸੌਂਪਿਆ ਗਿਆ ਹੈ। ਸ਼੍ਰੀਮਤੀ ਹੇਮਾ ਸ਼ਰਮਾ, ਜੋ ਮੌਜੂਦਾ ਸਮੇਂ ਵਿੱਚ ਹਰਿਆਣਾ ਦੀ ਚੀਫ਼ ਸੈਟਲਮੈਂਟ ਕਮਿਸ਼ਨਰ ਅਤੇ ਮਾਲ ਅਤੇ ਆਫ਼ਤ ਪ੍ਰਬੰਧਨ ਵਿਭਾਗ ਦੀ ਸਕੱਤਰ ਹਨ, ਨੂੰ ਕਰਨਾਲ ਮੰਡਲ ਦਾ ਕਮਿਸ਼ਨਰ ਲਗਾਇਆ ਗਿਆ ਹੈ। ਡਾ. ਆਦਿਤਿਆ ਦਹੀਆ, ਜੋ ਹਰਿਆਣਾ ਪਾਵਰ ਟਰਾਂਸਮਿਸ਼ਨ ਕਾਰਪੋਰੇਸ਼ਨ ਲਿਮਟਿਡ ਦੇ ਮੈਨੇਜਿੰਗ ਡਾਇਰੈਕਟਰ, ਭਵਿੱਖ (ਭਵਿੱਖ ਨਿਧੀ/ਪੈਨਸ਼ਨ) ਵਿਭਾਗ ਦੇ ਡਾਇਰੈਕਟਰ ਅਤੇ ਹਰਿਆਣਾ ਪਾਵਰ ਜਨਰੇਸ਼ਨ ਕਾਰਪੋਰੇਸ਼ਨ ਲਿਮਟਿਡ ਦੇ ਮੈਨੇਜਿੰਗ ਡਾਇਰੈਕਟਰ ਹਨ, ਨੂੰ ਸੂਚਨਾ, ਜਨਸੰਪਰਕ, ਭਾਸ਼ਾ ਅਤੇ ਸੱਭਿਆਚਾਰ ਵਿਭਾਗ ਅਤੇ ਕਲਾ ਅਤੇ ਸੱਭਿਆਚਾਰਕ ਮਾਮਲੇ ਵਿਭਾਗ ਦਾ ਡਾਇਰੈਕਟਰ ਅਤੇ ਵਿਸ਼ੇਸ਼ ਸਕੱਤਰ ਨਿਯੁਕਤ ਕੀਤਾ ਗਿਆ ਹੈ। ਉਨ੍ਹਾਂ ਕੋਲ ਹਰਿਆਣਾ ਪਾਵਰ ਟਰਾਂਸਮਿਸ਼ਨ ਦੇ ਮੈਨੇਜਿੰਗ ਡਾਇਰੈਕਟਰ ਅਤੇ ਭਵਿੱਖ ਵਿਭਾਗ ਦੇ ਡਾਇਰੈਕਟਰ ਦਾ ਚਾਰਜ ਵੀ ਰਹੇਗਾ।

ਸ਼੍ਰੀ ਯਸ਼ੇਂਦਰ ਸਿੰਘ, ਜੋ ਮੈਡੀਕਲ ਸਿੱਖਿਆ ਅਤੇ ਖੋਜ ਵਿਭਾਗ ਦੇ ਡਾਇਰੈਕਟਰ ਅਤੇ ਵਿਸ਼ੇਸ਼ ਸਕੱਤਰ ਹਨ, ਨੂੰ ਨਗਰ ਨਿਗਮ ਫਰੀਦਾਬਾਦ ਦਾ ਕਮਿਸ਼ਨਰ ਅਤੇ ਫਰੀਦਾਬਾਦ ਸਮਾਰਟ ਸਿਟੀ ਲਿਮਟਿਡ ਦਾ ਮੁੱਖ ਕਾਰਜਕਾਰੀ ਅਧਿਕਾਰੀ ਨਿਯੁਕਤ ਕੀਤਾ ਗਿਆ ਹੈ। ਸ਼੍ਰੀ ਧੀਰੇਂਦਰ ਖੜਗਟਾ, ਜੋ ਮੌਜੂਦਾ ਸਮੇਂ ਵਿੱਚ ਨਗਰ ਨਿਗਮ ਫਰੀਦਾਬਾਦ ਦੇ ਕਮਿਸ਼ਨਰ ਅਤੇ ਫਰੀਦਾਬਾਦ ਸਮਾਰਟ ਸਿਟੀ ਲਿਮਟਿਡ ਦੇ ਮੁੱਖ ਕਾਰਜਕਾਰੀ ਅਧਿਕਾਰੀ ਹਨ, ਨੂੰ ਮੈਡੀਕਲ ਸਿੱਖਿਆ ਅਤੇ ਖੋਜ ਵਿਭਾਗ ਦਾ ਡਾਇਰੈਕਟਰ ਅਤੇ ਹਰਿਆਣਾ ਰਾਜ ਟਰਾਂਸਪੋਰਟ ਦਾ ਡਾਇਰੈਕਟਰ ਨਿਯੁਕਤ ਕੀਤਾ ਗਿਆ ਹੈ।

ਸ਼੍ਰੀ ਪ੍ਰਦੀਪ ਦਹੀਆ, ਜੋ ਮੌਜੂਦਾ ਸਮੇਂ ਵਿੱਚ ਰੋਹਤਕ ਦੇ ਡਿਪਟੀ ਕਮਿਸ਼ਨਰ (ਨਾਮਜ਼ਦ) ਹਨ, ਨੂੰ ਨਗਰ ਨਿਗਮ ਗੁਰੂਗ੍ਰਾਮ ਦਾ ਕਮਿਸ਼ਨਰ ਅਤੇ ਜ਼ਿਲ੍ਹਾ ਨਗਰ ਕਮਿਸ਼ਨਰ, ਗੁਰੂਗ੍ਰਾਮ ਨਿਯੁਕਤ ਕੀਤਾ ਗਿਆ ਹੈ। ਸ਼੍ਰੀਮਤੀ ਪ੍ਰਤਿਮਾ ਚੌਧਰੀ, ਜੋ ਪਸ਼ੂ ਪਾਲਣ ਅਤੇ ਡੇਅਰੀ ਵਿਭਾਗ ਦੀ ਵਿਸ਼ੇਸ਼ ਸਕੱਤਰ ਅਤੇ ਵਧੀਕ ਕੰਟਰੋਲਰ, ਸਿਵਲ ਡਿਫੈਂਸ, ਅੰਬਾਲਾ ਹਨ, ਨੂੰ ਹਰਿਆਣਾ ਰਾਜ ਮਹਿਲਾ ਕਮਿਸ਼ਨ ਦੀ ਮੈਂਬਰ ਸਕੱਤਰ ਅਤੇ ਹਰਿਆਣਾ ਮਹਿਲਾ ਵਿਕਾਸ ਨਿਗਮ ਦੀ ਮੈਨੇਜਿੰਗ ਡਾਇਰੈਕਟਰ ਵੀ ਲਗਾਇਆ ਗਿਆ ਹੈ।

## ਸੁਤੰਤਰਤਾ ਸੰਗਰਾਮ ਦੀਆਂ ਯਾਦਾਂ ਹੋਣਗੀਆਂ ਤਾਜ਼ਾ; 9 ਤੋਂ 17 ਅਗਸਤ ਤੱਕ ਹੋਣਗੇ ਖਾਸ ਪ੍ਰੋਗਰਾਮ

### ਹਰ ਘਰ ਤਿਰੰਗਾ ਮੁਹਿੰਮ, ਵੰਦੇ ਮਾਤਰਮ ਦੇ 150ਵੇਂ ਸਾਲ ਅਤੇ ਵੰਡ ਵਿਭੀਸ਼ਿਕਾ ਯਾਦਗਾਰੀ ਦਿਵਸ ਪ੍ਰੋਗਰਾਮਾਂ ਲਈ ਮੁੱਖ ਸਕੱਤਰ ਨੇ ਕੀਤੀਆਂ ਤਿਆਰੀਆਂ ਦੀ ਸਮੀਖਿਆ

**ਚੰਡੀਗੜ੍ਹ 8 ਅਗਸਤ**
**-ਛਤਰਪਾਲ ਸਿੰਘ-**

ਹਰਿਆਣਾ ਵਿੱਚ ਸੁਤੰਤਰਤਾ ਦਿਵਸ ਮੌਕੇ ਹਰ ਸੂਬੇਵਾਸੀ ਦੇ ਮਨ ਵਿੱਚ ਸੁਤੰਤਰਤਾ ਸੰਗਰਾਮ ਦੀਆਂ ਯਾਦਾਂ ਨੂੰ ਤਾਜ਼ਾ ਕਰਨ ਲਈ 9 ਤੋਂ 17 ਅਗਸਤ ਤੱਕ 'ਹਰ ਘਰ ਤਿਰੰਗਾ ਮੁਹਿੰਮ-2026', 'ਵੰਦੇ ਮਾਤਰਮ ਦੇ 150 ਸਾਲ ਪੂਰੇ ਹੋਣ ਦੇ ਮੌਕੇ ਉੱਤੇ' ਅਤੇ 'ਵਿਭਾਜਨ ਵਿਭੀਸ਼ਿਕਾ ਯਾਦਗਾਰੀ ਦਿਵਸ' ਨਾਲ ਜੁੜੇ ਵਿਸ਼ੇਸ਼ ਪ੍ਰੋਗਰਾਮ ਆਯੋਜਿਤ ਕੀਤੇ ਜਾਣਗੇ।



ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ 9 ਅਗਸਤ ਨੂੰ ਨਾਰਨੌਲ ਤੋਂ ਤਿਰੰਗਾ ਮੈਰਾਥਨ ਨੂੰ ਹਰੀ ਝੰਡੀ ਦਿਖਾ ਕੇ ਇਨ੍ਹਾਂ ਪ੍ਰੋਗਰਾਮਾਂ ਦਾ ਆਗਾਜ਼ ਕਰਨਗੇ। ਲਗਭਗ 10 ਕਿਲੋਮੀਟਰ ਲੰਬੀ ਇਸ ਮੈਰਾਥਨ ਵਿੱਚ ਤਕਰੀਬਨ 35 ਹਜ਼ਾਰ ਨੌਜਵਾਨ ਹੱਥਾਂ ਵਿੱਚ ਤਿਰੰਗਾ ਲੈ ਕੇ ਦੌੜ ਲਗਾਉਣਗੇ। ਭਾਗੀਦਾਰਾਂ ਨੂੰ ਲਗਭਗ 25 ਹਜ਼ਾਰ ਰਾਸ਼ਟਰੀ ਝੰਡੇ ਵੀ ਵੰਡੇ ਜਾਣਗੇ, ਤਾਂ ਜੋ ਉਹ ਮੁਹਿੰਮ ਦੌਰਾਨ ਆਪਣੇ ਘਰਾਂ ਉੱਤੇ ਤਿਰੰਗਾ ਲਹਿਰਾਉਣ ਲਈ ਪ੍ਰੇਰਿਤ ਹੋਣ।

ਰਾਜ ਸਰਕਾਰ ਨੇ ਇਸ ਮੁਹਿੰਮ ਤਹਿਤ ਚਲਾਏ ਜਾਣ ਵਾਲੇ ਪ੍ਰੋਗਰਾਮਾਂ ਦੇ ਆਯੋਜਨ ਦੀਆਂ ਤਿਆਰੀਆਂ ਨੂੰ ਅੰਤਿਮ ਰੂਪ ਦੇ ਦਿੱਤਾ ਹੈ। ਮੁੱਖ ਸਕੱਤਰ ਸ਼੍ਰੀ ਅਨੁਰਾਗ ਰਸਤੋਗੀ ਨੇ ਅੱਜ ਇਨ੍ਹਾਂ ਪ੍ਰੋਗਰਾਮਾਂ ਦੇ ਆਯੋਜਨ ਸਬੰਧੀ ਤਿਆਰੀਆਂ ਨੂੰ ਲੈ ਕੇ ਇੱਕ ਸਮੀਖਿਆ ਮੀਟਿੰਗ ਕੀਤੀ। ਮੀਟਿੰਗ ਵਿੱਚ ਪ੍ਰਸ਼ਾਸਕੀ ਸਕੱਤਰ, ਵਿਭਾਗ ਮੁਖੀ, ਸਾਰੇ ਜ਼ਿਲ੍ਹਿਆਂ ਦੇ ਡਿਪਟੀ ਕਮਿਸ਼ਨਰ ਅਤੇ ਯੂਨੀਵਰਸਿਟੀਆਂ ਦੇ ਵਾਈਸ ਚਾਂਸਲਰ ਵੀਡੀਓ ਕਾਨਫਰੰਸਿੰਗ ਦੇ ਜ਼ਰੀਏ ਜੁੜੇ।

ਸ਼੍ਰੀ ਰਸਤੋਗੀ ਨੇ ਸਾਰੇ ਜ਼ਿਲ੍ਹਾ ਪ੍ਰਸ਼ਾਸਨ ਨੂੰ ਨਿਰਦੇਸ਼ ਦਿੱਤੇ ਕਿ ਸਕੂਲਾਂ, ਕਾਲਜਾਂ, ਯੂਨੀਵਰਸਿਟੀਆਂ, ਰੈਜ਼ੀਡੈਂਟ ਵੈਲਫੇਅਰ ਐਸੋਸੀਏਸ਼ਨਾਂ, ਯੂਥ ਕਲੱਬਾਂ, ਸਮਾਜਿਕ ਸੰਸਥਾਵਾਂ, ਸਵੈ-ਸਹਾਇਤਾ ਸਮੂਹਾਂ ਅਤੇ ਸਥਾਨਕ ਭਾਈਚਾਰਿਆਂ ਦੇ ਜ਼ਰੀਏ ਵੱਧ ਤੋਂ ਵੱਧ ਜਨਤਕ ਭਾਗੀਦਾਰੀ ਯਕੀਨੀ ਬਣਾਈ ਜਾਵੇ। ਉਨ੍ਹਾਂ ਕਿਹਾ ਕਿ ਸਾਰੇ ਵਿਭਾਗ ਆਪਸੀ ਤਾਲਮੇਲ ਨਾਲ ਮਾਣਯੋਗ, ਅਨੁਸ਼ਾਸਿਤ ਅਤੇ ਜਨ-ਕੇਂਦਰਿਤ ਤਰੀਕੇ ਨਾਲ ਪ੍ਰੋਗਰਾਮਾਂ ਦਾ ਆਯੋਜਨ ਯਕੀਨੀ ਬਣਾਉਣ।

ਉਨ੍ਹਾਂ ਇਸ ਗੱਲ ਉੱਤੇ ਜ਼ੋਰ ਦਿੱਤਾ ਕਿ ਇਹ ਪ੍ਰੋਗਰਾਮ ਸਿਰਫ਼ ਰਸਮੀ ਆਯੋਜਨ ਤੱਕ ਸੀਮਤ ਨਾ ਰਹਿਣ, ਸਗੋਂ ਇਨ੍ਹਾਂ ਨੂੰ ਜਨ-ਅੰਦੋਲਨ ਦਾ ਰੂਪ ਦਿੱਤਾ ਜਾਵੇ, ਜਿਸ ਨਾਲ ਲੋਕਾਂ ਵਿੱਚ ਦੇਸ਼ ਭਗਤੀ ਦੀ ਭਾਵਨਾ ਮਜ਼ਬੂਤ ਹੋਵੇ, ਰਾਸ਼ਟਰੀ ਏਕਤਾ ਨੂੰ ਹੁਲਾਰਾ ਮਿਲੇ ਅਤੇ ਖਾਸ ਕਰਕੇ ਨੌਜਵਾਨ ਪੀੜ੍ਹੀ ਦੇਸ਼ ਦੇ ਇਤਿਹਾਸ ਅਤੇ ਲੋਕਤੰਤਰੀ ਮੁੱਲਾਂ ਨਾਲ ਜੁੜ ਸਕੇ।

ਸੂਚਨਾ, ਜਨਸੰਪਰਕ, ਭਾਸ਼ਾ ਅਤੇ ਸੱਭਿਆਚਾਰ ਵਿਭਾਗ ਦੇ ਡਾਇਰੈਕਟਰ ਜਨਰਲ ਸ਼੍ਰੀ ਕੇ. ਮਕਰੰਦ ਪਾਂਡੁਰੰਗ ਨੇ ਮੀਟਿੰਗ ਵਿੱਚ ਦੱਸਿਆ ਕਿ 'ਹਰ ਘਰ ਤਿਰੰਗਾ ਮੁਹਿੰਮ-2026' ਦਾ ਆਯੋਜਨ ਪੂਰੇ ਹਰਿਆਣਾ ਵਿੱਚ '9 ਤੋਂ 17 ਅਗਸਤ' ਤੱਕ ਕੀਤਾ ਜਾਵੇਗਾ। ਇਸ ਸਾਲ ਇਹ ਮੁਹਿੰਮ ਵੰਦੇ ਮਾਤਰਮ ਦੇ 150 ਸਾਲ ਪੂਰੇ ਹੋਣ ਨੂੰ ਸਮਰਪਿਤ ਰਹੇਗੀ। ਮੁਹਿੰਮ ਦਾ ਉਦੇਸ਼ ਰਾਸ਼ਟਰੀ ਝੰਡੇ ਪ੍ਰਤੀ ਨਾਗਰਿਕਾਂ ਦੇ ਭਾਵਨਾਤਮਕ ਜੁੜਾਅ ਨੂੰ ਮਜ਼ਬੂਤ ਕਰਨਾ ਅਤੇ ਸਰਕਾਰੀ ਵਿਭਾਗਾਂ, ਸਿੱਖਿਆ ਸੰਸਥਾਵਾਂ, ਸ਼ਹਿਰੀ ਅਤੇ ਪੇਂਡੂ ਸਥਾਨਕ, ਸਮਾਜਿਕ ਸੰਸਥਾਵਾਂ ਅਤੇ ਭਾਈਚਾਰਕ ਸਮੂਹਾਂ ਦੀ ਭਾਗੀਦਾਰੀ ਯਕੀਨੀ ਬਣਾਉਣਾ ਹੈ।

ਸ਼੍ਰੀ ਪਾਂਡੁਰੰਗ ਨੇ ਦੱਸਿਆ ਕਿ ਸੂਬੇ ਭਰ ਵਿੱਚ ਵੰਦੇ ਮਾਤਰਮ ਆਧਾਰਿਤ ਤਿਰੰਗਾ ਕਾਂਸਰਟ, ਤਿਰੰਗਾ ਅਤੇ ਵੰਦੇ ਮਾਤਰਮ ਪ੍ਰਦਰਸ਼ਨੀ, ਬਾਈਕ ਰੈਲੀ, ਸਾਈਕਲ ਰੈਲੀ, ਈ-ਬਾਈਕ ਰੈਲੀ, ਜ਼ਿਲ੍ਹਾ ਪੱਧਰੀ ਤਿਰੰਗਾ ਯਾਤਰਾਵਾਂ, ਸਰਕਾਰੀ ਇਮਾਰਤਾਂ ਉੱਤੇ ਤਿਰੰਗਾ ਲਾਈਟਿੰਗ, ਦੇਸ਼ ਭਗਤੀ ਆਧਾਰਿਤ ਰੰਗੋਲੀ, ਡਿਜੀਟਲ ਪ੍ਰਚਾਰ ਮੁਹਿੰਮ ਅਤੇ ਜ਼ਿਲ੍ਹਾ, ਬਲਾਕ ਅਤੇ ਪੰਚਾਇਤ ਪੱਧਰ ਉੱਤੇ ਪ੍ਰਦਰਸ਼ਨੀਆਂ ਆਯੋਜਿਤ ਕੀਤੀਆਂ ਜਾਣਗੀਆਂ।

ਉਨ੍ਹਾਂ ਦੱਸਿਆ ਕਿ ਲੋਕਾਂ ਦੀ ਭਾਗੀਦਾਰੀ ਵਧਾਉਣ ਲਈ ਸੂਬੇ ਭਰ ਵਿੱਚ ਵਿਸ਼ੇਸ਼ 'ਤਿਰੰਗਾ ਸੈਲਫੀ ਪੁਆਇੰਟ' ਸਥਾਪਤ ਕੀਤੇ ਜਾਣਗੇ। ਮੁਹਿੰਮ ਦੌਰਾਨ ਸਰਕਾਰੀ ਇਮਾਰਤਾਂ, ਹਸਪਤਾਲਾਂ, ਸਿੱਖਿਆ ਸੰਸਥਾਵਾਂ, ਬਜ਼ਾਰਾਂ, ਪੁੱਲਾਂ, ਚੌਰਾਹਿਆਂ ਅਤੇ ਹੋਰ ਪ੍ਰਮੁੱਖ ਜਨਤਕ ਸਥਾਨਾਂ ਨੂੰ ਰਾਸ਼ਟਰੀ ਝੰਡੇ ਦੇ ਰੰਗਾਂ ਨਾਲ ਸਜਾਇਆ ਜਾਵੇਗਾ।

ਸ਼੍ਰੀ ਪਾਂਡੁਰੰਗ ਨੇ ਡਿਪਟੀ ਕਮਿਸ਼ਨਰਾਂ ਨੂੰ ਨਿਰਦੇਸ਼ ਦਿੱਤੇ ਕਿ ਸ਼ਾਪਿੰਗ ਮਾਲਾਂ, ਰੇਲਵੇ ਸਟੇਸ਼ਨਾਂ, ਸ਼ਹਿਰਾਂ ਦੇ ਪਾਰਕਾਂ ਅਤੇ ਹੋਰ ਵੱਧ ਭੀੜ ਵਾਲੇ ਸਥਾਨਾਂ ਉੱਤੇ ਪ੍ਰਦਰਸ਼ਨੀਆਂ ਆਯੋਜਿਤ ਕੀਤੀਆਂ ਜਾਣ, ਤਾਂ ਜੋ ਵੱਧ ਤੋਂ ਵੱਧ ਲੋਕ ਰਾਸ਼ਟਰੀ ਝੰਡੇ ਦੇ ਇਤਿਹਾਸ ਅਤੇ ਵੰਦੇ ਮਾਤਰਮ ਦੀ ਮਹੱਤਤਾ ਤੋਂ ਜਾਣੂ ਹੋ ਸਕਣ।

ਮੁੱਖ ਸਕੱਤਰ ਨੇ ਅਧਿਕਾਰੀਆਂ ਨੂੰ ਮੁਹਿੰਮ ਦੇ ਸਾਰੇ ਪ੍ਰੋਗਰਾਮਾਂ ਦਾ ਫੋਟੋ ਅਤੇ ਵੀਡੀਓ ਦਸਤਾਵੇਜ਼ੀਕਰਨ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਸਾਰੇ ਜ਼ਿਲ੍ਹਿਆਂ ਨੂੰ 'ਸੈਲਫੀ ਵਿਦ ਤਿਰੰਗਾ' ਮੁਹਿੰਮ ਨੂੰ ਹੁਲਾਰਾ ਦੇਣ ਅਤੇ ਨਾਗਰਿਕਾਂ ਨੂੰ 'ਹਰ ਘਰ ਤਿਰੰਗਾ ਪੋਰਟਲ' ਉੱਤੇ ਆਪਣੀਆਂ ਤਸਵੀਰਾਂ ਅਪਲੋਡ ਕਰਨ ਲਈ ਪ੍ਰੇਰਿਤ ਕਰਨ ਲਈ ਕਿਹਾ, ਤਾਂ ਜੋ ਇਸ ਮੁਹਿੰਮ ਵਿੱਚ ਜਨਤਕ ਭਾਗੀਦਾਰੀ ਦਾ ਡਿਜੀਟਲ ਰਿਕਾਰਡ ਤਿਆਰ ਹੋ ਸਕੇ। ਉਨ੍ਹਾਂ ਨਿਰਦੇਸ਼ ਦਿੱਤੇ ਕਿ ਸਾਰੇ ਪ੍ਰੋਗਰਾਮਾਂ ਦੌਰਾਨ 'ਭਾਰਤ ਦੀ ਝੰਡਾ ਸੰਹਿਤਾ' ਦੀ ਪਾਲਣਾ ਯਕੀਨੀ ਬਣਾਈ ਜਾਵੇ।

ਮੁੱਖ ਸਕੱਤਰ ਨੇ 14 ਅਗਸਤ ਨੂੰ ਮਨਾਏ ਜਾਣ ਵਾਲੇ 'ਵੰਡ ਵਿਭੀਸ਼ਿਕਾ ਯਾਦਗਾਰੀ ਦਿਵਸ' ਦੀਆਂ ਤਿਆਰੀਆਂ ਦੀ ਸਮੀਖਿਆ ਕਰਦਿਆਂ ਕਿਹਾ ਕਿ ਇਹ ਆਯੋਜਨ ਸਿਰਫ਼ ਵੰਡ ਦੌਰਾਨ ਪ੍ਰਭਾਵਿਤ ਹੋਏ ਲੱਖਾਂ ਲੋਕਾਂ ਨੂੰ ਸ਼ਰਧਾਂਜਲੀ ਦੇਣ ਤੱਕ ਸੀਮਤ ਨਹੀਂ ਹੋਣਾ ਚਾਹੀਦਾ, ਸਗੋਂ ਉਨ੍ਹਾਂ ਦੀਆਂ ਕਹਾਣੀਆਂ ਨੂੰ ਆਉਣ ਵਾਲੀਆਂ ਪੀੜ੍ਹੀਆਂ ਤੱਕ ਪਹੁੰਚਾਉਣ ਦਾ ਸਾਧਨ ਵੀ ਬਣਨਾ ਚਾਹੀਦਾ ਹੈ।

ਸ਼੍ਰੀ ਕੇ.ਐਮ. ਪਾਂਡੁਰੰਗ ਨੇ ਦੱਸਿਆ ਕਿ ਸਾਰੇ ਜ਼ਿਲ੍ਹਿਆਂ ਵਿੱਚ ਯਾਦਗਾਰੀ ਪ੍ਰੋਗਰਾਮ ਆਯੋਜਿਤ ਕੀਤੇ ਜਾਣਗੇ, ਜਦੋਂ ਕਿ ਰਾਜ ਪੱਧਰੀ ਪ੍ਰੋਗਰਾਮ ਗੁਰੂਗ੍ਰਾਮ ਵਿੱਚ ਹੋਵੇਗਾ। ਪ੍ਰੋਗਰਾਮ ਵਿੱਚ ਪ੍ਰਦਰਸ਼ਨੀ, ਦਸਤਾਵੇਜ਼ੀ ਪ੍ਰਦਰਸ਼ਨ, ਸੱਭਿਆਚਾਰਕ ਪ੍ਰੋਗਰਾਮ, ਵੰਡ ਪ੍ਰਭਾਵਿਤ ਪਰਿਵਾਰਾਂ ਦੀਆਂ ਕਹਾਣੀਆਂ ਦਾ ਪੇਸ਼ਕਾਰੀ ਅਤੇ ਹੋਰ ਗਤੀਵਿਧੀਆਂ ਆਯੋਜਿਤ ਕੀਤੀਆਂ ਜਾਣਗੀਆਂ।

ਉੱਚ ਸਿੱਖਿਆ ਵਿਭਾਗ ਦੇ ਡਾਇਰੈਕਟਰ ਜਨਰਲ ਐਸ. ਨਾਰਾਇਣਨ ਨੇ ਮੀਟਿੰਗ ਵਿੱਚ ਦੱਸਿਆ ਕਿ ਸਕੂਲ, ਕਾਲਜ ਅਤੇ ਯੂਨੀਵਰਸਿਟੀ ਇਨ੍ਹਾਂ ਪ੍ਰੋਗਰਾਮਾਂ ਵਿੱਚ ਜਨਤਕ ਭਾਗੀਦਾਰੀ ਯਕੀਨੀ ਬਣਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਣਗੇ।


Designer & Customized
WEDDING
CARDS & BOXES
Shagun Envelopes & Saha Chithi
More Than 500 Designs
of Wedding Cards & Boxes
More info Call us or Whatsapp:
+91-988881 88887, 988882 88887
weddingsea@gmail.com




SEA DESIGN COMPANY

HOTEL SEA
SHAHEED-E-AZAM
24x7 SERVICES
AC ROOMS
RESTAURANT
BREAKFAST, LUNCH, DINNER
CONTACT
9988844709, 0175-5014275
SCO-4, Chowk Dukhniwaran Sahib,
Sirhind Road, Patiala (Pb.) INDIA



Super Delicious
Menue